People's Herald

Rs- 100/month

People's Herald



# "ਇਕੁਐਲਿਟੀ ਐਂਡ ਜਸਟਿਸ"



https://www.facebook.com/profile.php?id=161037521061610

"Equality and Justice"

स्वतंत्रता, समानता, भाईचारा

PATIALA On line paper 18 ਅਪਰੈਲ 2025 ਸ਼ੁੱਕਰਵਾਰ "ਰੋਜ਼ਾਨਾ" ਸਾਲ ਚੌਥਾ w.e.f. 15 August 2022 ਪਟਿਆਲਾ

ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ



(Google pay- 91-9780634849) HARDIP SINGH STATE BANK OF INDIA ACCT NO-10566643658 . IFSC- SBIN0050773

## ਸਿਧਾਰਥ ਗੌਤਮ ਬੁੱਧ ਦੇ ਧਮ ਦੇ ਸਿਧਾਂਤ ਸਭ ਲਈ ਸੁੱਖ, ਸ਼ਾਂਤੀ ਅਤੇ ਵਿਕਾਸ ਦੇ ਮਾਰਗ ਦੀਆਂ ਔਕੜਾਂ ਨੂੰ ਸਾਫ ਕਰ ਦਿੰਦੇ ਹਨ, ਇਹ ਸਿਧਾਂਤ ਵਿਸ਼ਵ ਸ਼ਾਂਤੀ ਸਥਾਪਿਤ ਕਰ ਸਕਦੇ ਹਨ



**"ਇਕੁਐਲਿਟੀ ਐਂਡ ਜਸਟਿਸ" ਪਟਿਆਲਾ** -ਸਿਧਾਰਥ ਗੌਤਮ ਬੁੱਧ ਦੇ ਦਿੱਤੇ ਇਹ ਬੁਨਿਆਦੀ ਸਿਧਾਂਤ ਸਮੁੱਚੇ ਸੰਸਾਰ ਵਿੱਚ ਸੁੱਖ, ਸਾਂਤੀ ਅਤੇ ਵਿਕਾਸ ਦੇ ਮਾਰਗ ਰਾਹ ਸਾਫ ਕਰ ਦਿੰਦੇ ਹਨ। ਮੁੱਢਲੇ ਪੰਜ 'ਪੰਚਸ਼ੀਲ' ਸਿਧਾਂਤ ਹੇਠਾਂ ਦਿੱਤੇ ਗਏ ਹਨ ਨੂੰ ਅਪਣਾ ਕੇ ਹਰ ਮਨੁੱਖ ਦੇ 'ਮਨ ਦੀ ਸਮਾਧੀ' ਲੱਗ ਜਾਣੀ ਚਾਹੀਦੀ ਹੈ:

1. ਆਹਿੰਸਾ- ਕਿਸੇ ਨੂੰ ਸਰੀਰਕ ਨੁਕਸਾਨ ਨਾਂ ਪਹੁੰਚਾਉਣਾ, ਹਰ ਇਕ ਜੀਵਨ ਦਾ ਸਤਿਕਾਰ ਕਰਨਾ
2. ਚੋਰੀ ਨਹੀਂ ਕਰਨਾ- ਦੂਸਰਿਆਂ ਦੀ ਜਾਇਦਾਦ ਅਧਿਕਾਰ ਦੀ ਕਦਰ ਕਰਨਾ
3. ਵਿਬਚਾਰ ਨਾਂ ਕਰਨਾ- ਕੋਈ ਜਿਨਸੀ ਦੁਰਵਿਹਾਰ ਜਾਂ ਅਪਰਾਧ ਨਾਂ ਕਰਨਾ
4. ਝੂਠ ਨਹੀਂ ਬੋਲਣਾ- ਆਪਣੇ ਆਚਾਰ,ਵਿਚਾਰ, ਵਿਵਹਾਰ ਵਿੱਚ ਇਮਾਨਦਾਰੀ ਬਣੇ ਰਹਿਣਾ
5. ਨਸ਼ਾ ਨਹੀਂ ਕਰਨਾ- ਕੋਈ ਨਸ਼ਾ ਨਹੀਂ ਕਰਨਾ, ਮਨ ਦਾ ਦਸ਼ਾ ਦਿਸ਼ਾ ਵਿਗਾੜ ਦੇ ਸਾਧਨਾਂ ਤੋਂ ਦੂਰੀ, ਮਨ ਸੁੱਧ ਰਖਣਾ ਅਤੇ ਸਾਫ਼ ਮਨ ਦਾ ਸਤਿਕਾਰ ਕਰਨਾ

## ਧਨਖੜ ਵੱਲੋਂ ਜੱਜ ਦੇ ਘਰੋਂ ਨਗ਼ਦੀ ਮਿਲਣ ਦੇ ਮਾਮਲੇ 'ਚ ਐੱਫਆਈਆਰ ਦਰਜ ਨਾ ਕਰਨ ਦਾ ਨੋਟਿਸ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com

ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕੁਝ ਦਿਨ ਪਹਿਲਾਂ ਹਾਈ ਕੋਰਟ ਦੇ ਇੱਕ ਜੱਜ ਦੀ ਰਿਹਾਇਸ਼ ਤੋਂ ਜਲੀ ਹੋਈ ਨਗ਼ਦੀ ਦੇ ਬੰਡਲ ਮਿਲਣ ਦੇ ਮਾਮਲੇ 'ਚ ਹਾਲੇ ਤੱਕ ਐੱਫਆਈਆਰ ਦਰਜ ਨਾ ਕੀਤੇ ਜਾਣ 'ਤੇ ਸੁਆਲ ਕਰਦਿਆਂ ਹੈਰਾਨੀ ਪ੍ਰਗਟਾਈ ਕਿ ਕਿਤੇ 'ਕਾਨੂੰਨ ਤੋਂ ਪਾਰ ਕਿਸੇ ਸ਼੍ਰੇਣੀ' ਤਹਿਤ ਸਬੰਧਤ ਜੱਜ ਨੂੰ ਕਾਰਵਾਈ ਤੋਂ ਸੁਰੱਖਿਆ ਤਾਂ ਨਹੀਂ ਮਿਲੀ ਹੋਈ? ਸੁਪਰੀਮ ਕੋਰਟ ਨੇ ਇਸ ਮਾਮਲੇ 'ਚ ਹਾਊਸ ਜਾਂਚ ਦੇ ਹੁਕਮ ਦਿੱਤੇ ਸਨ। ਜਸਟਿਸ ਯਸ਼ਵੰਤ ਵਰਮਾ ਦਾ ਦਿੱਲੀ ਹਾਈ ਕੋਰਟ ਤੋਂ ਅਲਾਹਾਬਾਦ ਹਾਈ ਕੋਰਟ ਤਬਾਦਲਾ ਕਰ ਦਿੱਤਾ ਗਿਆ



ਹੈ।

## ਸਾਬਕਾ ਰਾਅ ਮੁਖੀ ਨੇ ਫਾਰੂਕ ਅਬਦੁੱਲਾ ਬਾਰੇ ਛਪੀਆਂ ਖਬਰਾਂ ਨੂੰ ਗਲਤ ਦੱਸਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com

ਰਾਅ ਦੇ ਸਾਬਕਾ ਮੁਖੀ ਏ ਐਸ ਦੁੱਲਤ ਨੇ ਅੱਜ ਉਨ੍ਹਾਂ ਮੀਡੀਆ ਰਿਪੋਰਟਾਂ ਨੂੰ ਖਾਰਜ ਕਰ ਦਿੱਤਾ ਜਿਨ੍ਹਾਂ ਵਿਚ ਕਿਹਾ ਗਿਆ ਸੀ ਕਿ ਜੰਮੂ-ਕਸ਼ਮੀਰ ਦੇ ਸਾਬਕਾ ਮੁੱਖ ਮੰਤਰੀ ਫਾਰੂਕ ਅਬਦੁੱਲਾ ਨੇ ਨਿੱਜੀ ਤੌਰ 'ਤੇ ਸੁਝਾਅ ਦਿੱਤਾ ਸੀ ਕਿ ਜੇਕਰ ਉਨ੍ਹਾਂ ਨੂੰ ਭਰੋਸੇ ਵਿੱਚ ਲਿਆ ਜਾਂਦਾ ਤਾਂ ਉਹ 2019 ਵਿੱਚ ਸੰਵਿਧਾਨ ਦੀ ਧਾਰਾ 370 ਨੂੰ ਰੱਦ ਕਰਨ ਵਿੱਚ ਮਦਦ ਕਰਦੇ।

ਖੁਫੀਆ ਏਜੰਸੀ ਰਿਸਰਚ ਐਂਡ ਐਨਾਲਸਿਸ ਵਿੰਗ (ਰਾਅ) ਦੇ ਸਾਬਕਾ ਮੁਖੀ ਨੇ ਕਿਹਾ ਕਿ ਨਾ ਤਾਂ ਨੈਸ਼ਨਲ ਕਾਨਫਰੰਸ (ਐਨਸੀ) ਦੇ ਮੁਖੀ ਨੇ ਕਦੇ ਅਜਿਹਾ ਕਿਹਾ ਹੈ ਅਤੇ ਨਾ ਹੀ ਉਨ੍ਹਾਂ ਨੇ ਆਪਣੀ ਆਉਣ ਵਾਲੀ ਕਿਤਾਬ ਵਿੱਚ ਇਹ ਕਿਹਾ ਹੈ। ਇਹ ਵਿਵਾਦ ਸ਼ੁੱਕਰਵਾਰ ਨੂੰ ਰਿਲੀਜ਼ ਹੋਣ ਵਾਲੀ 'ਦਿ ਚੀਫ ਮਨਿਸਟਰ ਐਂਡ ਦਿ ਸਪਾਈ' ਸਿਰਲੇਖ ਵਾਲੀ ਦੁਲਤ ਦੀ ਨਵੀਂ ਕਿਤਾਬ ਤੋਂ ਪੈਦਾ ਹੋਇਆ ਹੈ। ਰਾਅ ਦੇ ਸਾਬਕਾ ਮੁਖੀ ਨੇ ਕਿਹਾ, 'ਕੀ ਉਸ ਨੇ ਕਦੇ ਅਜਿਹਾ ਕਿਹਾ ਹੈ? ਕੀ ਮੈਂ ਕਦੇ ਇਹ ਕਿਹਾ ਹੈ? ਇਹ ਬਿਲਕੁਲ ਬਕਵਾਸ ਹੈ।' ਇਹ ਟਿੱਪਣੀ ਦੁੱਲਤ ਨੇ ਨਿਊਜ਼ ਏਜੰਸੀ ਨਾਲ ਗੱਲਬਾਤ ਕਰਦਿਆਂ ਕੀਤੀ।

ਉਨ੍ਹਾਂ ਕਿਹਾ, "ਕੁਝ ਅਖਬਾਰਾਂ ਨੇ ਇਸ ਨੂੰ ਚੁੱਕਿਆ ਅਤੇ ਇਸ ਨੂੰ ਵੱਡਾ ਮੁੱਦਾ ਬਣਾਇਆ ਅਤੇ ਹੁਣ ਇਹ ਮੁੱਦਾ ਕਸ਼ਮੀਰ 'ਚ ਵੀ ਭਖ ਗਿਆ ਹੈ।

ਆਪਣੀ ਕਿਤਾਬ ਤੋਂ ਧਾਰਾ 370 ਦੇ ਮੁੱਦੇ 'ਤੇ ਪੈਦਾ ਹੋਏ ਵਿਵਾਦ ਬਾਰੇ ਪੁੱਛੇ ਜਾਣ 'ਤੇ ਉਨ੍ਹਾਂ ਕਿਹਾ ਕਿ ਅਬਦੁੱਲਾ ਨੇ ਉਨ੍ਹਾਂ ਨੂੰ ਕਿਹਾ ਕਿ ਦਿੱਲੀ ਨੂੰ ਉਸ ਨਾਲ ਸਲਾਹ ਕਰਨੀ ਚਾਹੀਦੀ ਸੀ। ਐਨਸੀ ਮੁਖੀ ਨੇ ਕਿਹਾ ਸੀ ਕਿ ਇਸ ਸਬੰਧੀ ਕੇਂਦਰ ਨੂੰ ਜੰਮੂ ਅਤੇ ਕਸ਼ਮੀਰ ਦੀ ਸਿਆਸੀ ਲੀਡਰਸ਼ਿਪ ਨੂੰ ਭਰੋਸੇ ਵਿਚ ਲੈਣਾ ਚਾਹੀਦਾ ਸੀ।

ਜ਼ਿਕਰਯੋਗ ਹੈ ਕਿ ਮੀਡੀਆ ਰਿਪੋਰਟਾਂ ਵਿਚ ਪਹਿਲਾਂ ਕਿਹਾ ਗਿਆ ਸੀ ਕਿ ਦੁੱਲਤ ਨੇ ਕਿਤਾਬ 'ਚ ਦਾਅਵਾ ਕੀਤਾ ਕਿ ਜੰਮੂ-ਕਸ਼ਮੀਰ ਦੇ ਸਾਬਕਾ ਮੁੱਖ ਮੰਤਰੀ ਫਾਰੂਕ ਅਬਦੁੱਲਾ ਨੇ ਜੰਮੂ-ਕਸ਼ਮੀਰ



'ਚੋਂ ਧਾਰਾ 370 ਨੂੰ ਮਨਸੂਖ ਕਰਨ ਦੀ "ਨਿੱਜੀ ਤੌਰ 'ਤੇ ਹਮਾਇਤ" ਕੀਤੀ ਸੀ। ਜਦਕਿ ਫਾਰੂਕ ਅਬਦੁੱਲਾ ਨੇ ਦੁੱਲਤ ਦੇ ਦਾਅਵੇ ਨੂੰ ਖਾਰਜ ਕਰਦਿਆਂ ਇਸ ਨੂੰ ਕਿਤਾਬ ਦੀ ਵਿਕਰੀ ਵਧਾਉਣ ਵਾਲਾ 'ਹੱਥਕੰਡਾ' ਕਰਾਰ ਦਿੱਤਾ ਸੀ। ਐਨਸੀ ਮੁਖੀ ਅਬਦੁੱਲਾ ਨੇ ਕਿਹਾ ਸੀ ਕਿ ਇਹ ਲੇਖਕ ਦੀ ਮਹਿਜ਼ ਇੱਕ 'ਕਲਪਨਾ' ਹੈ।

## ਖਾਲਿਸਤਾਨੀ ਅੱਤਵਾਦੀ ਪੰਨੂ ਨੇ ਦਿੱਤਾ ਬਾਜਵਾ ਦਾ ਸਾਥ

### ਅੱਤਵਾਦੀ ਪੰਨੂ ਨੇ ਕਾਂਗਰਸੀ ਨੇਤਾ ਦੇ ਬਿਆਨ ਦਾ ਕੀਤਾ ਸਮਰਥਨ, ਆਮ ਆਦਮੀ ਪਾਰਟੀ ਨੇ ਪੁੱਛਿਆ 'ਯੇ ਰਿਸ਼ਤਾ ਕਯਾ ਕਿਹਲਾਤਾ ਹੈ'

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਵਿਰੋਧੀ ਧਿਰ ਦੇ ਨੇਤਾ (ਐਲਓਪੀ) ਪ੍ਰਤਾਪ ਬਾਜਵਾ ਦੀ ਪੰਜਾਬ ਦੀ ਸ਼ਾਂਤੀ ਨੂੰ ਖ਼ਤਰੇ ਵਿੱਚ ਪਾਉਣ ਵਾਲੇ ਅਤੇ ਸੂਬੇ ਵਿੱਚ ਵਿਰੋਧੀਆਂ ਦੇ ਏਜੰਡੇ ਨਾਲ ਮੇਲ ਖਾਂਦੇ ਲਾਪਰਵਾਹੀ ਵਾਲੇ ਬਿਆਨ ਦੇਣ ਲਈ ਤਿੱਖੀ ਆਲੋਚਨਾ ਕੀਤੀ ਹੈ। ਉਨ੍ਹਾਂ ਕਾਂਗਰਸ ਪਾਰਟੀ ਅਤੇ ਭਾਜਪਾ 'ਤੇ ਇਨ੍ਹਾਂ ਭੜਕਾਊ ਟਿੱਪਣੀਆਂ, ਖ਼ਾਸ ਕਰਕੇ ਗੁਰਪਤਵੰਤ ਪੰਨੂ ਵਰਗੇ ਲੋਕਾਂ ਵੱਲੋਂ ਕੀਤੀ ਟਿੱਪਣੀਆਂ 'ਤੇ ਆਪਣੀ ਸਥਿਤੀ ਸਪੱਸ਼ਟ ਕਰਨ ਵਿੱਚ ਅਸਫਲ ਰਹਿਣ ਦਾ ਵੀ ਦੋਸ਼ ਲਗਾਇਆ।

ਵੀਰਵਾਰ ਨੂੰ ਚੰਡੀਗੜ੍ਹ ਦਫ਼ਤਰ ਵਿਖੇ ਸੀਨੀਅਰ ਬੁਲਾਰਾ ਨੀਲ ਗਰਗ ਨਾਲ ਪ੍ਰੈੱਸ ਕਾਨਫ਼ਰੰਸ ਨੂੰ ਸੰਬੋਧਨ ਕਰਦਿਆਂ ਅਰੋੜਾ ਨੇ ਕਿਹਾ ਕਿ ਕੁਝ ਰਾਜਨੀਤਿਕ ਨੇਤਾ (ਪ੍ਰਤਾਪ ਬਾਜਵਾ ਦਾ ਹਵਾਲਾ ਦਿੰਦੇ ਹੋਏ), ਆਪਣੀ ਘੱਟ ਰਹੀ ਰਾਜਨੀਤਿਕ ਸਾਖ ਨੂੰ ਮੁੜ ਸੁਰਜੀਤ ਕਰਨ ਲਈ ਬੇਤਾਬ ਹਨ। ਇਸ ਲਈ ਉਹ ਅਜਿਹੇ ਲਾਪਰਵਾਹੀ ਅਤੇ ਖ਼ਤਰਨਾਕ ਬਿਆਨਾਂ ਦਾ ਸਹਾਰਾ ਲੈ ਰਹੇ ਹਨ। ਇਹ ਸਿਆਸਤਦਾਨ, ਲੋਕਾਂ ਦੇ ਅਸਲ ਮੁੱਦਿਆਂ ਨੂੰ ਹੱਲ ਕਰਨ ਦੀ ਬਜਾਏ, ਆਪਣੇ ਰਾਜਨੀਤਿਕ ਏਜੰਡਿਆਂ ਨੂੰ ਅੱਗੇ ਵਧਾਉਣ ਲਈ ਬੇਬੁਨਿਆਦ ਬਿਆਨਬਾਜ਼ੀ ਵਿੱਚ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਅਜਿਹੀਆਂ ਕਾਰਵਾਈਆਂ ਨਾ ਸਿਰਫ਼ ਰਾਜ ਦੀ ਸੁਰੱਖਿਆ ਨੂੰ ਕਮਜ਼ੋਰ ਕਰਦੀਆਂ ਹਨ ਬਲਕਿ ਲੋਕਾਂ ਵਿੱਚ ਡਰ ਅਤੇ ਦਹਿਸ਼ਤ ਵੀ ਪੈਦਾ ਕਰਦੀਆਂ



ਹਨ।

ਅਰੋੜਾ ਨੇ ਪ੍ਰਤਾਪ ਬਾਜਵਾ ਦੇ ਪੰਜਾਬ ਵਿੱਚ ਕਥਿਤ ਤੌਰ 'ਤੇ ਦਾਖਲ ਹੋਣ ਵਾਲੇ ਗ੍ਰਨੇਡਾਂ ਸੰਬੰਧੀ ਉਨ੍ਹਾਂ ਦੇ ਬਿਆਨਾਂ ਦੀ ਆਲੋਚਨਾ ਕੀਤੀ, ਜਿਸ ਦਾ ਉਨ੍ਹਾਂ ਨੇ ਪਹਿਲਾਂ ਇੱਕ ਮੀਡੀਆ ਇੰਟਰਵਿਊ ਵਿੱਚ ਦਾਅਵਾ ਕੀਤਾ ਸੀ। ਬਾਜਵਾ ਨੇ ਇਨ੍ਹਾਂ ਦਾਅਵਿਆਂ ਨੂੰ ਖ਼ੁਫ਼ੀਆ ਰਿਪੋਰਟਾਂ ਨਾਲ ਜੋੜਿਆ ਸੀ ਅਤੇ ਇਹ ਦਾਅਵਾ ਕੀਤਾ ਸੀ ਕਿ ਉਨ੍ਹਾਂ ਦੇ ਸਰੋਤ ਭਰੋਸੇਯੋਗ ਸਨ, ਹਾਲਾਂਕਿ ਉਨ੍ਹਾਂ ਨੇ ਬਾਅਦ ਵਿੱਚ ਮੰਨਿਆ ਕਿ ਉਨ੍ਹਾਂ ਨੂੰ ਇਹ ਜਾਣਕਾਰੀ ਇੱਕ ਅਖ਼ਬਾਰ ਦੀ ਰਿਪੋਰਟ ਤੋਂ ਪੱਤਾ ਲੱਗੀ ਸੀ। ਅਰੋੜਾ ਨੇ ਕਿਹਾ, "ਜੇਕਰ ਬਾਜਵਾ ਨੇ ਸਿਰਫ਼ ਇਹ ਸਵੀਕਾਰ ਕਰ ਲਿਆ ਹੁੰਦਾ ਕਿ ਉਨ੍ਹਾਂ ਦਾ ਸਰੋਤ 'ਦੈਨਿਕ ਭਾਸਕਰ' ਦਾ ਇੱਕ ਖ਼ਬਰ ਲੇਖ ਸੀ, ਤਾਂ ਸਥਿਤੀ ਉੱਥੇ ਹੀ ਖ਼ਤਮ ਹੋ ਜਾਂਦੀ। ਪਰ ਉਨ੍ਹਾਂ ਨੇ ਸਨਸਨੀਖ਼ੇਜ਼ ਦਾਅਵੇ ਕਰਨ ਅਤੇ ਡਰ ਫੈਲਾਉਣ ਨੂੰ ਚੁਣਿਆ।"

ਅਰੋੜਾ ਨੇ ਨਿਰਾਸ਼ਾ ਪ੍ਰਗਟ ਕਰਦਿਆਂ ਕਿਹਾ ਕਿ ਇੱਕ ਤਜਰਬੇਕਾਰ ਸਿਆਸਤਦਾਨ ਹੋਣ ਦੇ ਬਾਵਜੂਦ, ਬਾਜਵਾ ਜ਼ਿੰਮੇਵਾਰੀ ਨਾਲ ਕੰਮ ਕਰਨ ਵਿੱਚ ਅਸਫਲ ਰਹੇ ਅਤੇ ਉਨ੍ਹਾਂ ਨੇ ਰਾਜ ਦੀ ਏਜੰਸੀਆਂ ਵਿੱਚ ਜਨਤਾ ਦੇ ਵਿਸ਼ਵਾਸ ਨੂੰ ਕਮਜ਼ੋਰ ਕੀਤਾ। "ਬਾਜਵਾ ਦੀਆਂ ਟਿੱਪਣੀਆਂ ਨੇ ਡਰ ਅਤੇ ਭੰਬਲਭੂਸਾ ਪੈਦਾ ਕੀਤਾ ਹੈ। ਉਨ੍ਹਾਂ ਨੇ ਹਾਈ ਕੋਰਟ ਵੱਲੋਂ ਬਾਜਵਾ ਨੂੰ ਪੰਜਾਬ ਪੁਲਿਸ ਨਾਲ ਸਹਿਯੋਗ ਕਰਨ ਅਤੇ ਹੋਰ ਭੜਕਾਊ ਬਿਆਨ ਦੇਣ ਤੋਂ ਬਚਣ ਦੇ ਨਿਰਦੇਸ਼ਾਂ 'ਤੇ ਵੀ ਚਾਨਣਾ ਪਾਇਆ।

ਅਮਨ ਅਰੋੜਾ ਨੇ ਇਸ ਤੱਥ ਦੀ ਵੀ ਨਿੰਦਾ ਕੀਤੀ ਕਿ ਗੁਰਪਤਵੰਤ ਪੰਨੂ ਵਰਗੇ ਕੱਟੜਪੰਥੀ ਤੱਤਾਂ ਨੇ ਬਾਜਵਾ ਦੀਆਂ ਟਿੱਪਣੀਆਂ ਨੂੰ ਆਪਣੇ ਦੇਸ਼ ਵਿਰੋਧੀ ਬਿਆਨਬਾਜ਼ੀ ਨੂੰ ਜਾਇਜ਼ ਠਹਿਰਾਉਣ ਲਈ ਵਰਤਿਆ ਸੀ। ਅਰੋੜਾ ਨੇ ਦੱਸਿਆ ਕਿ ਪੰਨੂ, ਜਿਸ ਨੇ ਪਹਿਲਾਂ ਪੰਜਾਬ ਵਿੱਚ ਡਾ. ਬੀ.ਆਰ. ਅੰਬੇਡਕਰ ਦੇ ਬੁੱਤਾਂ ਨੂੰ ਢਹਿ-ਢੇਰੀ ਕਰਨ ਦੀ ਧਮਕੀ ਦਿੱਤੀ ਸੀ, ਹੁਣ ਬਾਜਵਾ ਦੇ ਦਾਅਵਿਆਂ ਨੂੰ ਦੁਹਰਾ ਰਿਹਾ ਹੈ। ਅਰੋੜਾ ਨੇ ਕਿਹਾ " ਬਾਜਵਾ ਵਰਗੇ ਆਗੂ ਅਜਿਹੇ ਬਿਆਨ ਦੇ ਕੇ ਪੰਨੂ ਵਰਗੀਆਂ ਦੇਸ਼ ਵਿਰੋਧੀ ਤਾਕਤਾਂ ਦਾ ਹੌਸਲਾ ਵਧਾਉਂਦਿਆਂ ਹੈ, ਜੋ ਫਿਰ ਆਪਣੇ ਫੁੱਟ ਪਾਊ ਏਜੰਡੇ ਨੂੰ ਅੱਗੇ ਵਧਾਉਣ ਲਈ ਮੌਕੇ ਦੀ ਵਰਤੋਂ ਕਰਦੇ ਹਨ,"।

ਅਰੋੜਾ ਨੇ ਕਾਂਗਰਸ ਅਤੇ ਭਾਜਪਾ ਦੋਵਾਂ ਨੂੰ ਸਖ਼ਤ ਚੁਣੌਤੀ ਦਿੱਤੀ ਅਤੇ ਮੰਗ ਕੀਤੀ ਕਿ ਉਹ ਇਸ ਮੁੱਦੇ 'ਤੇ ਆਪਣੇ ਸਟੈਂਡ ਸਪੱਸ਼ਟ ਕਰਨ। ਉਨ੍ਹਾਂ ਕਿਹਾ, "ਕਾਂਗਰਸ ਨੂੰ ਇਹ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਕੀ ਉਹ ਬਾਜਵਾ ਦੀਆਂ ਖ਼ਤਰਨਾਕ ਟਿੱਪਣੀਆਂ ਅਤੇ ਗੁਰਪਤਵੰਤ ਪੰਨੂ ਵੱਲੋਂ ਦਿੱਤੇ ਸਮਰਥਨ ਨਾਲ ਖੜ੍ਹੇ ਹਨ। ਉਨ੍ਹਾਂ ਮੰਗ ਕੀਤੀ ਕਿ ਭਾਜਪਾ ਨੂੰ ਉਨ੍ਹਾਂ ਲੋਕਾਂ ਵਿਰੁੱਧ ਕਾਰਵਾਈ ਕਰਨੀ ਚਾਹੀਦੀ ਹੈ ਜੋ ਦੇਸ਼ ਦੀ ਸ਼ਾਂਤੀ ਅਤੇ ਸਥਿਰਤਾ ਵਿਰੁੱਧ ਸਰਗਰਮੀ ਨਾਲ ਕੰਮ ਕਰ ਰਹੇ ਹਨ।"

ਉਨ੍ਹਾਂ ਨੇ ਗੁਰਪਤਵੰਤ ਪੰਨੂ ਦੀਆਂ ਕਾਰਵਾਈਆਂ ਬਾਰੇ ਭਾਰਤ ਸਰਕਾਰ, ਖ਼ਾਸ ਕਰਕੇ ਨਰਿੰਦਰ ਮੋਦੀ, ਜੋ ਡੋਨਾਲਡ ਟਰੰਪ ਦਾ ਦੋਸਤ ਹੋਣ ਦਾ ਦਾਅਵਾ ਕਰਦੇ ਹਨ, ਦੀ ਚੁੱਪੀ 'ਤੇ ਵੀ ਚਿੰਤਾ ਪ੍ਰਗਟ ਕੀਤੀ। ਗੁਰਪਤਵੰਤ ਪੰਨੂ ਅਮਰੀਕਾ ਵਿੱਚ ਰਹਿੰਦਾ ਹੈ ਅਤੇ ਪੰਜਾਬ ਦੇ ਲੋਕਾਂ ਵਿਰੁੱਧ ਹਿੰਸਾ ਭੜਕਾਉਂਦਾ ਰਹਿੰਦਾ ਹੈ। ਅਰੋੜਾ ਨੇ ਪੁੱਛਿਆ, "ਭਾਰਤ ਸਰਕਾਰ ਨੇ ਇਹ ਮੁੱਦਾ ਅਮਰੀਕੀ ਅਧਿਕਾਰੀਆਂ ਕੋਲ ਕਿਉਂ ਨਹੀਂ ਉਠਾਇਆ? ਪੰਨੂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਉਣ ਲਈ ਕੋਈ ਕੂਟਨੀਤਕ ਦਬਾਅ ਕਿਉਂ ਨਹੀਂ ਪਾਇਆ ਗਿਆ?"

ਅਰੋੜਾ ਨੇ ਸਾਰੇ ਰਾਜਨੀਤਿਕ ਆਗੂਆਂ ਨੂੰ ਅਪੀਲ ਕੀਤੀ, ਭਾਵੇਂ ਉਹ ਕਿਸੇ ਵੀ ਪਾਰਟੀ ਨਾਲ ਸਬੰਧਿਤ ਹੋਣ, ਉਨ੍ਹਾਂ ਨੂੰ ਬੇਬੁਨਿਆਦ ਬਿਆਨ ਦੇਣ ਤੋਂ ਪਰਹੇਜ਼ ਕਰਨਾ ਚਾਹੀਦਾ ਹੈ, ਜੋ ਪੰਜਾਬ ਦੀ ਸਦਭਾਵਨਾ ਨੂੰ ਨੁਕਸਾਨ ਪਹੁੰਚਾ ਸਕਦੇ ਹਨ। ਅਰੋੜਾ ਨੇ ਜ਼ੋਰ ਦੇ ਕੇ ਕਿਹਾ, "ਸਾਨੂੰ ਇਸ ਵਿਨਾਸ਼ਕਾਰੀ ਬਿਆਨਬਾਜ਼ੀ ਨੂੰ ਰੋਕਣ ਦੀ ਲੋੜ ਹੈ ਜੋ ਸਿਰਫ ਸਾਡੇ ਦੁਸ਼ਮਣਾਂ ਦੇ ਹਿੱਤਾਂ ਦੀ ਪੂਰਤੀ ਕਰਦੀ ਹੈ। ਪੰਜਾਬ ਦੀ ਸ਼ਾਂਤੀ, ਏਕਤਾ ਅਤੇ ਤਰੱਕੀ ਕਿਸੇ ਵੀ ਨਿੱਜੀ ਜਾਂ ਰਾਜਨੀਤਿਕ ਏਜੰਡੇ ਤੋਂ ਪਹਿਲਾਂ ਹੋਣੀ ਚਾਹੀਦੀ ਹੈ।"

ਉਨ੍ਹਾਂ ਨੇ ਪੰਜਾਬ ਦੇ ਲੋਕਾਂ ਵਿੱਚ ਆਪਣੇ ਮਜ਼ਬੂਤ ਵਿਸ਼ਵਾਸ ਨੂੰ ਦੁਹਰਾਉਂਦੇ ਹੋਏ ਕਿਹਾ, "ਪੰਜਾਬ ਦੇ ਲੋਕ ਡਰ ਪੈਦਾ ਕਰਨ ਜਾਂ ਵੰਡਣ ਵਾਲੀ ਰਾਜਨੀਤੀ ਤੋਂ ਪ੍ਰਭਾਵਿਤ ਨਹੀਂ ਹੋਣਗੇ।"

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਬਾਬਾ ਸਾਹਿਬ ਡਾ ਭੀਮ ਰਾਓ ਅੰਬੇਡਕਰ ਦੀ ਸੋਚ ਅਨੁਸਾਰ ਕੰਮ ਕਰ ਰਹੀ ਹੈ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪ੍ਰੈਲ
INTERNATIONAL PAPER, 9463601616
hardipchumber57@gmail.com



ਬਠਿੰਡਾ 17 ਅਪ੍ਰੈਲ (ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੋਟਗੁਰੂ)- ਚੀਫ਼ ਵਿੱਪ ਤੇ ਤਲਵੰਡੀ ਸਾਬੋ ਤੋਂ ਵਿਧਾਇਕ ਪ੍ਰੋ ਬਲਜਿੰਦਰ ਕੌਰ ਨੇ ਅੱਜ ਇੱਥੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਭਾਰਤ ਰਤਨ, ਸੰਵਿਧਾਨ ਨਿਰਮਾਤਾ, ਯੁੱਗ ਪੁਰਸ਼ ਡਾ ਭੀਮ ਰਾਓ ਅੰਬੇਡਕਰ ਜੀ ਦੇ ਸੋਚ ਅਤੇ ਸਿਧਾਂਤ ਅਨੁਸਾਰ ਕੰਮ ਕਰ ਰਹੀ ਹੈ। ਇਸ ਮੌਕੇ ਉਹਨਾਂ ਦੇ ਨਾਲ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਜਤਿੰਦਰ ਸਿੰਘ ਭੱਲਾ, ਚੈਅਰਪਰਸਨ ਮਾਰਕਿਟ ਕਮੇਟੀ ਰਮਾਂ ਗੁਰਪ੍ਰੀਤ ਕੌਰ ਅਤੇ ਪਿੰਡ ਜਗ੍ਹਾ ਰਾਮ ਤੀਰਥ ਦੇ ਸਰਪੰਚ ਜਸਵਿੰਦਰ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਵਿਧਾਇਕ ਬਲਜਿੰਦਰ ਕੌਰ ਨੇ ਕਿਹਾ ਕਿ ਐਡਵੋਕੇਟ ਜਨਰਲ ਦੇ ਦਫਤਰ ਵਿੱਚ ਐਸ ਸੀ ਭਾਈਚਾਰੇ ਲਈ ਰਾਖਵਾਂਕਰਨ ਦੇਣ ਦੀ ਪਹਿਲ ਕਰਨ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣਿਆ ਹੈ। ਵਿਧਾਇਕ ਨੇ ਇਸ ਲਈ ਜਿੱਥੇ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਉੱਥੇ ਹੀ ਐਸ.ਸੀ ਭਾਈਚਾਰੇ ਨੂੰ ਇਸ ਪ੍ਰਾਪਤੀ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਹਨਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਹਮੇਸ਼ਾ ਹੀ ਪਿਛੜੇ ਵਰਗਾਂ ਦੀ ਤਰੱਕੀ ਨੂੰ ਤਰਜੀਹ ਦਿੱਤੀ ਹੈ। ਉਹਨਾਂ ਨੇ ਕਿਹਾ ਕਿ ਅਸੀਂ ਸ਼ਹੀਦ ਏ ਆਜ਼ਮ ਭਗਤ ਸਿੰਘ ਅਤੇ ਸੰਵਿਧਾਨ ਨਿਰਮਾਤਾ ਡਾ ਭੀਮ ਰਾਓ ਅੰਬੇਡਕਰ ਜੀ ਦੀ ਸੋਚ ਨਾਲ ਸਰਕਾਰ ਚਲਾ ਰਹੇ ਹਾਂ ਅਤੇ ਇਸੇ ਲਈ ਸਾਰੇ ਸਰਕਾਰੀ ਦਫਤਰਾਂ ਵਿੱਚ ਮੁੱਖ ਮੰਤਰੀ ਦੀ ਤਸਵੀਰ ਲਗਾਉਣ ਦੀ ਬਜਾਏ ਡਾ ਭੀਮ ਰਾਓ ਅੰਬੇਡਕਰ ਜੀ ਅਤੇ ਸ਼ਹੀਦ ਭਗਤ ਸਿੰਘ ਦੀ ਤਸਵੀਰ ਲਗਾਈ ਗਈ। ਪ੍ਰੋ ਬਲਜਿੰਦਰ ਕੌਰ ਨੇ ਕਿਹਾ ਕਿ ਏ.ਜੀ ਦਫਤਰ ਵਿੱਚ ਰਾਖਵੇਂਕਰਨ ਦੀ ਮੰਗ 2017 ਤੋਂ ਉਠਾਈ ਜਾ ਰਹੀ ਸੀ ਪਰ ਪਿਛਲੀਆਂ ਸਰਕਾਰਾਂ ਨੇ ਇਸ ਤੇ ਕੋਈ ਧਿਆਨ ਨਹੀਂ ਦਿੱਤਾ ਜਦਕਿ ਹੁਣ ਪੰਜਾਬ ਸਰਕਾਰ ਨੇ ਐਸ.ਸੀ ਭਾਈਚਾਰੇ ਲਈ 58 ਪੋਸਟਾਂ ਰਾਖਵੀਆਂ ਕਰ ਦਿੱਤੀਆਂ ਹਨ। ਉਹਨਾਂ ਇਹ ਵੀ ਕਿਹਾ ਕਿ ਇਸ ਤੋਂ ਬਿਨਾਂ ਬੈਕਲੋਗ ਦੇ ਅਧਿਐਨ ਤੋਂ ਪਤਾ ਲੱਗਿਆ ਕਿ ਆਮਦਨ ਦੀ ਸ਼ਰਤ ਕਾਰਨ ਵੀ ਐਸੀ ਭਾਈਚਾਰੇ ਲਈ ਰਾਖਵੀਆਂ ਸੀਟਾਂ ਖਾਲੀ ਰਹਿ ਸਕਦੀਆਂ ਸਨ ਇਸ ਲਈ ਪੰਜਾਬ ਸਰਕਾਰ ਵੱਲੋਂ ਆਮਦਨ ਦੀ ਸ਼ਰਤ ਵਿੱਚ ਵੀ ਐਸੀ ਭਾਈਚਾਰੇ ਦੇ ਲੋਕਾਂ ਨੂੰ ਛੋਟ ਦਿੱਤੀ ਗਈ ਤਾਂ ਜੋ ਉਹ ਏ.ਜੀ ਪੰਜਾਬ ਦੇ ਦਫਤਰ ਵਿੱਚ ਸਰਕਾਰੀ ਵਕੀਲ ਵਜੋਂ ਨਾਮਜਦ ਹੋ ਕੇ ਸਰਕਾਰ ਦੇ ਨਾਲ ਨਾਲ ਸਮਾਜ ਦੇ ਪਿਛੜੇ ਵਰਗ ਦੇ ਲੋਕਾਂ ਦੀ ਆਵਾਜ਼ ਵੀ ਕੋਰਟ ਵਿੱਚ ਰੱਖ ਸਕਣ। ਉਹਨਾਂ ਨੇ ਕਿਹਾ ਕਿ ਇਸ ਨਾਲ ਐਸ.ਸੀ ਭਾਈਚਾਰੇ ਦੇ ਲੋਕਾਂ ਨੂੰ ਭਵਿੱਖ ਵਿੱਚ ਜੱਜ ਬਣਨ ਵਿੱਚ ਵੀ ਸਹੂਲਤ ਹੋਵੇਗੀ ਕਿਉਂਕਿ ਏ.ਜੀ ਪੰਜਾਬ ਵਿੱਚ ਕੰਮ ਕੀਤੇ ਜਾਣ ਦਾ ਤਜਰਬਾ ਉਹਨਾਂ ਲਈ ਲਾਭਕਾਰੀ ਸਿੱਧ ਹੋਵੇਗਾ। ਵਿਧਾਇਕ ਪ੍ਰੋ.ਬਲਜਿੰਦਰ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਪਿਛੜੇ ਵਰਗਾਂ ਦੀ ਤਰੱਕੀ ਲਈ ਵਚਨਬੱਧ ਹੈ ਅਤੇ ਇਸ ਲਈ ਭਵਿੱਖ ਵਿੱਚ ਵੀ ਹਰ ਉਪਰਾਲਾ ਕੀਤਾ ਜਾਵੇਗਾ। ਉਹਨਾਂ ਨੇ ਇਸ ਮੌਕੇ ਵਿਸ਼ੇਸ਼ ਤੌਰ ਤੇ ਇਹ ਵੀ ਦੱਸਿਆ ਕਿ ਸਮਾਜ ਦੇ ਪਿਛੜੇ ਵਰਗਾਂ ਦੇ ਬੱਚੇ ਪੜ੍ਹਾਈ ਕਰ ਸਕਣ ਇਸ ਲਈ ਸਰਕਾਰ ਵੱਲੋਂ ਨਿਰਵਿਘਨ ਵਜ਼ੀਫੇ ਵੀ ਦਿੱਤੇ ਜਾ ਰਹੇ ਹਨ।

# ਤਿੰਨ ਜਥੇਦਾਰ ਸਾਹਿਬਾਨ ਦੀ ਬਹਾਲੀ ਲਈ ਦਮਦਮੀ ਟਕਸਾਲ ਵੱਲੋਂ 27 ਅਪ੍ਰੈਲ ਨੂੰ ਅਹਿਮ ਮੀਟਿੰਗ : ਸੰਤ ਗਿਆਨੀ ਹਰਨਾਮ ਸਿੰਘ

## ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਹੋਣ ਵਾਲੀ ਇਕੱਤਰਤਾ ਵਿੱਚ ਲਏ ਜਾਣਗੇ ਅਹਿਮ ਫ਼ੈਸਲੇ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪ੍ਰੈਲ
INTERNATIONAL PAPER, 9463601616
hardipchumber57@gmail.com



ਮਾਰਚ ਮਹੀਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਜੈਕਟਿਵ ਕਮੇਟੀ ਵੱਲੋਂ ਪੰਥਕ ਸਿਧਾਂਤਾਂ ਨੂੰ ਛਿੱਕੇ ਟੰਗਦੇ ਹੋਏ ਤਿੰਨਾਂ ਤਖ਼ਤ ਸਾਹਿਬਾਨਾਂ ਦੇ ਜਥੇਦਾਰਾਂ ਨੂੰ ਜਿਸ ਤਰ੍ਹਾਂ ਅਪਮਾਨਜਨਕ ਤਰੀਕੇ ਨਾਲ ਅਹੁਦੇ ਤੋਂ ਹਟਾਇਆ ਗਿਆ ਸੀ, ਉਸ ਉਪਰੰਤ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਸੰਤ ਸਮਾਜ, ਨਿਹੰਗ ਸਿੰਘ ਜਥੇਬੰਦੀਆਂ, ਸਿੱਖ ਸੰਪਰਦਾਵਾਂ ਅਤੇ ਹੋਰ ਪੰਥਕ ਸ਼ਖ਼ਸੀਅਤਾਂ ਦੇ ਸਹਿਯੋਗ ਨਾਲ ਸਿੰਘ ਸਾਹਿਬਾਨਾਂ ਦੀ ਬਹਾਲੀ ਲਈ ਸੰਘਰਸ਼ ਆਰੰਭ ਕੀਤਾ ਗਿਆ ਸੀ।

ਜਿਸ ਉਪਰੰਤ 28 ਮਾਰਚ ਨੂੰ ਸ੍ਰੀ ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਲੱਗੇ ਵਿਸ਼ਾਲ ਰੋਸ ਧਰਨੇ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਤਖ਼ਤ ਸਾਹਿਬਾਨਾਂ ਦੇ ਜਥੇਦਾਰਾਂ ਦੀ ਬਹਾਲੀ ਲਈ 15 ਅਪ੍ਰੈਲ ਤੱਕ ਦਾ ਸਮਾਂ ਦਿੱਤਾ ਗਿਆ ਸੀ। ਜਿਸ ਦੀ ਮਿਆਦ ਬੀਤਣ ਉਪਰੰਤ ਸੰਤ ਸਮਾਜ ਦੇ ਮਹਾਂਪੁਰਖਾਂ,ਨਿਹੰਗ ਸਿੰਘ ਜਥੇਬੰਦੀਆਂ ,ਚੀਫ ਖਾਲਸਾ ਦੀਵਾਨ, ਸਿੱਖ ਸੰਪਰਦਾਵਾਂ ,ਉੱਘੀਆਂ ਪੰਥਕ ਸ਼ਖ਼ਸੀਅਤਾਂ, ਸਿੱਖ ਸਟੂਡੈਂਟ ਫੈਡਰੇਸ਼ਨ ਅਤੇ ਹੋਰ ਵੱਖ-ਵੱਖ ਸੰਸਥਾਵਾਂ ਦੇ ਮੁਖੀ ਸਾਹਿਬਾਨ ਅਤੇ ਉਨ੍ਹਾਂ ਦੇ ਨੁਮਾਇੰਦਿਆਂ ਦੀ ਇੱਕ ਜ਼ਰੂਰੀ ਮੀਟਿੰਗ 27 ਅਪ੍ਰੈਲ ਦਿਨ ਐਤਵਾਰ ਨੂੰ ਦਮਦਮੀ ਟਕਸਾਲ ਦੇ ਹੈਡ ਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਸਵੇਰੇ 11 ਵਜੇ ਬੁਲਾਈ ਗਈ ਹੈ।

ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ 27 ਅਪ੍ਰੈਲ ਨੂੰ ਇੱਕਤਰ ਸਮੂਹ ਸਖਸ਼ੀਅਤਾਂ ਦੇ ਨਾਲ ਵਿਚਾਰ ਵਟਾਂਦਰੇ ਉਪਰੰਤ ਸਭ ਦੇ ਸਹਿਯੋਗ ਨਾਲ ਹੀ ਕੋਈ ਅਗਲਾ ਫੈਸਲਾ ਲਿਆ ਜਾਵੇਗਾ। ਉਨ੍ਹਾਂ ਸਮੂਹ ਪੰਥ ਦਰਦੀਆਂ ਨੂੰ ਮੀਟਿੰਗ ਵਿੱਚ ਸਮੇਂ ਸਿਰ ਪਹੁੰਚਣ ਦੀ ਅਪੀਲ ਕੀਤੀ।

# 'ਪੰਜਾਬ ਸਿੱਖਿਆ ਕ੍ਰਾਂਤੀ' ਨਾਲ ਮਾਨ ਸਰਕਾਰ ਨੇ ਬਦਲੀ ਸਰਕਾਰੀ ਸਕੂਲਾਂ ਦੀ ਨੁਹਾਰ: ਕੈਬਨਿਟ ਮੰਤਰੀ ਬਰਿੰਦਰ ਗੋਇਲ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪ੍ਰੈਲ
INTERNATIONAL PAPER, 9463601616
hardipchumber57@gmail.com



ਦਲਜੀਤ ਕੌਰ

ਮੂਨਕ/ਲਹਿਰਾਗਾਗਾ/ਸੰਗਰੂਰ, 16 ਅਪ੍ਰੈਲ, 2025: ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਕੇ ਸਮੇਂ ਦੇ ਹਾਣੀ ਬਣਾਇਆ ਜਾ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਲਹਿਰਾ ਹਲਕੇ ਦੇ 9 ਸਰਕਾਰੀ ਸਕੂਲਾਂ ਵਿੱਚ 1.41 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਨੂੰ ਲੋਕ ਅਰਪਿਤ ਕਰਨ ਮੌਕੇ ਕੀਤਾ ਗਿਆ।

ਆਪਣੇ ਸੰਬੋਧਨ ਵਿੱਚ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਸਰਕਾਰੀ ਸਿੱਖਿਆ ਨੂੰ ਸਰਬੋਤਮ ਬਣਾਉਣ ਦੇ ਹਰ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ ਜਿਸ ਤਹਿਤ ਵਿਦਿਆਰਥੀਆਂ ਦਾ ਮਨੋਬਲ ਉੱਚਾ ਹੋ ਰਿਹਾ ਹੈ ਅਤੇ ਮਾਪਿਆਂ ਨੂੰ ਵੀ ਤਸੱਲੀ ਹੈ ਕਿ ਉਨ੍ਹਾਂ ਨੇ ਆਪਣੇ ਬੱਚਿਆਂ ਦੇ ਭਵਿੱਖ ਨੂੰ ਸੁਨਹਿਰੀ ਬਣਾਉਣ ਲਈ ਸਰਕਾਰੀ ਸਕੂਲਾਂ ਉੱਤੇ ਭਰੋਸਾ ਰੱਖਿਆ।

ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਸਾਰਥਕ ਯਤਨਾਂ ਸਦਕਾ ਵਿਦਿਆਰਥੀ ਪ੍ਰਾਈਵੇਟ ਸਕੂਲਾਂ ਨੂੰ ਛੱਡ ਕੇ ਸਰਕਾਰੀ ਸਕੂਲਾਂ ਵਿੱਚ ਪੜ੍ਹਨ ਨੂੰ ਤਰਜੀਹ ਦੇਣ ਲੱਗ ਪਏ ਹਨ ਜਿਸ ਤੋਂ ਸਾਬਤ ਹੁੰਦਾ ਹੈ ਕਿ ਪੰਜਾਬ ਸਰਕਾਰ ਦਾ ਸਿੱਖਿਆ ਮਾਡਲ ਕਾਫੀ ਪਸੰਦ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੀ ਅਧਿਆਪਕਾਂ ਨੂੰ ਆਧੁਨਿਕ ਪੜ੍ਹਾਈ ਤਕਨੀਕਾਂ ਬਾਰੇ ਸਿਖਲਾਈ ਦਿਵਾਉਣ ਹਿੱਤ ਦੇਸ਼ਾਂ-ਵਿਦੇਸ਼ਾਂ ਵਿੱਚ ਵਿਦਿਅਕ ਦੌਰੇ ਕਰਵਾ ਰਹੀ ਹੈ।

ਆਪਣੇ ਸੰਬੋਧਨ ਦੌਰਾਨ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਯੋਜਨਾਵਾਂ ਬਾਰੇ ਵੀ ਦੱਸਿਆ। ਉਨ੍ਹਾਂ ਕਿਹਾ ਕਿ ਇਹ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ ਕਿ ਮਾਨ ਸਰਕਾਰ ਨੇ ਕੈਬਨਿਟ ਵਿੱਚ ਛੇ ਅਨੁਸੂਚਿਤ ਜਾਤੀ ਨਾਲ ਸਬੰਧਤ ਮੰਤਰੀਆਂ ਨੂੰ ਸਥਾਨ ਦਿੱਤਾ ਹੈ ਅਤੇ ਪਹਿਲੀ ਵਾਰ ਏ.ਜੀ. ਦਫ਼ਤਰ ਵਿੱਚ ਰਾਖਵਾਂਕਰਨ ਦੇ ਕੇ ਅਤੇ ਅਨੁਸੂਚਿਤ ਜਾਤੀ ਵਜ਼ੀਫ਼ੇ ਦੀ ਨਿਰਵਿਘਨ ਵੰਡ ਨੂੰ ਯਕੀਨੀ ਬਣਾ ਕੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਦੇ ਸੁਪਨਿਆਂ ਨੂੰ ਸਾਕਾਰ ਕੀਤਾ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਮਹਾਨ ਆਗੂ ਦੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਪੰਜਾਬ ਸਰਕਾਰ ਸੂਬੇ ਵਿੱਚ ਸਿਹਤ ਅਤੇ ਸਿੱਖਿਆ ਪ੍ਰਣਾਲੀ ਨੂੰ ਸੁਰਜੀਤ ਕਰਨ ਲਈ ਠੋਸ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ ਆਪਣੇ ਬੱਚੇ ਨੂੰ ਸਰਕਾਰੀ ਸਕੂਲ ਭੇਜਣਾ ਆਮ ਲੋਕਾਂ ਦੀ ਮਜਬੂਰੀ ਸੀ ਪਰ ਹੁਣ ਸਿੱਖਿਆ ਪ੍ਰਣਾਲੀ ਨੂੰ ਨਵਾਂ ਰੂਪ ਦਿੱਤਾ ਜਾ ਰਿਹਾ ਹੈ, ਜਿਸ ਸਦਕਾ ਹੁਣ ਆਮ ਲੋਕ ਆਪਣੀ ਇੱਛਾ ਨਾਲ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਂਦੇ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਸੂਬੇ ਭਰ ਵਿੱਚ ਸਕੂਲ ਆਫ਼ ਐਮੀਨੈਂਸ ਸਥਾਪਤ ਕੀਤੇ ਗਏ ਹਨ ਅਤੇ ਇਸੇ ਤਰ੍ਹਾਂ ਸਰਕਾਰੀ ਸਿਹਤ ਪ੍ਰਣਾਲੀ ਨੂੰ ਵੀ ਅਪਗ੍ਰੇਡ ਕੀਤਾ ਜਾ ਰਿਹਾ ਹੈ।

ਸਮਾਗਮ ਦੌਰਾਨ ਜ਼ਿਲ੍ਹਾ ਸਿੱਖਿਆ ਅਫ਼ਸਰ ਪ੍ਰਾਇਮਰੀ ਬਲਜਿੰਦਰ ਕੌਰ ਤੋਂ ਇਲਾਵਾ ਪੀਏ ਰਕੇਸ਼ ਕੁਮਾਰ ਗੁਪਤਾ, ਇਸ ਮੌਕੇ ਬਲਾਕ ਪ੍ਰਧਾਨ ਸਤੀਸ਼ ਕੁਮਾਰ ਮੂਨਕ, ਮਿਠੂ ਸੈਣੀ, ਅਰੁਣ ਜਿੰਦਲ, ਤਰਸੇਮ ਰਾਓ, ਜਗਸੀਰ ਮਲਾਣਾ ਐਮ ਸੀ, ਬੱਬੂ ਸਿੰਘ ਐਮ ਸੀ, ਭੋਲਾ ਸਿੰਘ, ਮੁਖਤਿਆਰ ਸਿੰਘ ਐਮ ਸੀ, ਬਲਵੀਰ ਸੈਣੀ, ਮੁਕੰਦ ਸੈਣੀ, ਸਤਿਗੁਰ ਸਿੰਘ ਮਨਿਆਣਾ ਸਰਪੰਚ, ਮਿੱਠੂ ਰਾਮ, ਗੁਰਜੰਟ ਸਿੰਘ, ਜੋਗੀ ਰਾਮ ਭੂਲਣ, ਗੁਰਮੁਖ ਸਿੰਘ, ਹਰਮੇਲ ਸਿੰਘ, ਤਰਸੇਮ ਸਿੰਘ, ਭੀਮ ਗਿਰ, ਪ੍ਰੇਮ ਸਿੰਘ ਕੇਹਲੀ ਤੋਂ ਇਲਾਵਾ ਪਿੰਡਾਂ ਦੇ ਸਰਪੰਚ-ਪੰਚ ਅਤੇ ਹੋਰ ਆਗੂ ਸਾਹਿਬਾਨ ਅਤੇ ਵਰਕਰ ਸਾਹਿਬਾਨ ਹਾਜ਼ਰ ਸਨ।

# ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ 87.75 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਨਾਲ ਹੋਵੇਗੀ ਪੁਲਾਂ ਦੀ ਉਸਾਰੀ: ਹਰਜੋਤ ਬੈਂਸ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪ੍ਰੈਲ
INTERNATIONAL PAPER, 9463601616
hardipchumber57@gmail.com



ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਅਤੇ ਸ੍ਰੀ ਅਨੰਦਪੁਰ ਸਾਹਿਬ ਤੋਂ ਵਿਧਾਇਕ ਸ. ਹਰਜੋਤ ਸਿੰਘ ਬੈਂਸ ਨੇ ਆਪਣੇ ਹਲਕੇ ਲਈ 87.75 ਕਰੋੜ ਰੁਪਏ ਤੋਂ ਵੱਧ ਦੇ ਪੁਲਾਂ ਦੀ ਉਸਾਰੀ ਅਤੇ ਢਾਂਚਾਗਤ ਵਿਕਾਸ ਪ੍ਰੋਜੈਕਟਾਂ ਦਾ ਐਲਾਨ ਕੀਤਾ। ਇਨ੍ਹਾਂ ਪ੍ਰੋਜੈਕਟਾਂ ਦਾ ਉਦੇਸ਼ ਪੇਂਡੂ ਵਿਕਾਸ ਨੂੰ ਹੁਲਾਰਾ ਦੇਣਾ ਅਤੇ ਮੌਨਸੂਨ ਸੀਜ਼ਨ ਦੌਰਾਨ ਸੜਕੀ ਸੰਪਰਕ ਨੂੰ ਬਿਹਤਰ ਬਣਾਉਣਾ ਹੈ।

ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ,''ਇਲਾਕੇ ਦੀ ਨੁਹਾਰ ਬਦਲਣ ਵਾਲੇ ਇਹ ਮਹੱਤਵਪੂਰਨ ਪ੍ਰੋਜੈਕਟ ਜਿੱਥੇ ਖੇਤਰ ਵਿੱਚ ਆਵਾਜਾਈ ਨੈੱਟਵਰਕ ਵਿੱਚ ਕ੍ਰਾਂਤੀ ਲਿਆਉਣਗੇ, ਉੱਥੇ ਹੀ ਸੈਂਕੜੇ ਪਿੰਡਾਂ ਨੂੰ ਜੋੜਨ ਦੇ ਨਾਲ-ਨਾਲ ਹਜ਼ਾਰਾਂ ਵਸਨੀਕਾਂ ਲਈ ਆਰਥਿਕ ਮੌਕਿਆਂ ਵਿੱਚ ਵੀ ਵਾਧਾ ਕਰਨਗੇ।'' ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀਆਂ ਲੋੜਾਂ ਨੂੰ ਪੂਰਾ ਕਰਨ ਵਾਲੇ ਅਤਿ-ਆਧੁਨਿਕ ਬੁਨਿਆਦੀ ਢਾਂਚੇ ਦੇ ਨਿਰਮਾਣ ਲਈ ਵਚਨਬੱਧ ਹੈ ਅਤੇ ਨਾਲ ਹੀ ਸੂਬੇ ਦੇ ਪਵਿੱਤਰ ਅਸਥਾਨਾਂ ਲਈ ਧਾਰਮਿਕ ਸੈਰ-ਸਪਾਟੇ ਦਾ ਵੀ ਸਮਰਥਨ ਕਰਦੀ ਹੈ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਕਾਸ ਪ੍ਰੋਜੈਕਟਾਂ ਵਿੱਚ 34.06 ਕਰੋੜ ਰੁਪਏ ਦੀ ਲਾਗਤ ਵਾਲੇ ਦੋ ਪੁਲ ਸ਼ਾਮਲ ਹਨ। 450 ਮੀਟਰ ਲੰਬਾ ਪਹਿਲਾ ਪੁਲ, ਕਲਿੱਤਰਾਂ ਨੂੰ ਬੇਲਾ ਧਿਆਨੀ/ਬੇਲਾ ਰਾਮਗੜ੍ਹ ਨਾਲ ਜੋੜੇਗਾ, ਜਦੋਂ ਕਿ ਦੂਜਾ ਪੁਲ ,ਜੋ 300-ਮੀਟਰ ਲੰਮਾ ਹੈ, ਬੇਲਾ ਧਿਆਨੀ/ਬੇਲਾ ਰਾਮਗੜ੍ਹ ਨੂੰ ਪਲਾਸੀ ਨਾਲ ਜੋੜੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਪੁਲਾਂ ਦਾ ਕਲਿੱਤਰਾਂ, ਅਜੌਲੀ, ਬ੍ਰਹਮਪੁਰ, ਦੜੋਲੀ , ਭਨੂੰਪਲੀ, ਦੌਨਾਲ, ਨੰਗਲੀ ਅਤੇ ਆਲੇ-ਦੁਆਲੇ ਦੇ ਲਗਭਗ 100-150 ਪਿੰਡਾਂ ਨੂੰ ਲਾਭ ਹੋਵੇਗਾ। ਇਸ ਤੋਂ ਇਲਾਵਾ, ਇਹ ਪੁਲ ਹੋਲਾ ਮੁਹੱਲਾ ਦੌਰਾਨ ਇੱਕ ਮਹੱਤਵਪੂਰਨ ਬਾਈਪਾਸ ਵਜੋਂ ਕੰਮ ਕਰਨਗੇ ਅਤੇ ਮਾਨਸੂਨ ਸੀਜ਼ਨ ਦੌਰਾਨ ਨਿਰਵਿਘਨ ਆਵਾਜਾਈ ਦੇ ਪ੍ਰਵਾਹ ਨੂੰ ਵੀ ਯਕੀਨੀ ਬਣਾਉਣਗੇ। ਸਿੱਖਿਆ ਮੰਤਰੀ ਨੇ ਕਿਹਾ ਕਿ ਇਸ ਪ੍ਰੋਜੈਕਟ ਲਈ ਟੈਂਡਰ 30 ਅਪ੍ਰੈਲ, 2025 ਨੂੰ ਖੁੱਲ੍ਹਣਗੇ ਅਤੇ 29 ਅਪ੍ਰੈਲ, 2025 ਨੂੰ ਸ਼ਾਮ 5:00 ਵਜੇ ਤੱਕ ਅਰਜ਼ੀਆਂ ਲਈਆਂ ਜਾਣਗੀਆਂ।

ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਦੂਜਾ ਮਹੱਤਵਪੂਰਨ ਪ੍ਰੋਜੈਕਟ, ਭੱਲੜੀ ਤੋਂ ਮਹਿੰਦਪੁਰ-ਖੇੜਾ ਕਲਮੋਟ ਵਿਖੇ 36.15 ਕਰੋੜ ਰੁਪਏ ਦੀ ਲਾਗਤ ਵਾਲਾ ਇੱਕ ਨਵਾਂ 500-ਮੀਟਰ ਲੰਬਾ ਪੁਲ ਹੈ। ਇਸ ਢਾਂਚੇ ਵਿੱਚ ਚੌੜੇ ਰਸਤੇ ਅਤੇ ਸੰਪਰਕ ਸੜਕਾਂ (18 ਫੁੱਟ ਚੌੜੀਆਂ) ਸ਼ਾਮਲ ਹਨ, ਜਿਸ ਨਾਲ ਭੱਲੜੀ, ਭਲਾਣ, ਪਲਾਸੀ, ਪੱਸੀਵਾਲ, ਭਨਾਮ, ਨਾਨਗਰਾਂ , ਮੋਜੋਵਾਲ, ਗੋਲਣੀ, ਮਹਿਲਵਾ, ਮਹਿੰਦਪੁਲ, ਛੋਟੇਵਾਲ, ਹਾਜੀਪੁਰ ਅਤੇ ਸੁਖਸਾਲ ਸਮੇਤ 150-200 ਪਿੰਡਾਂ ਦੇ ਵਸਨੀਕਾਂ ਨੂੰ ਲਾਭ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਪੁਲ ਰੋਪੜ ਜ਼ਿਲ੍ਹੇ ਅਤੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਸ੍ਰੀ ਖੁਰਾਲਗੜ੍ਹ ਸਾਹਿਬ, ਜੋ ਸ੍ਰੀ ਗੁਰੂ ਰਵਿਦਾਸ ਜੀ ਦੇ ਇਤਿਹਾਸਕ ਮੀਨਾਰ-ਏ-ਬੇਗਮਪੁਰਾ ਵਜੋਂ ਜਾਣਿਆ ਜਾਂਦਾ ਹੈ, ਵਿਚਕਾਰ ਇੱਕ ਮਹੱਤਵਪੂਰਨ ਸੰਪਰਕ ਬਣਾਏਗਾ ਅਤੇ ਨਾਲ ਹੀ ਹਿਮਾਚਲ ਪ੍ਰਦੇਸ਼ ਤੱਕ ਪਹੁੰਚ ਨੂੰ ਵੀ ਆਸਾਨ ਬਣਾਏਗਾ। ਇਸ ਪ੍ਰੋਜੈਕਟ ਲਈ ਦੁਬਾਰਾ ਟੈਂਡਰ ਪ੍ਰਕਿਰਿਆ ਜਲਦੀ ਹੀ ਸ਼ੁਰੂ ਹੋ ਜਾਵੇਗੀ।

ਸਿੱਖਿਆ ਮੰਤਰੀ ਨੇ ਇਹ ਵੀ ਖੁਲਾਸਾ ਕੀਤਾ ਕਿ ਤੀਜੇ ਪ੍ਰਾਜੈਕਟ ਵਿੱਚ 17.56 ਕਰੋੜ ਰੁਪਏ ਦੀ ਲਾਗਤ ਨਾਲ ਸਵਾਂ ਨਦੀ ਉੱਤੇ ਕਲਵਾਂ-ਐਲਗਰਾਂ-ਨੰਗਲ ਪੁਲ ਦੀ ਵਿਆਪਕ ਮੁਰੰਮਤ ਸ਼ਾਮਲ ਹੈ।

ਇਸ ਦੌਰਾਨ, ਉਨ੍ਹਾਂ ਇਹ ਵੀ ਦੱਸਿਆ ਕਿ ਬ੍ਰਹਮਪੁਰ, ਦੜੋਲੀ, ਭਾਓਵਾਲ, ਅਟਾਰੀ ਅਤੇ ਸਰਸਾ ਨੰਗਲ ਵਿਖੇ ਭਾਖੜਾ ਨਹਿਰ 'ਤੇ ਪੰਜ ਪੁਲ ਬਣਾਏ ਜਾਣਗੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਬੁਨਿਆਦੀ ਢਾਂਚਾ ਪ੍ਰਾਜੈਕਟ ਸਾਲ ਭਰ, ਹਰ ਮੌਸਮ ਵਿੱਚ ਸੰਪਰਕ ਪ੍ਰਦਾਨ ਕਰਨ ਲਈ ਤਿਆਰ ਕੀਤੇ ਗਏ ਹਨ ਤਾਂ ਜੋ ਮੌਨਸੂਨ ਸੀਜ਼ਨ ਦੌਰਾਨ ਨਿਰਵਿਘਨ ਆਵਾਜਾਈ ਨੂੰ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਵਿੱਚ ਦਿਲਚਸਪੀ ਰੱਖਣ ਵਾਲੇ ਯੋਗ ਠੇਕੇਦਾਰਾਂ ਅਤੇ ਏਜੰਸੀਆਂ ਨੂੰ ਨਿਰਧਾਰਤ ਸਮਾਂ-ਸੀਮਾਵਾਂ ਅਤੇ ਲੋੜਾਂ ਅਨੁਸਾਰ ਆਨਲਾਈਨ ਟੈਂਡਰ ਜਮ੍ਹਾਂ ਕਰਾਉਣ ਲਈ ਸੱਦਾ ਦਿੱਤਾ ਜਾਂਦਾ ਹੈ।

# ਕਿਸਾਨ ਯੂਨੀਅਨ ਵੱਲੋਂ ਟੋਲ ਪਲਾਜ਼ਾ ਫਰੀ ਕਰਨ ਦਾ ਐਲਾਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 17 ਅਪ੍ਰੈਲ
INTERNATIONAL PAPER, 9463601616
hardipchumber57@gmail.com




ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਨੇ ਅੱਜ ਮੰਗਾਂ ਸਬੰਧੀ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦੇ ਕੇ ਐਲਾਨ ਕੀਤੇ ਕਿ ਜੇਕਰ ਉਨ੍ਹਾਂ ਮੰਗਾਂ ਨਾ ਮੰਨੀਆਂ ਗਈਆਂ ਤਾਂ 27 ਅਪ੍ਰੈਲ ਨੂੰ ਲਾਡੋਵਾਲ ਟੋਲ ਪਲਾਜ਼ਾ ਫਰੀ ਕਰਨਗੇ। ਰਾਹੋ ਰੋਡ ਬਣਾਉਣ ਦੀ ਮੰਗ ਨੂੰ ਲੈ ਕੇ ਕਿਸਾਨਾਂ ਵੱਲੋਂ ਇਹ ਐਲਾਨ ਕੀਤਾ ਗਿਆ ਹੈ। ਕਿਸਾਨ ਆਗੂਆਂ ਮੰਗ ਕੀਤੀ ਕਿ ਇਸ ਸੜਕ ਨੂੰ ਸਿੰਗਲ ਲੇਨ ਹੀ ਬਣਾਇਆ ਗਿਆ ਹੈ ਹਾਲਾਂਕਿ ਇਹ ਡਬਲ ਲੇਨ ਰੋਡ ਪਾਸ ਹੋਇਆ ਸੀ।

ਕਿਸਾਨ ਆਗੂਆਂ ਨੇ ਕਿਹਾ ਕਿ ਇਸ ਦੇ ਰੋਸ ਵਜੋਂ ਉਹਨਾਂ ਪਹਿਲਾਂ ਵੀ ਲਾਡੋਵਾਲ ਟੋਲ ਪਲਾਜ਼ਾ 'ਤੇ ਧਰਨਾ ਦਿੱਤਾ ਸੀ ਅਤੇ ਹੁਣ ਮੁੜ ਤੋਂ ਜੇਕਰ ਕੋਈ ਸੁਣਵਾਈ ਨਾ ਹੋਈ ਤਾਂ 27 ਅਪ੍ਰੈਲ ਨੂੰ ਲਾਡੋਵਾਲ ਟੋਲ ਪਲਾਜਾ ਨੂੰ ਫਰੀ ਕਰਨਗੇ ਅਤੇ 12 ਤੋਂ 3 ਵਜੇ ਤੱਕ ਇਸ ਟੋਲ ਪਲਾਜ਼ਾ ਨੂੰ ਫਰੀ ਰੱਖਿਆ ਜਾਵੇਗਾ। ਉਹਨਾਂ ਕਿਹਾ ਕਿ ਜਿਸ ਦੇ ਨੁਕਸਾਨ ਦੀ ਜਿੰਮੇਵਾਰ ਸਰਕਾਰ ਹੋਵੇਗੀ।

ਭਾਰਤੀ ਕਿਸਾਨ-ਮਜ਼ਦੂਰ ਯੂਨੀਅਨ ਦੇ ਆਗੂ ਦਿਲਬਾਗ ਸਿੰਘ ਗਿੱਲ ਨੇ ਕਿਹਾ ਕਿ ਲੁਧਿਆਣਾ ਦੇ ਰਾਹੋਂ ਰੋਡ ਦੇ ਮਸਲੇ ਨੂੰ ਲੈ ਕੇ ਅੱਜ ਉਹ ਡਿਪਟੀ ਕਮਿਸ਼ਨਰ ਦਫਤਰ ਪਹੁੰਚੇ ਹਨ। ਉਹਨਾਂ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਰਾਹੋ ਰੋਡ ਦੇ ਰਸਤੇ ਨੂੰ ਦਰੁਸਤ ਕਰਨ ਦੀ ਮੰਗ ਕੀਤੀ ਜਾ ਰਹੀ ਹੈ ਤੇ ਸੰਬੰਧੀ ਉਹਨਾਂ ਪਹਿਲਾਂ ਵੀ ਧਰਨਾ ਦਿੱਤਾ ਹੈ ਕਿਆ ਕਿ ਲਾਡੋਵਾਲ ਟੋਲ ਪਲਾਜ਼ਾ ਤੇ ਧਰਨਾ ਦੇਣ ਦੇ ਬਾਅਦ ਸਿੰਗਲ ਲੇਨ ਸੜਕ ਨੂੰ ਬਣਾ ਦਿੱਤਾ ਗਿਆ ਪਰ ਉਥੋਂ ਦੀ ਆਵਾਜਾਈ ਅਤੇ ਟਿੱਪਰਾਂ ਦੇ ਆਉਣ ਕਾਰਨ ਸੜਕੀ ਹਾਦਸੇ ਵਾਪਰ ਰਹੇ ਹਨ।

# ਵਿਦੇਸ਼ ਭੇਜਣ ਦੇ ਨਾਂ 'ਤੇ ਧੋਖਾਧੜੀ ਕਰਨ ਵਾਲਾ ਕਾਬੂ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 17 ਅਪ੍ਰੈਲ
INTERNATIONAL PAPER, 9463601616
hardipchumber57@gmail.com

ਇਸ ਜ਼ਿਲ੍ਹੇ ਦੇ ਪਿੰਡ ਧੁਰਾਲਾ ਦੇ ਵਸਨੀਕ ਦੀ ਸ਼ਿਕਾਇਤ 'ਤੇ ਵਿਦੇਸ਼ ਭੇਜਣ ਤੇ ਨਾਂ 'ਤੇ ਵੱਡੀ ਰਕਮ ਵਸੂਲ ਕਰਕੇ ਧੋਖਾਧੜੀ ਕੀਤੇ ਜਾਣ ਦਾ ਇਕ ਮਾਮਲਾ ਸਾਹਮਣੇ ਆਇਆ ਹੈ ਜਿਸ ਦੇ ਚਲਦੇ ਪੁਲੀਸ ਨੇ ਇਕ ਵਿਅਕਤੀ ਨੂੰ ਗ੍ਰਿਫਤਾਰ ਕਰ ਲਿਆ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਆਰਥਿਕ ਅਪਰਾਧ ਸ਼ਾਖਾ ਦੇ ਇੰਸਪੈਕਟਰ ਰਿਸ਼ੀ ਪਾਲ ਨੇ ਦੱਸਿਆ ਕਿ 20 ਮਾਰਚ ਨੂੰ ਪਿੰਡ ਧੁਰਾਲਾ ਨਿਵਾਸੀ ਨਵਜੋਤ ਸਿੰਘ ਨੇ ਥਾਣਾ ਮੁਲਾਣਾ ਵਿੱਚ ਇੱਕ ਸ਼ਿਕਾਇਤ ਦਰਜ ਕਰਵਾਈ ਸੀ ਕਿ 8 ਅਪਰੈਲ 2024 ਤੋਂ 19 ਮਈ 2024 ਦੇ ਦੌਰਾਨ ਸੁਖਦਰਸ਼ਨ ਸਿੰਘ ਉਰਫ ਲਾਲੀ ਵਾਸੀ ਰਢੇੜੀ ਜ਼ਿਲ੍ਹਾ ਅੰਬਾਲਾ ਨੇ ਉਨ੍ਹਾਂ ਤੋਂ ਵਿਦੇਸ਼ ਭੇਜਣ ਦੇ ਨਾਂ 'ਤੇ ਵੱਡੀ ਰਕਮ ਲੈ ਲਈ ਹੈ ਜਿਸ ਦੇ ਚਲਦੇ ਪੁਲੀਸ ਨੇ ਮਾਮਲਾ ਦਰਜ ਕਰਕੇ ਜਾਂਚ ਆਰਥਿਕ ਅਪਰਾਧ ਸ਼ਾਖਾ ਨੂੰ ਸੌਂਪ ਦਿੱਤੀ ਸੀ। ਉਨ੍ਹਾਂ ਦੱਸਿਆ ਕਿ ਹੁਣ ਇਸ ਮਾਮਲੇ ਵਿੱਚ ਪੁਲੀਸ ਨੇ 16 ਅਪਰੈਲ ਨੂੰ ਸੁਖਦਰਸ਼ਨ ਸਿੰਘ ਉਰਫ ਲਾਲੀ ਵਾਸੀ ਰਢੇੜੀ ਜ਼ਿਲ੍ਹਾ ਅੰਬਾਲਾ ਨੂੰ ਗ੍ਰਿਫਤਾਰ ਕਰਕੇ ਉਸਨੂੰ ਅਦਾਲਤ ਵਿੱਚ ਪੇਸ਼ ਕੀਤਾ ਜੋ ਦੋ ਦਿਨ ਦੇ ਪੁਲੀਸ ਰਿਮਾਂਡ 'ਤੇ ਹੈ। ਪੁਲੀਸ ਮਾਮਲੇ ਦੀ ਜਾਂਚ ਕਰ ਰਹੀ ਹੈ।

# ਅਮਰੀਕਾ ਵਿੱਚ ਭਾਰਤੀ ਵਿਦਿਆਰਥੀਆਂ ਨੂੰ ਵੀਜ਼ੇ ਸਬੰਧੀ ਸਮੱਸਿਆਵਾਂ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 17 ਅਪ੍ਰੈਲ
INTERNATIONAL PAPER, 9463601616
hardipchumber57@gmail.com

ਵਿਦੇਸ਼ ਮੰਤਰਾਲੇ ਨੇ ਅੱਜ ਕਿਹਾ ਕਿ ਅਮਰੀਕਾ ਵਿਚ ਭਾਰਤੀ ਅਧਿਕਾਰੀ ਵਿਦਿਆਰਥੀ ਦੇ ਵੀਜ਼ਾ ਰੱਦ ਕਰਨ ਅਤੇ ਵੀਜ਼ਿਆਂ ਦੀ ਮਿਆਦ ਵਧਾਉਣ ਨਾਲ ਸਬੰਧਤ ਮੁੱਦਿਆਂ ਵਿਚ ਸਹਾਇਤਾ ਕਰਨ ਲਈ ਭਾਰਤੀ ਵਿਦਿਆਰਥੀਆਂ ਦੇ ਸੰਪਰਕ ਵਿਚ ਹਨ। ਇਹ ਜਾਣਕਾਰੀ ਭਾਰਤੀ ਵਿਦੇਸ਼ ਵਿਭਾਗ ਦੇ ਬੁਲਾਰੇ ਰਣਧੀਰ ਜੈਸਵਾਲ ਦੀ ਸਾਂਝੀ ਕੀਤੀ ਹੈ। ਉਨ੍ਹਾਂ ਦੀ ਇਹ ਟਿੱਪਣੀ ਅਮਰੀਕਾ ਵਿੱਚ ਭਾਰਤੀ ਵਿਦਿਆਰਥੀਆਂ ਦੇ ਵੀਜ਼ਾ ਰੱਦ ਕੀਤੇ ਜਾਣ ਬਾਰੇ ਜਾਣਕਾਰੀ ਮਿਲਣ ਤੋਂ ਬਾਅਦ ਆਈ ਹੈ।

ਜੈਸਵਾਲ ਨੇ ਕਿਹਾ, 'ਸਾਨੂੰ ਪਤਾ ਹੈ ਕਿ ਕਈ ਭਾਰਤੀ ਵਿਦਿਆਰਥੀਆਂ ਨੇ ਉਨ੍ਹਾਂ ਦੇ ਐਫ-1 ਵੀਜ਼ਾ ਸਥਿਤੀ ਬਾਰੇ ਅਮਰੀਕੀ ਸਰਕਾਰ ਨਾਲ ਸੰਚਾਰ ਕੀਤਾ ਹੈ, ਅਸੀਂ




ਮਾਮਲੇ ਦੀ ਜਾਂਚ ਕਰ ਰਹੇ ਹਾਂ। ਸਾਡਾ ਦੂਤਾਵਾਸ ਅਤੇ ਕੌਂਸਲੇਟ ਸਹਾਇਤਾ ਪ੍ਰਦਾਨ ਕਰਨ ਲਈ ਵਿਦਿਆਰਥੀਆਂ ਦੇ ਸੰਪਰਕ ਵਿੱਚ ਹਨ।'

# ਯੂਟਿਊਬਰ ਦੇ ਘਰ 'ਤੇ ਗ੍ਰਨੇਡ ਹਮਲਾ: ਆਨਲਾਈਨ ਸਿਖਲਾਈ ਦੇਣ ਵਾਲਾ ਫੌਜੀ ਜਵਾਨ ਗ੍ਰਿਫ਼ਤਾਰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 17 ਅਪ੍ਰੈਲ
INTERNATIONAL PAPER, 9463601616
hardipchumber57@gmail.com



ਪੰਜਾਬ ਪੁਲੀਸ ਨੇ ਪਿਛਲੇ ਮਹੀਨੇ ਜਲੰਧਰ ਵਿਚ ਯੂਟਿਊਬਰ ਦੇ ਘਰ 'ਤੇ ਗ੍ਰਨੇਡ ਸੁੱਟਣ ਦੇ ਮਾਮਲੇ ਵਿਚ ਫੌਜੀ ਜਵਾਨ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲੀਸ ਮੁਤਾਬਕ ਜੰਮੂ-ਕਸ਼ਮੀਰ ਵਿੱਚ ਤਾਇਨਾਤ ਫੌਜੀ ਜਵਾਨ ਸੁਖਚਰਨ ਸਿੰਘ ਨੂੰ ਇੱਕ ਮੁਲਜ਼ਮ ਨੂੰ ਹੱਥਗੋਲਾ ਸੁੱਟਣ ਦੀ ਔਨਲਾਈਨ ਸਿਖਲਾਈ ਦੇਣ ਦੇ ਦੋਸ਼ ਵਿਚ ਗ੍ਰਿਫ਼ਤਾਰ ਕੀਤਾ ਗਿਆ ਹੈ। ਕਾਬਿਲੇਗੌਰ ਹੈ ਕਿ 15 ਅਤੇ 16 ਮਾਰਚ ਦੀ ਦਰਮਿਆਨੀ ਰਾਤ ਨੂੰ ਯੂਟਿਊਬਰ ਰੋਜ਼ਰ ਸੰਧੂ ਦੇ ਘਰ 'ਤੇ ਗ੍ਰਨੇਡ ਸੁੱਟਿਆ ਗਿਆ ਸੀ, ਹਾਲਾਂਕਿ ਇਹ ਫਟਿਆ ਨਹੀਂ।

ਪੁਲੀਸ ਨੇ ਕਿਹਾ ਕਿ ਉਨ੍ਹਾਂ ਫੌਜੀ ਅਧਿਕਾਰੀਆਂ ਨੂੰ ਇਸ ਮਾਮਲੇ ਵਿੱਚ ਜਵਾਨ ਦੀ ਭੂਮਿਕਾ ਬਾਰੇ ਜਾਣੂ ਕਰਵਾਇਆ ਹੈ। ਜਲੰਧਰ ਦੀ ਕੋਰਟ ਨੇ ਫੌਜੀ ਜਵਾਨ ਨੂੰ ਪੰਜ ਦਿਨਾਂ ਦੇ ਪੁਲੀਸ ਰਿਮਾਂਡ 'ਤੇ ਭੇਜ ਦਿੱਤਾ ਹੈ। ਉਨ੍ਹਾਂ ਕਿਹਾ ਕਿ ਮਾਮਲੇ ਦੀ ਹੋਰ ਜਾਂਚ ਜਾਰੀ ਹੈ।

ਇਸ ਘਟਨਾ ਉਪਰੰਤ ਪਾਕਿਸਤਾਨੀ ਗੈਂਗਸਟਰ ਸ਼ਹਿਜ਼ਾਦ ਭੱਟੀ ਨੇ ਮੁਸਲਿਮ ਭਾਈਚਾਰੇ ਵਿਰੁੱਧ ਕਥਿਤ ਅਪਮਾਨਜਨਕ ਭਾਸ਼ਾ ਦੀ ਵਰਤੋਂ ਕਰਨ ਵਾਲੇ ਯੂਟਿਊਬਰ ਦੇ ਘਰ 'ਤੇ ਹੋਏ ਗ੍ਰਨੇਡ ਹਮਲੇ ਦੀ ਜ਼ਿੰਮੇਵਾਰੀ ਲਈ ਸੀ। ਇਸ ਗ੍ਰਨੇਡ ਹਮਲੇ ਦੇ ਸਬੰਧ ਵਿੱਚ ਹੁਣ ਤੱਕ ਸੱਤ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

ਪਿਛਲੇ ਚਾਰ-ਪੰਜ ਮਹੀਨਿਆਂ ਵਿੱਚ ਅੰਮ੍ਰਿਤਸਰ ਅਤੇ ਗੁਰਦਾਸਪੁਰ ਵਿੱਚ ਪੁਲੀਸ ਚੌਕੀਆਂ ਨੂੰ ਨਿਸ਼ਾਨਾ ਬਣਾ ਕੇ ਧਮਾਕੇ ਦੀਆਂ ਕਈ ਘਟਨਾਵਾਂ ਵਾਪਰੀਆਂ ਹਨ। ਪਿਛਲੇ ਮਹੀਨੇ ਅੰਮ੍ਰਿਤਸਰ ਵਿੱਚ ਇੱਕ ਮੰਦਰ ਦੇ ਬਾਹਰ ਧਮਾਕਾ ਹੋਇਆ ਸੀ। ਇਸੇ ਤਰ੍ਹਾਂ 8 ਅਪਰੈਲ ਨੂੰ ਜਲੰਧਰ ਵਿੱਚ ਭਾਜਪਾ ਆਗੂ ਮਨੋਰੰਜਨ ਕਾਲੀਆ ਦੇ ਘਰ 'ਤੇ ਗ੍ਰਨੇਡ ਸੁੱਟਿਆ ਗਿਆ ਸੀ। -ਪੀਟੀਆਈ

# ਜਾਅਲੀ ਡੋਪ ਟੈਸਟ ਰਿਪੋਰਟਾਂ ਦੇਣ ਬਦਲੇ ਰਿਸ਼ਵਤਾਂ ਲੈਣ ਸਬੰਧੀ ਵਿਜੀਲੈਂਸ ਬਿਊਰੋ ਵੱਲੋਂ ਘੁਟਾਲੇ ਦਾ ਪਰਦਾਫਾਸ਼

## 10000 ਰੁਪਏ ਲੈਣ ਦੇ ਦੋਸ਼ ਹੇਠ ਸਰਕਾਰੀ ਹਸਪਤਾਲ ਦੇ ਦੋ ਕਰਮਚਾਰੀ ਗ੍ਰਿਫ਼ਤਾਰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 17 ਅਪ੍ਰੈਲ
INTERNATIONAL PAPER, 9463601616
hardipchumber57@gmail.com



ਪੰਜਾਬ ਵਿਜੀਲੈਂਸ ਬਿਊਰੋ ਨੇ ਜ਼ਿਲ੍ਹਾ ਕਪੂਰਥਲਾ ਦੇ ਸਰਕਾਰੀ ਹਸਪਤਾਲ ਭੁਲੱਥ ਵਿਖੇ ਚੱਲ ਰਹੇ ਇੱਕ ਘੁਟਾਲੇ ਦਾ ਪਰਦਾਫਾਸ਼ ਕੀਤਾ ਹੈ, ਜਿੱਥੇ ਕਰਮਚਾਰੀ ਫਰਜ਼ੀ ਨੈਗੇਟਿਵ ਡੋਪ ਟੈਸਟ ਰਿਪੋਰਟਾਂ ਜਾਰੀ ਕਰਨ ਬਦਲੇ ਰਿਸ਼ਵਤਾਂ ਲੈ ਰਹੇ ਸਨ। ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ 'ਤੇ ਦਰਜ ਕਰਵਾਈ ਸ਼ਿਕਾਇਤ 'ਤੇ ਕਾਰਵਾਈ ਕਰਦੇ ਹੋਏ ਵਿਜੀਲੈਂਸ ਬਿਊਰੋ ਨੇ ਦੋ ਮੁਲਜ਼ਮ ਮਨਪ੍ਰੀਤ ਸਿੰਘ ਉਰਫ਼ ਸੋਨੂੰ, ਵਾਰਡ ਅਟੈਂਡੈਂਟ ਅਤੇ ਭੋਲੂ ਉਰਫ਼ ਇਸਮਾਈਲ, ਠੇਕਾ ਅਧਾਰਤ ਕੰਪਿਊਟਰ ਆਪਰੇਟਰ ਨੂੰ 10000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ। ਉਕਤ ਹਸਪਤਾਲ ਵਿੱਚ ਤਾਇਨਾਤ ਡਾ. ਮੋਹਿਤਪਾਲ ਅਤੇ ਇੱਕ ਆਰਜ਼ੀ ਲੈਬਾਰਟਰੀ ਟੈਕਨੀਸ਼ੀਅਨ ਮਾਨ ਸਿੰਘ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾ ਰਹੀ ਹੈ।

ਅੱਜ ਇੱਥੇ ਇਹ ਜਾਣਕਾਰੀ ਦਿੰਦੇ ਹੋਏ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਉਕਤ ਮੁਲਜ਼ਮ ਨੇ ਸ਼ਿਕਾਇਤਕਰਤਾ ਨੂੰ ਨੈਗੇਟਿਵ ਡੋਪ ਟੈਸਟ ਰਿਪੋਰਟ ਜਾਰੀ ਕਰਨ ਦੇ ਇਵਜ਼ ਵਿੱਚ 10000 ਰੁਪਏ ਵਸੂਲੇ ਸਨ। ਹੋਰ ਜਾਂਚ ਤੋਂ ਇਹ ਵੀ ਪਤਾ ਲੱਗਾ ਹੈ ਕਿ ਮੁਲਜ਼ਮ ਡੋਪ ਟੈਸਟ ਦੇ ਨਤੀਜਿਆਂ ਵਿੱਚ ਹੇਰਾਫੇਰੀ ਕਰਨ ਲਈ ਧੜੱਲੇ ਨਾਲ ਰਿਸ਼ਵਤ ਲੈਂਦੇ ਸਨ ਅਤੇ ਇਹ ਰਿਪੋਰਟਾਂ ਦੀ ਵਰਤੋਂ ਹਥਿਆਰ ਲਾਇਸੈਂਸ ਲੈਣ ਲਈ ਨਵੀਆਂ ਅਰਜ਼ੀਆਂ ਦੇਣ ਜਾਂ ਲਾਇਸੈਂਸ ਰੀਨਿਊ ਕਰਨ ਦੌਰਾਨ ਕੀਤੀ ਜਾਂਦੀ ਸੀ। ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਮੰਗ ਸਬੰਧੀ ਸਬੂਤਾਂ ਸਮੇਤ ਸਕਾਰਾਤਮਕ ਅਤੇ ਫਰਜ਼ੀ ਨੈਗੇਟਿਵ ਰਿਪੋਰਟਾਂ ਨੂੰ ਸਬੂਤ ਪੇਸ਼ ਕੀਤਾ ਹੈ।

ਬੁਲਾਰੇ ਨੇ ਅੱਗੇ ਕਿਹਾ ਕਿ ਇਸ ਸਬੰਧ ਵਿੱਚ 17/04/2025 ਨੂੰ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਦੀ ਧਾਰਾ 7 ਅਤੇ 7-ਏ ਅਤੇ ਭਾਰਤੀ ਨਿਆਏ ਸੰਹਿਤਾ ਦੀ ਧਾਰਾ 61(2) ਦੇ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ, ਜਲੰਧਰ ਰੇਂਜ ਵਿਖੇ ਇੱਕ ਕੇਸ ਐਫਆਈਆਰ ਨੰਬਰ 19 ਅਧੀਨ ਦਰਜ ਕੀਤਾ ਗਿਆ ਹੈ। ਬੁਲਾਰੇ ਨੇ ਕਿਹਾ ਕਿ ਵਿਜੀਲੈਂਸ ਬਿਊਰੋ ਰੇਂਜ ਜਲੰਧਰ ਇਸ ਸਬੰਧ ਵਿੱਚ ਭ੍ਰਿਸ਼ਟ ਕਾਰਵਾਈਆਂ ਦਾ ਪਰਦਾਫਾਸ਼ ਕਰਨ ਅਤੇ ਉਕਤ ਘੁਟਾਲੇ ਵਿੱਚ ਸ਼ਾਮਲ ਹੋਰ ਸਟਾਫ ਦੀ ਭੂਮਿਕਾ ਪੜਤਾਲਣ ਲਈ ਪੂਰੀ ਬਾਰੀਕਬੀਨੀ ਨਾਲ ਜਾਂਚ ਕਰ ਰਹੀ ਹੈ।

# ਵੜਿੰਗ ਨੂੰ ਸਮਾਜ ਵਿੱਚੋਂ ਨਸ਼ੇ ਖਤਮ ਕਰਨ ਲਈ ਸੁਝਾਅ ਦੇਣੇ ਚਾਹੀਦੇ ਹਨ, ਨਾ ਕਿ ਇਸਦੇ ਬਦਲ ਦੇ : ਹਰਜੀਤ ਸਿੰਘ ਗਰੇਵਾਲ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 17 ਅਪ੍ਰੈਲ
INTERNATIONAL PAPER, 9463601616
hardipchumber57@gmail.com

ਭਾਜਪਾ ਦੇ ਰਾਸ਼ਟਰੀ ਕਾਰਜਕਾਰਨੀ ਮੈਂਬਰ ਅਤੇ ਸੀਨੀਅਰ ਆਗੂ ਹਰਜੀਤ ਸਿੰਘ ਗਰੇਵਾਲ ਨੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਚਿੱਟੇ ਦਾ ਨਸ਼ਾ ਕਰਨ ਵਾਲੇ ਨਸ਼ੇੜੀਆਂ ਨੂੰ ਅਫੀਮ ਲੈਣ ਦੀ ਸਲਾਹ 'ਦੇ ਬਿਆਨ ਤੇ ਮੀਡੀਆ ਵੱਲੋਂ ਪੁੱਛੇ ਗਏ ਸਵਾਲ ਦਾ ਜਵਾਬ ਦਿੰਦੇ ਹੋਏ ਕਿਹਾ ਕਿ ਕਿਸੇ ਵੀ ਨਸ਼ੇ ਦਾ ਕੋਈ ਬਦਲ ਨਹੀਂ ਹੁੰਦਾ, ਨਸ਼ਾ ਸਿਰਫ਼ ਇੱਕ ਨਸ਼ਾ ਹੈ ਅਤੇ ਇਹ ਸਿਰਫ਼ ਜ਼ਿੰਦਗੀਆਂ ਬਰਬਾਦ ਕਰਦਾ ਹੈ। ਕਾਂਗਰਸੀ ਆਗੂਆਂ ਦਾ ਆਪਣੀ ਜ਼ੁਬਾਨ 'ਤੇ ਕਾਬੂ ਨਹੀਂ ਹੈ ਅਤੇ ਇਨ੍ਹਾਂ ਲੋਕਾਂ ਦੇ ਅਜਿਹੇ ਬਿਆਨ ਸਮਾਜ ਨੂੰ ਨਸ਼ੇ ਵੱਲ ਧੱਕਣ ਦਾ ਕੰਮ ਕਰਦੇ ਹਨ।

ਗਰੇਵਾਲ ਨੇ ਕਿਹਾ ਕਿ ਅਜਿਹੇ ਆਗੂਆਂ ਦੇ ਬਿਆਨ, ਜੋ ਸਮਾਜ ਨੂੰ ਨੁਕਸਾਨ ਪਹੁੰਚਾ ਸਕਦੇ ਹਨ, ਮੀਡੀਆ ਵਲੋਂ ਪ੍ਰਸਾਰਿਤ ਨਹੀਂ ਕੀਤੇ ਜਾਣੇ ਚਾਹੀਦੇ। ਉਨ੍ਹਾਂ ਕਿਹਾ ਕਿ ਨਸ਼ੇ ਦੇ ਮੁੱਦੇ 'ਤੇ ਮਨੋਵਿਗਿਆਨੀ ਜਾਂ ਮਾਨਸਿਕ ਮਾਹਿਰਾਂ ਤੋਂ ਸਲਾਹ ਲੈਣੀ ਚਾਹੀਦੀ ਹੈ। ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਅਜਿਹੇ ਬਿਆਨ ਸੁਣਨ ਤੋਂ ਬਾਅਦ ਉਹ ਕਿਸੇ ਵੀ ਨਵੇਂ ਨਸ਼ੇ ਦੇ ਆਦੀ ਨਾ ਹੋਣ। ਅਜਿਹੇ ਨੀਮ ਹਕੀਮ ਖਤਰਾ



ਏ ਜਾਨ ਲੋਕਾਂ ਦੀ ਸਲਾਹ 'ਤੇ ਭਰੋਸਾ ਨਾ ਕਰੇ। ਉਸਨੇ ਰਾਜਾ ਵੜਿੰਗ ਨੂੰ ਸੋਚ-ਸਮਝ ਕੇ ਬੋਲਣ ਦੀ ਸਲਾਹ ਦਿੱਤੀ।

# ਸੁਪਰੀਮ ਕੋਰਟ ਨੇ ਚੋਣ ਨਿਯਮਾਂ ਵਿੱਚ ਸੋਧ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ ਦੀ ਸੁਣਵਾਈ ਅੱਗੇ ਪਾਈ

## ਕੇਂਦਰ ਤੇ ਚੋਣ ਕਮਿਸ਼ਨ ਨੂੰ ਦਾ ਜਵਾਬ ਦੇਣ ਲਈ ਤਿੰਨ ਹੋਰ ਹਫ਼ਤਿਆਂ ਦਾ ਸਮਾਂ ਦਿੱਤਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 17 ਅਪ੍ਰੈਲ
INTERNATIONAL PAPER, 9463601616
hardipchumber57@gmail.com

ਸੁਪਰੀਮ ਕੋਰਟ ਨੇ ਕੇਂਦਰ ਅਤੇ ਭਾਰਤੀ ਚੋਣ ਕਮਿਸ਼ਨ (ਈਸੀਆਈ) ਨੂੰ ਚੋਣ ਨਿਯਮਾਂ 1961 ਦੇ ਸੰਚਾਲਨ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ ਦਾ ਜਵਾਬ ਦੇਣ ਲਈ ਤਿੰਨ ਹੋਰ ਹਫ਼ਤਿਆਂ ਦਾ ਸਮਾਂ ਦਿੱਤਾ ਹੈ। ਇਹ ਨਿਯਮ ਕਥਿਤ ਤੌਰ 'ਤੇ ਲੋਕਾਂ ਦੇ ਚੋਣ-ਸਬੰਧਤ ਰਿਕਾਰਡਾਂ ਤੱਕ ਪਹੁੰਚ ਕਰਨ ਦੇ ਅਧਿਕਾਰ ਨੂੰ ਰੋਕਦੇ ਹਨ। ਇਸ ਵਿੱਚ ਸੀਸੀਟੀਵੀ ਫੁਟੇਜ, ਵੈਬਕਾਸਟਿੰਗ ਰਿਕਾਰਡਿੰਗ ਅਤੇ ਉਮੀਦਵਾਰਾਂ ਦੀ ਵੀਡੀਓ ਫੁਟੇਜ ਸ਼ਾਮਲ ਹਨ।

ਜਦੋਂ ਇਹ ਮਾਮਲਾ ਸੁਣਵਾਈ ਲਈ ਆਇਆ ਤਾਂ ਕੇਂਦਰ ਅਤੇ ਚੋਣ ਕਮਿਸ਼ਨ ਦੋਵਾਂ ਨੇ ਆਪਣੇ ਜਵਾਬ ਦਾਇਰ ਕਰਨ ਲਈ ਵਾਧੂ ਸਮਾਂ ਮੰਗਿਆ। ਇਸ ਤੋਂ ਬਾਅਦ ਸਰਵਉਚ ਅਦਾਲਤ ਨੇ ਇਸ ਮਾਮਲੇ ਦੀ ਸੁਣਵਾਈ ਅੱਗੇ ਪਾ ਦਿੱਤੀ। ਇਹ ਪਟੀਸ਼ਨਾਂ ਕਾਂਗਰਸ ਆਗੂ ਜੈਰਾਮ ਰਮੇਸ਼, ਆਰਟੀਆਈ ਕਾਰਕੁਨ ਅੰਜਲੀ ਭਾਰਦਵਾਜ ਅਤੇ ਹੋਰਾਂ ਨੇ ਦਾਇਰ ਕੀਤੀਆਂ ਸਨ।

ਪਟੀਸ਼ਨਰਾਂ ਨੇ ਚੋਣ ਕਮਿਸ਼ਨ ਨੂੰ 2024 ਦੀਆਂ



ਲੋਕ ਸਭਾ ਚੋਣਾਂ ਨਾਲ ਸਬੰਧਤ ਦਸਤਾਵੇਜ਼ਾਂ ਦੀਆਂ ਕਾਪੀਆਂ ਪੇਸ਼ ਕਰਨ ਲਈ ਨਿਰਦੇਸ਼ਾਂ ਦੀ ਮੰਗ ਕੀਤੀ ਹੈ, ਜਿਸ ਵਿੱਚ ਦਿੱਲੀ ਦੇ ਹਲਕਿਆਂ ਲਈ ਫਾਰਮ 17ਸੀ ਭਾਗ I ਵੀ ਸ਼ਾਮਲ ਹੈ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

**ਬਾਬਾ ਸਾਹਿਬ ਕਹਿੰਦੇ ਹਨ**

ਇੰਜੀ. ਹਰਦੀਪ ਸਿੰਘ ਚੁੰਬਰ

**1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੋ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।**

## ਕਲ੍ਹ ਦਾ ਬਾਕੀ ਭਾਗ

ਮੈਂ ਤੁਹਾਨੂੰ ਇੱਥੇ ਇੱਕ ਗੱਲ ਯਾਦ ਦਿਵਾਉਣਾ ਚਾਹੁੰਦਾ ਹਾਂ। ਬ੍ਰਾਹਮਣਾਂ ਦੇ ਬੱਚੇ ਸਨ ਅਤੇ ਉਨ੍ਹਾਂ ਕੋਲ ਫ਼ਲਸਫ਼ੇ ਲਈ ਸਿਰਫ਼ ਅਨੰਤ ਮਾਤਰਾ ਵਿੱਚ ਪਾਣੀ ਸੀ। ਯਾਤਰੀ ਇਸ ਵਿੱਚ ਕੱਪੜੇ ਭਿੱਜਦੇ ਸਨ ਅਤੇ ਇਸ ਨਾਲ ਆਪਣੇ ਸਰੀਰ ਨੂੰ ਪੂੰਝਦੇ ਸਨ। ਮੈਂ ਬੁੱਧ ਧਰਮ ਵਿੱਚ ਅਜਿਹਾ ਨਹੀਂ ਹੋਣ ਦੇਵਾਂਗਾ। ਸਾਫ਼ ਪਾਣੀ ਨਹੀਂ ਛੱਡਿਆ ਜਾਣਾ ਚਾਹੀਦਾ। ਹੁਣ ਅਸੀਂ ਤੈਅ ਕੀਤਾ ਹੈ ਕਿ ਭਗਵਾਨ ਬੁੱਧ ਦਾ ਧਰਮ



ਸਾਡਾ ਧਰਮ ਹੈ। ਤੁਸੀਂ ਪੰਢਰਪੁਰ ਜਾਓ, ਪਾਂਡੁਰੰਗਾ ਦੇ ਅਭੰਗ ਗਾਓ। ਪੰਢਰਪੁਰ ਦਾ ਵਿੱਠਲ ਕੌਣ ਸੀ, ਇਸ ਬਾਰੇ ਪੁਣੇ ਦੇ ਇਤਿਹਾਸ ਖੋਜ ਬੋਰਡ ਦੇ ਲੋਕਾਂ ਵਿੱਚ ਬਹਿਸ ਚੱਲ ਰਹੀ ਹੈ। ਮੈਂ ਉਨ੍ਹਾਂ ਨੂੰ ਇੱਕ ਸਵਾਲ ਪੁੱਛਣਾ ਚਾਹੁੰਦਾ ਹਾਂ ਕਿ ਪਹਿਲਾਂ ਇਸ ਸਵਾਲ ਦਾ ਜਵਾਬ ਦਿਓ ਕਿ ਵਿੱਠਲ ਦੇ ਘੁਟਾਲੇ ਨੂੰ ਛੱਡ ਕੇ ਪੰਢਰਪੁਰ ਦਾ ਪਾਂਡੁਰੰਗ ਕੌਣ ਹੈ। ਪਹਿਲਾਂ ਇਸ ਦਾ ਜਵਾਬ ਦਿਓ। ਉਹ ਕਿੱਥੋਂ ਦਾ ਹੈ? ਕੌਣ ਉਸ ਨੂੰ ਲੈ ਗਿਆ? ਉਸ ਨੂੰ ਕਿਸ ਨੇ ਮਾਰਿਆ? ਮੈਂ ਉਨ੍ਹਾਂ ਨੂੰ ਸਾਬਤ ਕਰਾਂਗਾ ਕਿ ਪਾਂਡੁਰੰਗ ਅਰਥਾਤ ਪੰਢਰਪੁਰ ਵਿੱਚ ਬੁੱਧ ਧਰਮ ਦਾ ਇੱਕ ਮੱਠ ਸੀ। (ਤਾੜੀਆਂ) ਪੁੰਡਲਿਕ ਸ਼ਬਦ ਤੋਂ ਪਾਂਡੁਰੰਗ ਸ਼ਬਦ ਬਣਿਆ ਸੀ। ਪੁੰਡਲਿਕ ਦਾ ਅਰਥ ਹੈ ਕਮਲ। ਬੁੱਧ ਧਰਮ ਕੋਈ ਧਰਮ ਨਹੀਂ ਸੀ। ਅਣਜਾਣ ਲੋਕ ਕੀ ਜਾਣਦੇ ਹਨ? ਇਸ ਬਾਰੇ ਕੁਝ ਵਿਵਾਦ ਸੀ - 'ਬ੍ਰਹਮ ਘਰ ਹੈ ਅਤੇ ਆਤਮਾ ਬ੍ਰਹਮਾ ਦਾ ਪਰਛਾਵਾਂ ਹੈ। ਸੂਰਜ ਅਤੇ ਸੂਰਜ ਦਾ ਪ੍ਰਤੀਬਿੰਬ, ਘਰ ਅਤੇ ਘਰ ਦਾ ਪਰਛਾਵਾਂ, ਇਸੇ ਤਰ੍ਹਾਂ ਬ੍ਰਹਮਾ ਅਤੇ ਆਤਮਾ ਦੀ ਗੱਲ ਹੈ।' ਅਸਲ ਵਿੱਚ ਇਹ ਸਭ ਪੁਰਾਣਾਂ ਦੀਆਂ ਗੱਲਾਂ ਹਨ। ਜੇਕਰ ਆਤਮਾ ਬ੍ਰਹਮਾ ਦਾ ਪਰਛਾਵਾਂ ਹੈ ਤਾਂ ਅਛੂਤਾਂ ਨੂੰ ਸ਼ਨਿਵਰ ਵਾੜੇ ਦੇ ਸਰੋਵਰ ਤੋਂ ਪਾਣੀ ਕਿਉਂ ਨਹੀਂ ਕੱਢਣ ਦਿੱਤਾ ਜਾਂਦਾ? , ਝਗੜੇ ਦਾ ਕੋਈ ਅੰਤ ਨਾ ਹੁੰਦਾ ਦੇਖ ਕੇ ਬੱਚੇ ਬੁੱਢੇ ਕੋਲ ਚਲੇ ਗਏ। ਉਸ ਨੂੰ ਬ੍ਰਾਹਮਣਾਂ ਦੀ ਨਜ਼ਰ ਚੰਗੀ ਨਹੀਂ ਲੱਗੀ। ਭਗਵਾਨ ਬੁੱਧ ਨੇ ਉਸਨੂੰ ਪੁੱਛਿਆ- ਕੀ ਇਹ ਬ੍ਰਹਮਾ ਸਤਿਆ ਹੈ? ਕੀ ਤੁਸੀਂ ਬ੍ਰਹਮ ਨੂੰ ਦੇਖਿਆ ਹੈ? ਬ੍ਰਹਮਾ ਕੁਝ ਸਮੇਂ ਲਈ ਹੈ ਜਾਂ ਸਦਾ ਲਈ? ਉਸਦੀ ਦਿੱਖ ਕੀ ਹੈ? ਕੀ ਉਹ ਕੁਝ ਕਹੇਗਾ? ਕੀ ਇਸ ਵਿੱਚ ਜੂਸ ਜਾਂ ਖੁਸ਼ਬੂ ਹੈ? ਕੀ ਇਹ ਗੁਲਾਬ ਦੇ ਫੁੱਲਾਂ ਵਰਗਾ ਹੈ ਜਾਂ ਚੰਪਾ ਦੇ ਫੁੱਲਾਂ ਵਰਗਾ? ਕੀ ਇਹ ਮਿੱਠਾ, ਖੱਟਾ ਜਾਂ ਮਸਾਲੇਦਾਰ ਹੈ?

ਸੱਚ ਨੂੰ ਜਾਣਨ ਲਈ ਕੇਵਲ ਮਨੁੱਖ ਕੋਲ ਪੰਜ ਗਿਆਨ ਇੰਦਰੀਆਂ ਹਨ। ਅੱਖਾਂ, ਕੰਨ, ਨੱਕ, ਜੀਭ, ਚਮੜੀ। ਅੱਖਾਂ ਨਾਲ ਦੇਖਿਆ ਜਾ ਸਕਦਾ ਹੈ। ਕੰਨਾਂ ਦੁਆਰਾ ਸੁਣਿਆ ਜਾ ਸਕਦਾ ਹੈ. ਨੱਕ ਗੰਧ ਦਾ ਪਤਾ ਲਗਾਉਂਦਾ ਹੈ। ਜੀਭ ਰਾਹੀਂ ਸੁਆਦ ਪ੍ਰਗਟ ਹੁੰਦਾ ਹੈ। ਜਿਸ ਕੋਲ ਪੰਜ ਗਿਆਨ ਇੰਦਰੀਆਂ ਦਾ ਪ੍ਰਮਾਣ ਹੈ, ਉਹੀ ਹੈ ਜੋ ਸਤਯ ਬ੍ਰਹਮਾ ਨੂੰ ਸੱਚ ਮੰਨਣਾ ਜਾਨੀ ਕਿਸੇ ਕੁੜੀ ਨੂੰ ਬਿਨਾਂ ਦੇਖੇ ਪਿਆਰ ਕਰਨ ਵਰਗਾ ਹੈ। ਭਗਵਾਨ ਬੁੱਧ ਦਾ ਧਰਮ ਸਮਾਨਤਾ ਦਾ ਧਰਮ ਹੈ। ਹਾਲ ਹੀ ਵਿੱਚ ਮੈਨੂੰ ਲਕਸ਼ਮਣ ਸ਼ਾਸਤਰੀ ਜੋਸ਼ੀ ਦੁਆਰਾ ਮੇਰੇ ਬਾਰੇ ਲਿਖੇ ਲੇਖ ਬਾਰੇ ਪਤਾ ਲੱਗਾ। ਮੇਰੇ ਬਾਰੇ ਇਸ ਤਰ੍ਹਾਂ ਕੋਈ ਨਹੀਂ ਲਿਖਦਾ ਅਤੇ ਇਹ ਨਹੀਂ ਕਿਹਾ ਜਾ ਸਕਦਾ ਕਿ ਜੇਕਰ ਕੋਈ ਅਜਿਹਾ ਕਰਦਾ, ਤਾਂ ਇਹ ਚੰਗਾ ਹੋਵੇਗਾ। ਜੋਸ਼ੀ ਨੇ ਆਪਣੇ ਲੇਖ ਵਿਚ ਲਿਖਿਆ ਹੈ। ਕਿ ਡਾ ਅੰਬੇਡਕਰ ਦਾ ਅਵਤਾਰ ਕਾਰਜ ਹੁਣ ਖਤਮ ਹੋ ਗਿਆ ਹੈ। ਪਰ ਅਸਲ ਵਿੱਚ ਮੇਰਾ ਅਵਤਾਰ ਕਾਰਜ ਅਜੇ ਖਤਮ ਨਹੀਂ ਹੋਇਆ, ਸਗੋਂ ਇਹ ਤਾਂ ਸ਼ੁਰੂਆਤ ਹੈ। ਜੇਕਰ ਲਕਸ਼ਮਣ ਸ਼ਾਸਤਰੀ ਵਰਗਾ ਵਿਦਵਾਨ ਵਿਅਕਤੀ ਇਸ ਤਰ੍ਹਾਂ ਲਿਖਣ ਲੱਗ ਜਾਵੇ ਤਾਂ ਕੀ ਕਿਹਾ ਜਾ ਸਕਦਾ ਹੈ? ਅਸੀਂ ਮਹਾਡ ਵਿੱਚ ਸੱਤਿਆਗ੍ਰਹਿ ਅੰਦੋਲਨ ਕੀਤਾ। ਤੁਸੀਂ ਹਿੰਦੂ ਲੋਕ ਸਾਨੂੰ ਹਿੰਦੂ ਕਹਿੰਦੇ ਹੋ, ਠੀਕ ਹੈ? ਇਸ ਲਈ ਅਸੀਂ ਸੱਤਿਆਗ੍ਰਹਿ ਇਹ ਵੇਖਣ ਲਈ ਕੀਤਾ ਕਿ ਤੁਸੀਂ ਲੋਕ ਸਾਨੂੰ ਪਾਣੀ ਪੀਣ ਦਿੰਦੇ ਹੋ ਜਾਂ ਨਹੀਂ। ਅਸੀਂ ਇਹ ਦੇਖਣ ਲਈ ਇੱਕ ਮੰਦਰ ਪ੍ਰਵੇਸ਼ ਅੰਦੋਲਨ ਦਾ ਆਯੋਜਨ ਕੀਤਾ ਕਿ ਸਾਨੂੰ ਮੰਦਰ ਵਿੱਚ ਦਾਖਲ ਹੋਣ ਦੀ ਇਜਾਜ਼ਤ ਹੈ ਜਾਂ ਨਹੀਂ। ਇੰਨੇ ਦਿਨਾਂ ਤੋਂ ਨਦੀਨ-ਨਾਸ਼ਕ ਕਰ ਵਾਹ-ਵਹਾਈ ਕਰਕੇ ਜ਼ਮੀਨ ਨੂੰ ਫ਼ਸਲਾਂ ਦੀ ਬਿਜਾਈ ਲਈ ਯੋਗ ਬਣਾ ਦਿੱਤਾ ਹੈ। ਹੁਣ ਮੇਰੇ ਕੋਲ ਬਹੁਤ ਘੱਟ ਜ਼ਿੰਦਗੀ ਬਚੀ ਹੈ। ਬਦਕਿਸਮਤੀ ਨਾਲ, ਮੈਂ ਸਮਾਜਿਕ ਕਾਰਜਾਂ ਨੂੰ ਪੂਰਾ ਨਹੀਂ ਕਰ ਸਕਿਆ ਹਾਂ. ਮੈਂ ਹੁਣ ਬਾਕੀ ਸਾਰੇ ਕੰਮਾਂ ਤੋਂ ਛੁੱਟੀ ਲੈਣ ਜਾ ਰਿਹਾ ਹਾਂ। ਮੈਂ ਬੁੱਧ ਧਰਮ ਨੂੰ ਫੈਲਾਉਣ ਲਈ ਕੰਮ ਕਰਨਾ ਚਾਹੁੰਦਾ ਹਾਂ। ਅੱਜ ਦੀ ਘਟਨਾ ਨੂੰ ਦੇਖ ਕੇ ਕੁਝ ਲੋਕ ਸਾਡਾ ਮਜ਼ਾਕ ਵੀ ਉਡਾਉਣਗੇ। ਪਰ ਚੰਗਾ ਕੰਮ ਹਮੇਸ਼ਾ ਔਖਾ ਹੁੰਦਾ ਹੈ। ਮਹਾਰ ਜਾਤੀ ਧੀਰਜਵਾਨ ਹੈ। ਉਸ ਦੇ ਸਿਰ 'ਤੇ ਹੋਰ ਜਾਤਾਂ ਹਨ। ਲੰਗੋਟ, ਕਮਰ ਅਤੇ ਸੋਟੀ ਉਸ ਦਾ ਪਹਿਰਾਵਾ ਪਹਿਚਾਣ ਹੈ। ਜੈਨ ਭਿਕਸ਼ੂ ਨੰਗੇ ਘੁੰਮਦੇ ਹਨ। ਉਨ੍ਹਾਂ ਵਾਂਗ ਅਸੀਂ ਵੀ ਨੰਗੇ ਘੁੰਮਾਂਗੇ।

ਮੈਂ ਤੁਹਾਨੂੰ ਦੋ ਗੱਲਾਂ ਦੱਸਣਾ ਚਾਹੁੰਦਾ ਹਾਂ। ਜਿਸ ਦਿਨ ਤੂੰ ਇਹ ਧਰਮ ਕਬੂਲ ਕਰ ਲਵੇਂਗਾ, ਉਸੇ ਦਿਨ ਤੈਨੂੰ ਬਹੁਤ ਸਾਰੇ ਕੰਮ ਛੱਡਣੇ ਪੈਣਗੇ। ਤੁਹਾਨੂੰ ਇਕਾਦਸ਼ੀ 'ਤੇ ਪੰਢਰਪੁਰ ਜਾਣਾ ਬੰਦ ਕਰਨਾ ਹੋਵੇਗਾ ਅਤੇ ਦ੍ਵਾਦਸ਼ੀ 'ਤੇ ਹੋਰ ਖੇਤਰਾਂ 'ਚ ਜਾਣਾ ਪਵੇਗਾ। ਮੈਨੂੰ ਇਹ ਚੰਗੀ ਤਰ੍ਹਾਂ ਯਾਦ ਹੈ। ਨਾਸਿਕ ਜ਼ਿਲ੍ਹੇ ਦੇ ਤ੍ਰਿੰਬਕ ਵਿੱਚ ਇੱਕ ਤਾਲਾਬ ਸੀ। ਇਸ ਛੱਪੜ ਵਿੱਚ ਸਿਰਫ਼ ਇੱਕ ਉਂਗਲ ਹੀ ਪਾਣੀ ਸੀ। ਯਾਤਰੀ ਇਸ ਵਿੱਚ ਕੱਪੜਾ ਭਿੱਜਦੇ ਸਨ ਅਤੇ ਇਸ ਨਾਲ ਆਪਣੇ ਸਰੀਰ ਪੂੰਝਦੇ ਸਨ। ਮੈਂ ਬੁੱਧ ਧਰਮ ਵਿੱਚ ਇਸ ਤਰ੍ਹਾਂ ਦੀ ਉਲਝਣ ਨਹੀਂ ਹੋਣ ਦਿਆਂਗਾ। ਗੰਦੇ ਪਾਣੀ ਨੂੰ ਸਾਫ਼ ਪਾਣੀ ਵਿੱਚ ਨਹੀਂ ਪਾਉਣਾ ਚਾਹੀਦਾ। ਅਸੀਂ ਹੁਣ ਫੈਸਲਾ ਕਰ ਲਿਆ ਹੈ ਕਿ ਭਗਵਾਨ ਬੁੱਧ ਦਾ ਧਰਮ ਸਾਡਾ ਧਰਮ ਹੈ। ਤੂੰ ਪੰਢਰਪੁਰ ਜਾਂਦੇ ਹੋ, ਪਾਂਡੁਰੰਗ ਦੇ ਅਭੰਗ ਗਾਉਂਦੇ ਹੋ। ਪੂਨੇ ਦੇ ਇਤਿਹਾਸ ਖੋਜ ਬੋਰਡ ਦੇ ਲੋਕਾਂ ਵਿੱਚ ਪੰਢਰਪੁਰ ਦਾ ਵਿੱਠਲ ਕੌਣ ਸੀ ਇਸ ਵਿਸ਼ੇ 'ਤੇ ਚਰਚਾ ਹੋ ਰਹੀ ਹੈ। ਮੈਂ ਉਸ ਨੂੰ ਇੱਕ ਸਵਾਲ ਪੁੱਛਣਾ ਚਾਹੁੰਦਾ ਹਾਂ, ਵਿੱਠਲ ਦੇ ਘੁਟਾਲੇ ਨੂੰ ਛੱਡ ਕੇ, ਪਹਿਲਾਂ ਇਸ ਸਵਾਲ ਦਾ ਜਵਾਬ ਦਿਓ ਕਿ ਪੰਢਰਪੁਰ ਦਾ ਪਾਂਡੁਰੰਗ ਕੌਣ ਹੈ? ਪਹਿਲਾਂ ਇਸ ਦਾ ਜਵਾਬ ਦਿਓ। ਉਹ ਕਿਥੋ ਦਾ ਹੈ? ਉਸ ਨੂੰ ਕੌਣ ਭਜਾ ਕੇ ਲੈ ਗਿਆ? ਕਿਸਨੇ ਉਸਨੂੰ ਡੁਬੋਇਆ? ਪਾਂਡੁਰੰਗ ਅਰਥਾਤ ਪੰਢਰਪੁਰ ਵਿੱਚ ਬੁੱਧ ਧਰਮ ਦਾ ਇੱਕ ਮੱਠ ਸੀ। ਮੈਂ ਉਨ੍ਹਾਂ ਨੂੰ ਇਹ

"ਇਕੁਐਲਿਟੀ ਐਂਡ ਜਸਟਿਸ"
"Equality and Justice" स्वतंत्रता, समानता, भाईचारा Rs- 100/month

ਸਾਬਤ ਕਰਾਂਗਾ। ( ਤਾੜੀਆਂ ਦੀ ਗੜਗੜਾਹਟ ) ਪੁੰਡਲਿਕ ਸ਼ਬਦ ਤੋਂ ਪਾਂਡੁਰੰਗ ਸ਼ਬਦ ਬਣਿਆ ਹੈ। ਪੁੰਡਲਿਕ ਦਾ ਅਰਥ ਹੈ ਕਮਲ। ਬੁੱਧ ਧਰਮ ਵਿੱਚ ਕੋਈ ਮੂਰਤੀ ਪੂਜਾ ਨਹੀਂ ਸੀ। ਅਗਿਆਨੀ ਲੋਕ ਦਰਸ਼ਨ ਬਾਰੇ ਕਿਵੇਂ ਜਾਣ ਸਕਦੇ ਹਨ? ਕਮਲ ਨੂੰ ਪਾਲੀ ਭਾਸ਼ਾ ਵਿੱਚ ਪਾਂਡੁਰੰਗ ਕਿਹਾ ਜਾਂਦਾ ਹੈ। ਤੁਹਾਨੂੰ ਧੋਖਾ ਦੇਣ ਲਈ, ਬ੍ਰਾਹਮਣਾਂ ਨੇ ਬੁੱਧ ਦਾ ਨਾਮ ਛੱਡ ਦਿੱਤਾ। ਇਹ ਸੁਆਰਥੀ ਲੋਕ ਦਾਅਵਾ ਕਰਦੇ ਹਨ ਕਿ ਮਹਾਰਾਸ਼ਟਰ ਦੇ ਉੱਕਰੀ ਕਲਾ ਦੇ ਨਮੂਨੇ ਪਾਂਡਵਾਂ ਦੇ ਹਨ। ਪਾਂਡਵ ਇੱਥੇ ਕਿਉਂ ਆਏ? , ਪਾਂਡਵ ਦਿੱਲੀ ਤੋਂ ਬਾਹਰ 80 ਮੀਲ ਤੋਂ ਅੱਗੇ ਕਿਤੇ ਨਹੀਂ ਗਏ। ਉਸ ਨੇ ਅਲਵਰ ਰਿਆਸਤ ਵਿੱਚ 1500 ਕਲਾਕ੍ਰਿਤੀਆਂ ਕਿਵੇਂ ਛੱਡੀਆਂ? ਉਸ ਕੋਲ ਨਾ ਤਾਂ ਛੈਨੀ ਸੀ ਅਤੇ ਨਾ ਹੀ ਕੋਈ ਬੇਲਚਾ। ਭਗਵਾਨ ਬੁੱਧ ਨੇ ਕਿਹਾ 'ਇੱਥੇ ਆ ਕੇ ਵੇਖੋ'! ਬੱਸ ਇਹ ਨਹੀਂ ਕਿ ਮੈਂ ਕਹਿ ਰਿਹਾ ਹਾਂ ਕਿ ਤੁਸੀਂ ਧਰਮ ਅਪਣਾਓ। ਜੇ ਤੁਹਾਡੀ ਅਗਿਆਨਤਾ ਦਾ ਨਾਸ ਹੋ ਜਾਵੇ ਤਾਂ ਹੀ ਤੁਹਾਨੂੰ ਇਹ ਧਰਮ ਸਵੀਕਾਰ ਕਰਨਾ ਚਾਹੀਦਾ ਹੈ। ਤੁਹਾਨੂੰ ਦੱਸਣ ਲਈ ਇੱਕ ਗੱਲ ਬਾਕੀ ਹੈ। ਇਹ ਮੱਠ ਜੋ ਬਣਾਇਆ ਗਿਆ ਹੈ ਉਹ ਬਹੁਤ ਛੋਟਾ ਹੈ। ਜੇ ਤੁਸੀਂ ਇਸਨੂੰ ਉਸੇ ਸਥਿਤੀ ਵਿੱਚ ਰੱਖਦੇ ਹੋ ਜਿਸ ਵਿੱਚ ਇਹ ਹੈ, ਤਾਂ ਤੁਸੀਂ ਕਲੰਕ ਮਹਿਸੂਸ ਕਰੋਗੇ। ਇਸ ਵਿਹਾਰ ਲਈ ਇੱਕ ਹਾਲ ਦੀ ਲੋੜ ਹੈ। ਪਰਿਕਰਮਾ ਲਈ ਸਪੇਸ ਦੀ ਲੋੜ ਹੁੰਦੀ ਹੈ। ਤੁਸੀਂ ਸਾਰੇ ਦਾਨ ਦੇ ਕੇ ਇਸ ਵਿਹਾਰ ਨੂੰ ਸ਼ਾਨਦਾਰ ਦਿੱਖ ਦੇਣ ਦੀ ਕੋਸ਼ਿਸ਼ ਕਰੋ। ਪਰ, ਰੱਬ ਦੇ ਨਾਮ 'ਤੇ ਇਕੱਠੇ ਕੀਤੇ ਪੈਸੇ ਨੂੰ ਨਾ ਖਾਓ। ਉਸ ਵਿਹਾਰ ਵਿੱਚ ਜਿੱਥੇ ਬੁੱਧੀਵੰਦਨਾ, ਭਿਕਸ਼ਰਨ, ਪੰਚਸ਼ੀਲ, ਆਰੀਆ ਅਸ਼ਟਾਂਗਿਕ ਮਾਰਗ ਦਾ ਪਾਠ ਹੋਵੇਗਾ ਅਤੇ ਬੁੱਧੀ ਦੁਆਰਾ ਦਿੱਤੀਆਂ ਮਨੁੱਖੀ ਕਦਰਾਂ-ਕੀਮਤਾਂ ਦਾ ਸਹੀ ਸੰਦੇਸ਼ ਦਿੰਦੇ ਹਨ, ਉੱਥੇ ਹੀ ਇਹ ਬੁੱਧ ਵਿਹਾਰ ਵਿਦਿਆਰਥੀਆਂ ਲਈ ਪੜ੍ਹਨ ਲਈ ਵੀ ਖੋਲ੍ਹਿਆ ਜਾਵੇਗਾ।

ਮੈਂ ਜੋ ਵੀ ਕਹਿਣਾ ਸੀ ਅੱਜ ਦੇ ਸੰਦਰਭ ਅਨੁਸਾਰ ਕਹਿ ਦਿੱਤਾ ਹੈ। ਅੱਜ ਦੀ ਘਟਨਾ ਇਤਿਹਾਸ ਵਿੱਚ ਦਰਜ ਹੋਣ ਜਾ ਰਹੀ ਹੈ। ਬਾਰਾਂ ਸੌ ਸਾਲਾਂ ਬਾਅਦ ਬੁੱਧ ਦੀ ਮੂਰਤੀ ਸਥਾਪਤ ਕਰਨ ਦਾ ਪਹਿਲਾ ਮਾਣ ਸਾਨੂੰ ਮਿਲਿਆ ਹੈ। ਇਸ ਦਾ ਸਾਰਾ ਸਿਹਰਾ ਸਾਡੇ ਸਿਰ ਜਾਂਦਾ ਹੈ। ਇਸ ਲਈ ਸਾਨੂੰ ਧੰਨ ਮਹਿਸੂਸ ਕਰਨਾ ਚਾਹੀਦਾ ਹੈ।

# ਬਲਾਕ ਸਿੱਖਿਆ ਪ੍ਰਾਇਮਰੀ ਸਿੱਖਿਆ ਅਫਸਰਾਂ ਦੀਆਂ ਪਦਉਨਤੀਆਂ ਜ਼ਿਲਾ ਪੱਧਰੀ ਸੀਨੀਅਰਤਾ ਅਨੁਸਾਰ ਕੀਤੀਆਂ ਜਾਣ- ਅਮਨਦੀਪ ਸ਼ਰਮਾ

- ਹਲਕਾ ਵਿਧਾਇਕ ਬੁਢਲਾਡਾ ਰਾਹੀਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਭੇਜਿਆ ਮੰਗ ਪੱਤਰ- ਰਾਮਪਾਲ ਬੀਰੋਕੇ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com

ਮਾਨਸਾ/ਬੁਢਲਾਡਾ 17 ਅਪ੍ਰੈਲ (ਆਤਮਾ ਸਿੰਘ ਪਮਾਰ)

ਪੰਜਾਬ ਭਰ ਵਿੱਚ ਬਲਾਕ ਪ੍ਰਾਇਮਰੀ ਸਿੱਖਿਆ ਸਿੱਖਿਆ ਅਫਸਰਾਂ ਦੀਆਂ 228 ਵਿੱਚੋਂ 113 ਦੇ ਕਰੀਬ ਅਸਾਮੀਆਂ ਖਾਲੀ ਹੋਣ ਤੇ ਮੁੱਖ ਅਧਿਆਪਕ ਅਤੇ ਕੇਂਦਰ ਮੁੱਖ ਅਧਿਆਪਕ ਜਥੇਬੰਦੀ ਪੰਜਾਬ ਦੇ ਸੂਬਾ ਪ੍ਰਧਾਨ ਅਮਨਦੀਪ ਸ਼ਰਮਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਜਿਲ੍ਹਾ ਪੱਧਰੀ ਸੀਨੀਅਰਤਾ ਸੂਚੀ ਬਣਾ ਕੇ ਬਲਾਕ ਸਿੱਖਿਆ ਅਫਸਰਾਂ ਦੀਆਂ ਤਰੱਕੀਆਂ ਕੀਤੀਆਂ ਜਾਣ । ਜਥੇਬੰਦੀ ਪੰਜਾਬ ਦੇ ਜੁਆਇੰਟ ਸਕੱਤਰ



ਰਕੇਸ਼ ਗੋਇਲ ਬਰੇਟਾ ਨੇ ਕਿਹਾ ਕਿ ਜਿੰਨ੍ਹਾਂ ਜ਼ਿਲ੍ਹਿਆਂ ਨੇ ਪਹਿਲਾਂ ਤਰੱਕੀਆਂ ਕੀਤੀਆਂ ਹਨ ਉਨਾਂ ਜ਼ਿਲ੍ਹਿਆਂ ਵਿੱਚੋਂ ਹੀ ਬਣ ਬਲਾਕ ਸਿੱਖਿਆ ਅਫਸਰ ਬਣ ਰਹੇ ਹਨ। ਜਿਸਦਾ ਕਾਰਨ ਪ੍ਰਾਈਮਰੀ ਕਾਡਰ ਦੀ ਪੋਸਟ ਜ਼ਿਲਾ ਪੱਧਰੀ ਹੋਣਾ ਅਤੇ ਤਰੱਕੀਆਂ ਸਟੇਟ ਪੱਧਰੀ ਹੋਣਾ ਹੈ।

ਉਨਾਂ ਕਿਹਾ ਕਿ ਇੱਕੋ ਭਰਤੀ ਵਿੱਚ ਭਰਤੀ ਹੋਣ ਵਾਲੇ ਬਹੁਤੇ ਅਧਿਆਪਕ ਅਜੇ ਨਹੀਂ ਬਣ ਸਕੇ ਸੈਂਟਰ ਹੈਡ ਟੀਚਰ । ਸੁਖਵਿੰਦਰ ਸਿੰਗਲਾ ਬਰੇਟਾ ਨੇ ਕਿਹਾ ਬਲਾਕ ਸਿੱਖਿਆ ਅਫਸਰਾਂ ਦੀਆਂ ਤਰੱਕੀਆਂ ਦਾ ਪ੍ਰਮੋਸ਼ਨ ਕੋਟਾ ਵੀ 75%ਕੀਤਾ ਜਾਵੇ।

ਉਹਨਾਂ ਕਿਹਾ ਕਿ ਪੰਜਾਬ ਦੇ ਕਈ ਜਿਲੇ ਜਿਵੇਂ ਮਾਨਸਾ ਅਤੇ ਰੋਪੜ , ਬਠਿੰਡਾ ,ਮਲੇਰਕੋਟਲਾ ਜ਼ਿਲ੍ਹੇ ਵਿੱਚ ਪੂਰੇ ਜ਼ਿਲ੍ਹੇ ਨੂੰ ਸਿਰਫ ਇੱਕ ਇੱਕ ਬਲਾਕ ਸਿੱਖਿਆ ਅਫਸਰ ਹੀ ਚਲਾ ਰਹੇ ਹਨ।

ਇਸ ਮੌਕੇ ਜੱਥੇਬੰਦੀ ਵੱਲੋਂ ਸਿੱਖਿਆ ਮੰਤਰੀ ਦੇ ਨਾਂ ਹਲਕਾ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਬੁੱਧਰਾਮ ਰਾਹੀਂ ਇੱਕ ਮੰਗ ਪੱਤਰ ਵੀ ਵੀ ਭੇਜਿਆ ਗਿਆ। ਵਿਧਾਇਕ ਵੱਲੋਂ ਵਿਸ਼ਵਾਸ ਦਿਵਾਇਆ ਕਿ ਪ੍ਰਾਇਮਰੀ ਅਧਿਆਪਕਾਂ ਦੇ ਇੰਨਾਂ ਮਸਲਿਆਂ ਸੰਬੰਧੀ ਸਿੱਖਿਆ ਮੰਤਰੀ ਨਾਲ ਗੱਲਬਾਤ ਕੀਤੀ ਜਾਵੇਗੀ। ਸੀਨੀਅਰ ਅਧਿਆਪਕਾਂ ਨੂੰ ਜਲਦੀ ਹੀ ਉਹਨਾਂ ਦਾ ਹੱਕ ਦਵਾਇਆ ਜਾਵੇਗਾ।ਇਸ ਮੌਕੇ ਸੁਖਵਿੰਦਰ ਸਿੰਗਲਾ ਬਰੇਟਾ, ਗੁਰਜੰਟ ਸਿੰਘ ਬੱਛੋਆਣਾ ਆਦਿ ਅਧਿਆਪਕ ਵੀ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਨੇ ਅਨਾਜ ਮੰਡੀ ਮੋਰਿੰਡਾ ਦਾ ਦੌਰਾ,ਕਣਕ ਦੀ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ

## ਕਿਸਾਨਾਂ ਦੀ ਫ਼ਸਲ ਦਾ ਇੱਕ ਇੱਕ ਦਾਣਾ ਖ੍ਰੀਦਿਆ ਜਾਵੇਗਾ - ਡੀ ਸੀ ਰਵਜੀਤ ਵਾਲੀਆਂ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com

ਮੋਰਿੰਡਾ 17 ਅਪ੍ਰੈਲ ,(ਪਤਰ ਪ੍ਰੇਰਕ,) ਪੰਜਾਬ ਸਰਕਾਰ ਵਲੋਂ ਕਣਕ ਦੀ ਖ਼ਰੀਦ ਦੇ ਲੋੜੀਂਦੇ ਪ੍ਰਬੰਧ ਸੁਚਾਰੂ ਹਨ ਅਤੇ ਪੰਜਾਬ ਸਰਕਾਰ ਵਲੋਂ ਕਣਕ ਦੀ ਫਸਲ ਦਾ ਇੱਕ-ਇੱਕ ਦਾਣਾ ਪਾਰਦਰਸ਼ਤਾ ਅਤੇ ਸੁਚਾਰੂ ਢੰਗ ਨਾਲ ਖਰੀਦ ਕੀਤਾ ਜਾ ਰਿਹਾ ਹੈ ਤੇ ਕਿਸਾਨਾਂ ਨੂੰ ਮੰਡੀਆਂ ਵਿਚ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਰੂਪਨਗਰ ਸ਼੍ਰੀ ਵਰਜੀਤ ਵਾਲੀਆਂ ਨੇ ਦਾਣਾ ਮੰਡੀ ਮੋਰਿੰਡਾ ਵਿਖੇ ਕਣਕ ਦੀ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਣ ਮੌਕੇ ਕੀਤਾ। ਇਸ ਮੌਕੇ ਸੀਨੀਅਰ ਪੁਲਿਸ ਕਪਤਾਨ



ਰੂਪਨਗਰ ਸ. ਗੁਲਨੀਤ ਸਿੰਘ ਖੁਰਾਣਾ ਵੀ ਹਾਜ਼ਰ ਸਨ।ਇਸ ਮੌਕੇ ਉਨ੍ਹਾਂ ਗੱਲਬਾਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਕਿਸਾਨਾਂ ਨੂੰ ਵੱਧ ਤੋਂ ਵੱਧ ਸਹੂਲਤਾਂ ਦੇਣ ਅਤੇ ਅਤੇ ਉਨ੍ਹਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਵਚਨਬੱਧ ਹੈ।ਡਿਪਟੀ ਕਮਿਸ਼ਨਰ ਰੂਪਨਗਰ ਸ਼੍ਰੀ ਵਰਜੀਤ ਵਾਲੀਆ ਨੇ ਕਿਹਾ ਕਿ ਪੰਜਾਬ ਸਰਕਾਰ ਦੀਆ ਹਦਾਇਤਾ ਅਨੁਸਾਰ ਜ਼ਿਲ੍ਹਾ ਰੂਪਨਗਰ ਵਿੱਚ ਕਣਕ ਦੀ ਲਿਫਟਿੰਗ ਅਤੇ ਖਰੀਦ ਲਈ ਪੁੱਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਮੰਡੀਆਂ ਵਿਚ ਝੋਨੇ ਦੀ ਫਸਲ ਦਾ ਦਾਣਾ-ਦਾਣਾ ਬਿਨਾ ਦੇਰੀ ਖਰੀਦਿਆ ਜਾਵੇਗਾ ਅਤੇ ਸਮੇਂ ਸਿਰ ਅਦਾਇਗੀ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਪਨਸਪ, ਪੰਜਾਬ ਸਟੇਟ ਵੇਅਰ ਹਾਊਸ ਕਾਰਪੋਰੇਸ਼ਨ, ਮਾਰਕਫੈੱਡ ਅਤੇ ਪਨਗ੍ਰੇਨ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਕਣਕ ਦੀ ਖਰੀਦ ਤੇ ਲਿਫਟਿੰਗ ਦੇ ਪ੍ਰਬੰਧਾਂ ਨੂੰ ਸਮਾਂਬੱਧ ਸਮੇਂ ਅਨੁਸਾਰ ਨੇਪੜੇ ਚੜ੍ਹਿਆ ਜਾਵੇ ਅਤੇ ਰੋਜ਼ਾਨਾ ਲਿਫਟਿੰਗ ਯਕੀਨੀ ਮੁਕੰਮਲ ਕੀਤੀ ਜਾਵੇ।ਇਸ ਮੌਕੇ ਐਸ ਡੀ ਐਮ ਮੋਰਿੰਡਾ ਸ. ਸੁਖਪਾਲ ਸਿੰਘ ਡੀ ਐਸ ਪੀ ਜਤਿੰਦਰਪਾਲ ਸਿੰਘ ਮੱਲੀ, ਮਾਰਕੀਟ ਕਮੇਟੀ ਮੋਰਿੰਡਾ ਦੇ ਚੇਅਰਮੈਨ ਐਨ ਪੀ ਰਾਣਾ,ਆਪ ਆਗੂ ਬੀਰ ਦਵਿੰਦਰ ਸਿੰਘ, ਸੁਖਵਿੰਦਰ ਸਿੰਘ ਮੂੰਡੀਆਂ ਪ੍ਰਧਾਨ ਟਰੱਕ ਯੂਨੀਅਨ ਮੋਰਿੰਡਾ, ਜੁਝਾਰ ਸਿੰਘ ਮਾਵੀ, ਬੰਤ ਸਿੰਘ ਕਲਾਰਾਂ, ਅਭੀਜੀਤ ਸਿੰਘ ਸੋਨੂੰ , ਕਿਸਾਨ ਆਗੂ ਅਤੇ ਵੱਖ ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀ ਤੇ ਕਰਮਚਾਰੀ ਵੀ ਹਾਜ਼ਰ ਸਨ ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com

# ਬਸਤਰ ਵਿਚ ਕਤਲੇਆਮ ਅਤੇ ਸ਼ਾਂਤੀ ਗੱਲਬਾਤ ਦੀ ਤਜਵੀਜ਼

-ਬੂਟਾ ਸਿੰਘ ਮਹਿਮੂਦਪੁਰ

**[ਬਸਤਰ ਦੇ ਜੰਗਲ-ਪਹਾੜ ਮਾਓਵਾਦੀਆਂ ਦੇ 'ਮੁਕਾਬਲਿਆਂ' ਅਤੇ ਆਦਿਵਾਸੀਆਂ ਵਿਰੁੱਧ ਹਿੰਸਾ ਨਾਲ ਲਹੂ-ਲੁਹਾਣ ਹਨ। ਇਸ ਦੌਰਾਨ ਭਾਜਪਾ ਸਰਕਾਰ ਅਤੇ ਮਾਓਵਾਦੀਆਂ ਵੱਲੋਂ ਸ਼ਾਂਤੀ ਲਈ ਗੱਲਬਾਤ ਦੇ ਸੰਕੇਤ ਵੀ ਸਾਹਮਣੇ ਆ ਰਹੇ ਹਨ। ਗੱਲਬਾਤ ਦੇ ਪਿਛਲੇ ਤਜਰਬੇ ਕੀ ਰਹੇ ਹਨ? ਕੀ ਹਕੂਮਤ ਮੌਜੂਦਾ ਵਿਕਾਸ ਮਾਡਲ ਉੱਪਰ ਮੁੜ-ਨਜ਼ਰਸਾਨੀ ਕਰਨ ਲਈ ਤਿਆਰ ਹੈ? ਕੀ ਅਜਿਹੀ ਰਾਜਨੀਤਕ ਇੱਛਾ ਤੋਂ ਬਿਨਾਂ ਆਦਿਵਾਸੀ ਲੋਕਾਂ 'ਚ ਫੈਲੀ ਬੇਚੈਨੀ, ਬੇਗਾਨਗੀ ਅਤੇ ਅਸੁਰੱਖਿਆ ਦੂਰ ਹੋ ਸਕਦੀ ਹੈ ਜੋ ਨਕਸਲੀ ਲਹਿਰ ਦਾ ਸਮਾਜਿਕ ਆਧਾਰ ਹੈ ? ਇਨ੍ਹਾਂ ਕੁਝ ਸਵਾਲਾਂ ਦੀ ਚਰਚਾ ਇਸ ਲੇਖ ਵਿਚ ਕੀਤੀ ਗਈ ਹੈ। - ਸੰਪਾਦਕ]**

ਹਾਲ ਹੀ ਵਿਚ ਮਾਓਵਾਦੀ ਲਹਿਰ ਦੇ ਗੜ੍ਹ ਬਸਤਰ ਦਾ ਦੌਰਾ ਕਰਨ ਸਮੇਂ ਕੇਂਦਰੀ ਗ੍ਰਹਿ ਮੰਤਰੀ ਪਹਿਲਾਂ ਨਾਲੋਂ ਵੱਖਰਾ ਰਾਗ ਅਲਾਪਦਾ ਦੇਖਿਆ ਗਿਆ। ਹੁਣ ਤੱਕ 31 ਮਾਰਚ 2026 ਤੱਕ ਨਕਸਲਵਾਦ ਨੂੰ ਖ਼ਤਮ ਕਰ ਦੇਣ ਦਾ ਟੀਚਾ ਹੀ ਜੋਸ਼-ਖ਼ਰੋਸ਼ ਨਾਲ ਦੁਹਰਾਇਆ ਜਾਂਦਾ ਰਿਹਾ ਹੈ, ਨਾਲ ਹੀ ਮਾਓਵਾਦੀਆਂ ਨੂੰ 'ਮੁਕਾਬਲਿਆਂ' 'ਚ 'ਢੇਰ ਕਰਨ' ਵਾਲੇ ਸੁਰੱਖਿਆ ਲਸ਼ਕਰਾਂ ਨੂੰ ਜਿੱਤ ਲਈ ਵਧਾਈਆਂ ਦੇਣਾ ਅਤੇ ਇਨਾਮਾਂ ਦੇ ਐਲਾਨ ਕਰਨਾ ਵੀ ਅਮਿਤ ਸ਼ਾਹ ਕਦੇ ਨਹੀਂ ਸੀ ਭੁੱਲਦਾ। ਇਸ ਵਾਰ ਉਸਨੇ ਫਰਮਾਇਆ - "ਨਕਸਲੀ ਭਰਾਵੋ, ਹਥਿਆਰ ਸੁੱਟ ਦਿਓ ਅਤੇ ਮੁੱਖਧਾਰਾ 'ਚ ਸ਼ਾਮਲ ਹੋ ਜਾਓ। ਤੁਸੀਂ ਸਾਡੇ ਆਪਣੇ ਹੋ। ਕਿਸੇ ਨਕਸਲੀ ਦੇ ਮਾਰੇ ਜਾਣ 'ਤੇ ਕਿਸੇ ਨੂੰ ਖ਼ੁਸ਼ੀ ਨਹੀਂ ਹੁੰਦੀ। ਬਸ ਆਪਣੇ ਹਥਿਆਰ ਸੁੱਟ ਦਿਓ ਅਤੇ ਮੁੱਖਧਾਰਾ 'ਚ ਆ ਜਾਓ।" ਅਮਿਤ ਸ਼ਾਹ ਨੇ ਇਹ ਬਿਆਨ ਉਸ ਸਮੇਂ ਦਿੱਤਾ ਹੈ ਜਦੋਂ ਬਸਤਰ ਅਤੇ ਮਾਓਵਾਦੀ ਜ਼ੋਰ ਵਾਲੇ ਹੋਰ ਇਲਾਕਿਆਂ ਵਿਚ ਮਾਓਵਾਦੀਆਂ ਦੇ 'ਮੁਕਾਬਲਿਆਂ' ਵਿਚ ਮਾਰੇ ਜਾਣ ਅਤੇ ਆਤਮਸਮਰਪਣ ਕਰਨ/ਕਰਾਉਣ ਦਾ ਸਿਲਸਿਲਾ ਪੂਰੇ ਸਿਖ਼ਰਾਂ 'ਤੇ ਹੈ ਅਤੇ ਭਗਵਾ ਹੁਕਮਰਾਨਾਂ ਵੱਲੋਂ 2026 'ਚ 'ਨਕਸਲ-ਮੁਕਤ ਭਾਰਤ' ਦੇ ਟੀਚੇ ਦੀ ਸਫ਼ਲਤਾ ਦੇ ਦਾਅਵੇ ਕੀਤੇ ਜਾ ਰਹੇ ਹਨ।

ਅਮਿਤ ਸ਼ਾਹ ਵੱਲੋਂ ਨਕਸਲੀਆਂ/ਮਾਓਵਾਦੀਆਂ ਨੂੰ 'ਸਾਡੇ ਆਪਣੇ' ਕਹਿਣ ਤੋਂ ਵੱਡਾ ਝੂਠ ਹੋਰ ਕੋਈ ਨਹੀਂ ਹੋ ਸਕਦਾ। ਆਰ.ਐੱਸ.ਐੱਸ. ਦੇ ਹਫ਼ਤਾਵਾਰ ਅਖ਼ਬਾਰ 'ਆਰਗੇਨਾਈਜ਼ਰ' ਦੀ 13 ਅਪ੍ਰੈਲ ਦੀ ਰਿਪੋਰਟ ਵਿਚ ਭਾਰਤ ਸਰਕਾਰ ਦੇ ਅਧਿਕਾਰਕ ਬਿਆਨ ਦਾ ਹਵਾਲਾ ਦਿੱਤਾ ਗਿਆ ਹੈ ਜੋ ਕਹਿੰਦਾ ਹੈ: "ਨਕਸਲ-ਮੁਕਤ ਭਾਰਤ ਅਭਿਆਨ: ਲਾਲ ਖੇਤਰਾਂ ਤੋਂ ਵਿਕਾਸ ਲਾਂਘਿਆਂ ਵੱਲ, ਖੱਬੇਪੱਖੀ ਅੱਤਵਾਦ ਵਿਰੁੱਧ ਭਾਰਤ ਦੀ ਫ਼ੈਸਲਾਕੁਨ ਲੜਾਈ, ਭਾਰਤ ਸਰਕਾਰ 31 ਮਾਰਚ 2026 ਤੱਕ ਨਕਸਲਵਾਦ ਦਾ ਮੁਕੰਮਲ ਸਫ਼ਾਇਆ ਕਰਨ ਲਈ ਵਚਨਬੱਧ...।" ਦੋਹਾਂ ਵਿੱਚੋਂ ਕਿਸ ਨੂੰ ਸੱਚ ਮੰਨਿਆ ਜਾਵੇ, 'ਮੁਕੰਮਲ ਸਫ਼ਾਏ ਲਈ ਵਚਨਬੱਧਤਾ' ਦੇ ਐਲਾਨ ਨੂੰ ਜਾਂ 'ਨਕਸਲੀਆਂ ਦੇ ਮਾਰੇ ਜਾਣ 'ਤੇ ਕਿਸੇ ਨੂੰ ਖ਼ੁਸ਼ੀ ਨਾ ਹੋਣ' ਦੇ ਬਿਆਨ ਨੂੰ? ਜੇ ਕਿਸੇ ਨੂੰ ਖ਼ੁਸ਼ੀ ਨਹੀਂ ਹੁੰਦੀ ਤਾਂ ਨਕਸਲੀਆਂ ਨੂੰ ਮਾਰ ਕੇ ਅਤੇ ਉਨ੍ਹਾਂ ਦੀਆਂ ਲਾਸ਼ਾਂ ਨੂੰ ਪਲਾਸਟਿਕ ਦੀਆਂ ਸ਼ੀਟਾਂ 'ਚ ਬੰਨ੍ਹਕੇ ਜ਼ਿਲ੍ਹਾ ਸਦਰ-ਮੁਕਾਮਾਂ ਉੱਪਰ ਲਿਜਾ ਕੇ ਨੁਮਾਇਸ਼ਾਂ ਲਾਉਣ ਵਾਲੇ ਅਤੇ ਸਿਰਾਂ ਦੇ ਮੁੱਲ ਹਿੱਸੇ ਆਉਣ ਦੀ ਖ਼ੁਸ਼ੀ ਵਿਚ ਨੱਚਣ ਵਾਲੇ ਕੀ ਕਿਸੇ ਹੋਰ ਗ੍ਰਹਿ ਤੋਂ ਆਉਂਦੇ ਹਨ? ਜੇ ਕੋਈ ਰਾਜ 'ਆਪਣਿਆਂ' ਦੇ ਸਿਰਾਂ ਦੇ ਮੁੱਲ ਰੱਖਕੇ ਜਾਨਵਰਾਂ ਵਾਂਗ ਉਨ੍ਹਾਂ ਦਾ ਸ਼ਿਕਾਰ ਕਰਦਾ ਹੈ ਤਾਂ ਕੌਣ ਮੰਨ ਲਵੇਗਾ ਕਿ ਉਹ ਰਾਜ ਦੇ 'ਆਪਣੇ' ਹਨ!

ਇਸ ਢੌਂਗੀ ਬਿਆਨ ਪਿੱਛੇ ਇਕ ਕਾਰਨ ਸਿਵਲ ਸੁਸਾਇਟੀ ਵੱਲੋਂ ਮਾਓਵਾਦੀਆਂ ਦੇ ਕਤਲੇਆਮ ਵਿਰੁੱਧ ਉਠਾਈ ਜਾ ਰਹੀ ਆਵਾਜ਼ ਦਾ ਦਬਾਅ ਹੈ, ਚਾਹੇ ਇਹ ਦਬਾਅ ਕਿੰਨਾ ਵੀ ਕਮਜ਼ੋਰ ਅਤੇ ਸੀਮਤ ਹੈ। ਜਨਵਰੀ 2024 'ਚ 'ਓਪਰੇਸ਼ਨ ਕਗਾਰ' ਸ਼ੁਰੂ ਕੀਤੇ ਜਾਣ ਦੇ ਸਮੇਂ ਤੋਂ ਹੀ ਦੇਸ਼-ਬਦੇਸ਼ 'ਚੋਂ ਕਤਲੇਆਮ ਨੂੰ ਰੋਕਣ ਅਤੇ ਮਾਓਵਾਦੀਆਂ ਨਾਲ ਗੱਲਬਾਤ ਸ਼ੁਰੂ ਕਰਨ ਦੀ ਮੰਗ ਉੱਠਦੀ ਰਹੀ ਹੈ। ਜਨਵਰੀ 2024 ਤੋਂ ਲੈ ਕੇ ਹੁਣ ਤੱਕ ਇਸ ਓਪਰੇਸ਼ਨ ਦੁਆਰਾ 400 ਤੋਂ ਵੱਧ ਲੋਕਾਂ ਦੀ ਜਾਨ ਲਈ ਜਾ ਚੁੱਕੀ ਹੈ ਜਿਨ੍ਹਾਂ ਵਿਚ ਡੇਢ ਸੌ ਔਰਤਾਂ ਹਨ ਅਤੇ ਇਹ ਗਿਣਤੀ ਲਗਾਤਾਰ ਵਧ ਰਹੀ ਹੈ। ਪਿਛਲੇ ਦਿਨੀਂ 50 ਤੋਂ ਵੱਧ ਸਿਵਲ ਸੁਸਾਇਟੀ ਜਥੇਬੰਦੀਆਂ ਤੇ ਟਰੇਡ ਯੂਨੀਅਨਾਂ ਅਤੇ 150 ਫ਼ਿਕਰਮੰਦ ਨਾਗਰਿਕਾਂ ਨੇ ਸਾਂਝੇ ਬਿਆਨ ਰਾਹੀਂ ਮਾਓਵਾਦੀਆਂ ਅਤੇ ਸਰਕਾਰ ਦਰਮਿਆਨ ਯੁੱਧਬੰਦੀ ਦੀ ਅਪੀਲ ਕੀਤੀ ਹੈ। ਦੀ ਹਿੰਦੂ ਦੀ ਰਿਪੋਰਟ ਅਨੁਸਾਰ 3 ਅਪ੍ਰੈਲ ਨੂੰ ਸੀ.ਪੀ.ਆਈ.(ਮਾਓਵਾਦੀ) ਦੀ ਕੇਂਦਰੀ ਕਮੇਟੀ ਨੇ ਬਿਆਨ ਜਾਰੀ ਕਰਕੇ ਸਰਕਾਰ ਨਾਲ ਸ਼ਾਂਤੀ ਗੱਲਬਾਤ ਕਰਨ ਦੀ ਇੱਛਾ ਜ਼ਾਹਿਰ ਕੀਤੀ ਹੈ। ਨਿਰਸੰਦੇਹ, 'ਓਪਰੇਸ਼ਨ ਕਗਾਰ' ਨਾਲ ਮਾਓਵਾਦੀ ਲਹਿਰ ਨੂੰ ਬਹੁਤ ਵੱਡਾ ਨੁਕਸਾਨ ਝੱਲਣਾ ਪਿਆ ਹੈ ਅਤੇ ਝਾਰਖੰਡ-ਉੜੀਸਾ ਤੋਂ ਬਾਅਦ ਹਕੂਮਤ ਹੁਣ ਉਨ੍ਹਾਂ ਦੇ ਇਸ ਮਜ਼ਬੂਤ ਗੜ੍ਹ ਵਿਚ ਸੰਨ੍ਹ ਲਾ ਕੇ ਅਤੇ ਸਖ਼ਤ ਘੇਰਾਬੰਦੀ ਕਰਕੇ ਵਿਸ਼ਾਲ ਜੰਗਲੀ ਖੇਤਰ ਉੱਪਰ ਆਪਣਾ ਦਬਾਦਬਾ ਮੁੜ ਸਥਾਪਤ ਕਰਨ 'ਚ ਕਾਮਯਾਬ ਹੋ ਰਹੀ ਹੈ। ਸਿਲਸਿਲੇਵਾਰ ਤਰੀਕੇ ਨਾਲ ਸੁਰੱਖਿਆ ਲਸ਼ਕਰਾਂ ਦੇ ਕੈਂਪ ਸਥਾਪਤ ਕਰਕੇ, ਸੜਕਾਂ ਅਤੇ ਮੋਬਾਈਲ ਟਾਵਰਾਂ ਰਾਹੀਂ ਇੱਥੇ ਆਪਣੀ ਪਹੁੰਚ ਵਧਾ ਕੇ, ਲਗਾਤਾਰ ਰਾਜਕੀ ਦਹਿਸ਼ਤਵਾਦ ਅਤੇ ਭਰਮਾਊ ਸਕੀਮਾਂ ਰਾਹੀਂ ਆਦਿਵਾਸੀਆਂ 'ਚ ਲਹਿਰ ਦੇ ਵਿਸ਼ਾਲ ਜਨਤਕ ਆਧਾਰ ਨੂੰ ਸੱਟ ਮਾਰਕੇ ਅਤੇ ਕਿਸੇ ਕਾਰਨ ਲਹਿਰ ਤੋਂ ਕਿਨਾਰਾ ਕਰ ਚੁੱਕੇ ਸਾਬਕਾ 'ਨਕਸਲੀਆਂ' ਨੂੰ ਮਾਓਵਾਦੀ ਕਾਡਰਾਂ ਦਾ ਕਤਲੇਆਮ ਕਰਨ ਲਈ ਲਾਮਬੰਦ ਕਰਕੇ ਹਕੂਮਤ ਮਾਓਵਾਦੀ ਪਾਰਟੀ ਦੀ ਲੜਾਕੂ ਤਾਕਤ ਉੱਪਰ ਭਾਰੂ ਹੋਣ 'ਚ ਸਫ਼ਲ ਰਹੀ ਹੈ।

ਹਕੂਮਤ ਦਾਅਵੇ ਤਾਂ ਮਾਓਵਾਦੀਆਂ ਦੀ ਹਥਿਆਰਬੰਦ ਤਾਕਤ ਵਿਰੁੱਧ ਲੜਨ ਦੇ ਕਰ ਰਹੀ ਹੈ, ਹਕੀਕਤ ਇਹ ਹੈ ਕਿ ਮਾਰੇ ਗਏ ਜ਼ਿਆਦਾਤਰ ਲੋਕ, ਲੱਗਭੱਗ ਤਿੰਨ-ਚੌਥਾਈ ਨਿਹੱਥੇ ਸਧਾਰਨ ਲੋਕ ਹਨ ਜਿਵੇਂ ਮਾਓਵਾਦੀ ਪਾਰਟੀ ਦੇ ਪ੍ਰੈੱਸ ਨੋਟਾਂ ਵਿਚ ਸਪਸ਼ਟ ਕੀਤਾ ਗਿਆ ਹੈ। ਜ਼ਾਹਿਰ ਹੈ ਕਿ ਕਾਰਪੋਰੇਟ ਪ੍ਰੋਜੈਕਟਾਂ ਦੇ ਆਦਿਵਾਸੀ ਵਿਰੋਧ ਦਾ ਲੱਕ ਤੋੜਨ ਲਈ ਅਤੇ ਵਿਸ਼ਾਲ ਜੰਗਲੀ-ਪਹਾੜੀ ਪੱਟੀਆਂ ਖਾਲੀ ਕਰਾਉਣ ਲਈ ਹਕੂਮਤ ਸਿਲਸਿਲੇਵਾਰ ਤਰੀਕੇ ਨਾਲ ਆਦਿਵਾਸੀ ਲੋਕਾਂ ਦੀ ਲਗਾਤਾਰ ਨਸਲਕੁਸ਼ੀ ਕਰ ਰਹੀ ਹੈ। ਲਗਾਤਾਰ ਭਾਰੀ ਨੁਕਸਾਨ ਦੇ ਮੱਦੇਨਜ਼ਰ ਪਾਰਟੀ ਦਾ ਆਪਣੇ ਕਾਡਰਾਂ ਅਤੇ ਆਦਿਵਾਸੀ ਲੋਕਾਂ ਨੂੰ ਕਤਲੇਆਮ ਤੋਂ ਬਚਾਉਣ ਲਈ ਗੱਲਬਾਤ ਦੀ ਪੇਸ਼ਕਸ਼ ਕਰਨਾ ਸੁਭਾਵਿਕ ਹੈ। ਮਾਓਵਾਦੀ ਪਾਰਟੀ ਦਾ ਕਹਿਣਾ ਹੈ ਕਿ ਉਨ੍ਹਾਂ ਦੀ ਗੱਲਬਾਤ ਦੀ ਪੇਸ਼ਕਸ਼ ਯੁੱਧਨੀਤਕ ਲਾਹੇ ਦੀ ਬਜਾਏ ਲੋਕ ਹਿਤ ਤੋਂ ਪ੍ਰੇਰਿਤ ਹੈ।

ਭਗਵਾ ਪ੍ਰਚਾਰ ਮਸ਼ੀਨਰੀ ਅਤੇ 'ਮੁੱਖਧਾਰਾ' ਮੀਡੀਆ ਦੇ ਬਹੁਤ ਸਾਰੇ ਵਿਸ਼ਲੇਸ਼ਣਕਾਰਾਂ ਵੱਲੋਂ ਇਹ ਭਰਮ ਫੈਲਾਇਆ ਜਾ ਰਿਹਾ ਹੈ ਕਿ ਮਾਓਵਾਦੀ ਹਮੇਸ਼ਾ ਗੱਲਬਾਤ ਦੇ ਸਮੇਂ ਨੂੰ ਆਪਣੀ ਤਾਕਤ ਨੂੰ ਮੁੜ ਲਾਮਬੰਦ ਕਰਨ ਅਤੇ ਆਪਣੀਆਂ ਹਥਿਆਰਬੰਦ ਤਾਕਤਾਂ ਨੂੰ ਮਜ਼ਬੂਤ ਕਰਨ ਲਈ ਵਰਤਦੇ ਹਨ। ਅਰਥਾਤ ਮਾਓਵਾਦੀ ਲੀਡਰਸ਼ਿੱਪ ਦੇ ਗੱਲਬਾਤ ਦੇ ਗੁੱਝੇ ਮਨਸ਼ੇ ਹੋਰ ਹਨ, ਇਸ ਲਈ ਉਨ੍ਹਾਂ ਦੀ ਗੱਲਬਾਤ ਦੀ ਪੇਸ਼ਕਸ਼ ਨੂੰ ਸੰਜੀਦਗੀ ਨਾਲ ਨਹੀਂ ਲਿਆ ਜਾ ਸਕਦਾ। ਇਹ ਵੀ ਕਿਹਾ ਜਾ ਰਿਹਾ ਹੈ ਕਿ ਮੁਕੰਮਲ ਸਫ਼ਾਇਆ ਹੋ ਜਾਣ ਦੇ ਖ਼ਤਰੇ ਦੇ ਦਬਾਅ ਹੇਠ ਮਾਓਵਾਦੀ ਲੀਡਰਸ਼ਿੱਪ ਰਾਹਤ ਲੈਣ ਲਈ ਹੀ ਗੱਲਬਾਤ ਦੀ ਪੇਸ਼ਕਸ਼ ਕਰ ਰਹੀ ਹੈ ਅਤੇ ਇਸ ਖ਼ਾਤਰ ਹੱਕਾਂ ਦੀਆਂ ਜਥੇਬੰਦੀਆਂ ਅਤੇ ਸ਼ਹਿਰਾਂ ਵਿਚਲੇ ਹਮਾਇਤੀਆਂ/ਹਮਦਰਦ ਅਨਸਰਾਂ ਯਾਨੀ 'ਸ਼ਹਿਰੀ ਨਕਸਲੀਆਂ' ਕੋਲੋਂ ਗੱਲਬਾਤ ਦੀ ਮੰਗ ਕਰਵਾਈ ਜਾ ਰਹੀ ਹੈ।







ਇੱਥੇ ਦੋ ਪੱਖਾਂ ਨੂੰ ਸਮਝਣਾ ਜ਼ਰੂਰੀ ਹੈ। ਪਹਿਲੀ ਗੱਲ, ਹਰ ਯੁੱਧ ਵਿਚ ਜੁੱਟੀਆਂ ਵਿਰੋਧੀ ਧਿਰਾਂ ਗੱਲਬਾਤ ਦਾ ਲਾਹਾ ਲੈ ਕੇ ਆਪਣੀ ਸਥਿਤੀ ਨੂੰ ਮਜ਼ਬੂਤ ਕਰਨ ਦੀ ਕੋਸ਼ਿਸ਼ ਕਰਦੀਆਂ ਹਨ ਅਤੇ ਇਸੇ ਮਨੋਰਥ ਨਾਲ ਹਮੇਸ਼ਾ ਲੈ-ਦੇ ਕਰਦੀਆਂ ਹਨ। ਦੂਜੀ ਗੱਲ, ਇਤਿਹਾਸ ਗਵਾਹ ਹੈ ਕਿ ਨਕਸਲੀ ਸਰਕਾਰ ਨਾਲ ਗੱਲਬਾਤ ਦੇ ਸਮੇਂ ਦੌਰਾਨ ਯੁੱਧਬੰਦੀ ਸਮਝੌਤੇ ਦੀ ਪਾਲਣਾ ਕਰਦੇ ਹਨ। ਇਹ ਸਟੇਟ ਦੀਆਂ ਤਾਕਤਾਂ ਹਨ ਜੋ ਚੱਲ ਰਹੀ ਗੱਲਬਾਤ ਦੌਰਾਨ 'ਮੁਕਾਬਲੇ' ਬਣਾਉਣ ਜਾਂ ਗੱਲਬਾਤ ਕਰਨ ਲਈ ਆ ਰਹੇ ਆਗੂਆਂ ਨੂੰ ਗ੍ਰਿਫ਼ਤਾਰ ਕਰਕੇ ਕਤਲ ਕਰਨ ਤੋਂ ਵੀ ਗੁਰੇਜ਼ ਨਹੀਂ ਕਰਦੀਆਂ। ਮਿਸਾਲ ਵਜੋਂ, 2002 ਅਤੇ ਅਕਤੂਬਰ 2004 'ਚ ਸਿਵਲ ਸੁਸਾਇਟੀ ਸੰਸਥਾਵਾਂ ਦੀ ਪਹਿਲਕਦਮੀਂ ਨਾਲ ਤਤਕਾਲੀ ਆਂਧਰਾ ਪ੍ਰਦੇਸ਼ ਸਰਕਾਰ ਨਾਲ ਗੱਲਬਾਤ ਦਾ ਸਿਲਸਿਲਾ ਚੱਲਿਆ। ਗੁਪਤਵਾਸ ਆਗੂ ਜੰਗਲਾਂ 'ਚੋਂ ਬਾਹਰ ਆ ਕੇ ਗੱਲਬਾਤ ਵਿਚ ਸ਼ਾਮਲ ਹੋਏ। ਗੱਲਬਾਤ ਮੁੱਕਦੇ ਸਾਰ ਅਤੇ ਤਿੰਨ ਮਹੀਨੇ ਦੀ ਯੁੱਧਬੰਦੀ ਦੌਰਾਨ ਹੀ ਆਂਧਰਾ ਪ੍ਰਦੇਸ਼ ਪੁਲਿਸ ਨੇ ਨਕਸਲੀਆਂ ਵਿਰੁੱਧ ਓਪਰੇਸ਼ਨ ਸ਼ੁਰੂ ਕਰ ਦਿੱਤੇ ਕਿਉਂਕਿ ਯੁੱਧਬੰਦੀ ਅਤੇ ਗੱਲਬਾਤ ਪੁਲਿਸ ਅਫ਼ਸਰਸ਼ਾਹੀ ਦੇ ਹਿਤ ' ਚ ਨਹੀਂ ਸੀ ਅਤੇ ਗੱਲਬਾਤ ਬੇਸਿੱਟਾ ਰਹੀ। ਤਤਕਾਲੀ ਮੁੱਖ ਮੰਤਰੀ ਨੇ ਨਕਸਲੀ ਵਫ਼ਦ ਦੀ ਜ਼ਮੀਨ ਦੀ ਮੁੜ-ਵੰਡ ਕਰਨ ਦੀ ਬੁਨਿਆਦੀ ਮੰਗ ਇਹ ਕਹਿਕੇ ਰੱਦ ਕਰ ਦਿੱਤੀ ਕਿ 'ਜੇ ਅੱਤਵਾਦੀਆਂ ਨੇ ਹੀ ਇਹ ਤੈਅ ਕਰਨਾ ਹੈ ਕਿ ਕਿਹੜੀਆਂ ਜ਼ਮੀਨਾਂ ਵੰਡੀਆਂ ਜਾਣ ਤਾਂ ਫਿਰ ਸਰਕਾਰ ਅਤੇ ਅਦਾਲਤਾਂ ਦੀ ਕੀ ਲੋੜ ਹੈ?'

ਫਿਰ 2010 'ਚ ਉੱਘੇ ਆਰੀਆ ਸਮਾਜੀ ਸੁਧਾਰਕ ਸਵਾਮੀ ਅਗਨੀਵੇਸ਼ ਦੀ ਪਹਿਲਕਦਮੀਂ ਨਾਲ ਮਾਓਵਾਦੀ ਪਾਰਟੀ ਨੇ ਕਾਂਗਰਸ ਦੀ ਅਗਵਾਈ ਵਾਲੀ ਯੂਪੀਏ ਸਰਕਾਰ ਨਾਲ ਅਤੇ 2011 'ਚ ਮਮਤਾ ਬੈਨਰਜੀ ਸਰਕਾਰ ਨਾਲ ਗੱਲਬਾਤ ਕਰਨ ਲਈ ਸਹਿਮਤੀ ਦਿੱਤੀ ਪਰ ਮਨਮੋਹਣ ਸਿੰਘ-ਚਿਦੰਬਰਮ ਅਤੇ ਮਮਤਾ ਬੈਨਰਜੀ ਨੇ ਬੇਸ਼ਰਮੀਂ ਨਾਲ ਵਿਸਾਹਘਾਤ ਕੀਤਾ ਅਤੇ ਉਨ੍ਹਾਂ ਦੇ ਇਸ਼ਾਰੇ 'ਤੇ ਖ਼ੁਫ਼ੀਆ ਏਜੰਸੀਆਂ ਨੇ ਚੋਟੀ ਦੇ ਮਾਓਵਾਦੀ ਆਗੂਆਂ ਚੇਰੂਕੁਰੀ ਰਾਜਕੁਮਾਰ ਉਰਫ਼ ਆਜ਼ਾਦ ਅਤੇ ਕਿਸ਼ਨਜੀ ਨੂੰ ਗ੍ਰਿਫ਼ਤਾਰ ਕਰਕੇ 'ਮੁਕਾਬਲੇ' 'ਚ ਮਾਰ ਦਿੱਤਾ ਜੋ ਗੱਲਬਾਤ ਲਈ ਮਾਓਵਾਦੀ ਪਾਰਟੀ ਦੇ ਮੁੱਖ ਨੁਮਾਇੰਦੇ ਸਨ। ਇਸ ਵਿਸਾਹਘਾਤ ਕਾਰਨ ਗੱਲਬਾਤ ਦੀ ਵਿਚੋਲਗੀ ਕਰਨ ਵਾਲੇ ਸਿਵਲ ਸੁਸਾਇਟੀ ਨੁਮਾਇੰਦਿਆਂ ਨੂੰ ਬੇਹੱਦ ਨਮੋਸ਼ੀ ਦਾ ਸਾਹਮਣਾ ਕਰਨਾ ਪਿਆ ਸੀ ਅਤੇ ਸਵਾਮੀ ਅਗਨੀਵੇਸ਼ ਨੇ ਤਾਂ ਇਸਦੀ ਨਿਰਪੱਖ ਜੁਡੀਸ਼ੀਅਲ ਜਾਂਚ ਕਰਾਏ ਜਾਣ ਦੀ ਮੰਗ ਵੀ ਕੀਤੀ ਸੀ ਜੋ ਤਤਕਾਲੀ ਪ੍ਰਧਾਨ ਮੰਤਰੀ ਮਨਮੋਹਣ ਸਿੰਘ ਨੇ ਠੁਕਰਾ ਦਿੱਤੀ ਸੀ ਕਿਉਂਕਿ ਇਸ ਨਾਲ ਉਸਦੀ ਵਜ਼ਾਰਤ ਦੀ ਗੱਲਬਾਤ ਦੇ ਬਹਾਨੇ ਮਾਓਵਾਦੀ ਆਗੂਆਂ ਨੂੰ ਕਤਲ ਕਰਾਉਣ ਦੀ ਸਾਜ਼ਿਸ਼ ਨੰਗੀ ਹੋ ਜਾਣੀ ਸੀ ।

ਹੁਣ ਵੀ 24 ਮਾਰਚ ਨੂੰ ਹੈਦਰਾਬਾਦ ਵਿਚ 'ਸ਼ਾਂਤੀ ਗੱਲਬਾਤ ਕਮੇਟੀ' ਨੇ ਚਰਚਾ ਕਰਕੇ ਇਹ ਮੁੱਦਾ ਚੁੱਕਿਆ ਹੈ ਕਿ ਕੇਂਦਰ ਸਰਕਾਰ ਅਤੇ ਮਾਓਵਾਦੀ ਪਾਰਟੀ ਨੂੰ ਬਿਨਾਂ ਸ਼ਰਤ ਯੁੱਧਬੰਦੀ ਦਾ ਐਲਾਨ ਕਰਨਾ ਚਾਹੀਦਾ ਹੈ ਅਤੇ ਸ਼ਾਂਤੀ ਗੱਲਬਾਤ ਸ਼ੁਰੂ ਕਰਨੀ ਚਾਹੀਦੀ ਹੈ। ਮਾਓਵਾਦੀ ਪਾਰਟੀ ਦੇ ਬੁਲਾਰੇ ਕਾ. ਅਭੈ ਨੇ ਇਸ ਕਦਮ ਦਾ ਸਵਾਗਤ ਕਰਦਿਆਂ ਕਿਹਾ ਹੈ ਕਿ ਲੋਕ ਹਿਤ 'ਚ ਅਸੀਂ ਹਮੇਸ਼ਾ ਸ਼ਾਂਤੀ ਗੱਲਬਾਤ ਲਈ ਤਿਆਰ ਹਾਂ। ਉਸਦਾ ਇਹ ਵੀ ਕਹਿਣਾ ਹੈ ਕਿ ਜੇ ਕੇਂਦਰ ਤੇ ਰਾਜ ਸਰਕਾਰਾਂ ਗੱਲਬਾਤ ਦੀ ਤਜਵੀਜ਼ ਦਾ ਹਾਂਪੱਖੀ ਹੁੰਗਾਰਾ ਭਰਦੀਆਂ ਹਨ ਤਾਂ ਉਹ ਤੁਰੰਤ ਯੁੱਧਬੰਦੀ ਦਾ ਐਲਾਨ ਕਰ ਦੇਣਗੇ। ਪਰ ਸਵਾਲ ਇਹ ਹੈ ਕਿ ਕੀ ਅਜਿਹੀ ਕਮਜ਼ੋਰ ਸਥਿਤੀ ਵਿਚ ਮਾਓਵਾਦੀ ਲੀਡਰਸ਼ਿੱਪ ਦੀ ਗੱਲਬਾਤ ਦੀ ਪੇਸ਼ਕਸ਼ ਆਦਿਵਾਸੀ ਵਸੋਂ ਨੂੰ ਕਤਲੇਆਮ ਤੋਂ ਬਚਾਉਣ ਵਿਚ ਕੋਈ ਭੂਮਿਕਾ ਨਿਭਾ ਸਕੇਗੀ? ਕੀ ਫਾਸ਼ੀਵਾਦੀ ਹਕੂਮਤ ਆਪਣਾ ਕਾਰਪੋਰੇਟ ਏਜੰਡੇ ਤੋਂ ਪਿੱਛੇ ਹਟਕੇ ਆਦਿਵਾਸੀ ਵਸੋਂ ਵਿਰੁੱਧ ਨੀਮ-ਫ਼ੌਜੀ ਮੁਹਿੰਮ ਬੰਦ ਕਰਨਾ ਚਾਹੇਗੀ ਜਿਸਦਾ ਮੁੱਖ ਮਨੋਰਥ ਹੀ ਕਾਰਪੋਰੇਟ ਪ੍ਰੋਜੈਕਟ ਥੋਪਣ ਲਈ ਆਦਿਵਾਸੀ ਵਿਰੋਧ ਨੂੰ ਕੁਚਲਣਾ ਹੈ?

ਦੂਜੇ ਪਾਸੇ, ਛੱਤੀਸਗੜ੍ਹ ਦੇ ਡਿਪਟੀ ਮੁੱਖ ਮੰਤਰੀ ਵਿਜੇ ਸ਼ਰਮਾ ਦਾ ਕਹਿਣਾ ਹੈ ਕਿ ਰਾਜ ਵਿਚ ਯੁੱਧ ਵਰਗੇ ਹਾਲਾਤ ਨਹੀਂ ਹਨ, ਮਾਓਵਾਦੀ ਐਵੇਂ ਹੀ 'ਯੁੱਧਬੰਦੀ' ਵਰਗੇ ਲਕਬ ਵਰਤ ਰਹੇ ਹਨ। ਉਸਨੇ ਇਹ ਵੀ ਕਿਹਾ ਕਿ ਸਰਕਾਰ ਗੱਲਬਾਤ ਲਈ ਤਿਆਰ ਹੈ ਅਤੇ ਮਾਓਵਾਦੀਆਂ ਨੂੰ ਵੀ ਕਿਸੇ ਨੂੰ ਗੱਲਬਾਤ ਲਈ ਭੇਜ ਦੇਣ ਜਾਂ ਨਿਯੁਕਤ ਕਰ ਦੇਣਾ ਚਾਹੀਦਾ ਹੈ ਪਰ ਗੱਲਬਾਤ ਲਈ ਕੋਈ ਸ਼ਰਤ ਨਹੀਂ ਹੋਣੀ ਚਾਹੀਦੀ। ਉਹ ਇਸਦਾ ਜਵਾਬ ਨਹੀਂ ਦੇ ਰਹੇ ਕਿ ਜੇ ਇਹ ਆਪਣੇ ਹੀ ਲੋਕਾਂ ਵਿਰੁੱਧ ਯੁੱਧ ਨਹੀਂ ਤਾਂ ਸਰਕਾਰ ਦੇ ਦਾਅਵੇ ਅਨੁਸਾਰ ਕੁਝ ਸੈਂਕੜੇ ਮਾਓਵਾਦੀ ਬਾਗ਼ੀਆਂ ਵਿਰੁੱਧ ਲੱਖਾਂ ਨੀਮ-ਫ਼ੌਜੀ ਤਾਕਤਾਂ ਤਾਇਨਾਤ ਕਰਨ (ਨੌਂ ਆਦਿਵਾਸੀਆਂ ਪਿੱਛੇ ਇਕ ਜਵਾਨ) ਅਤੇ ਹਰ ਦੋ-ਤਿੰਨ ਕਿਲੋਮੀਟਰ ਉੱਪਰ ਕੈਂਪ ਬਣਾਉਣ ਦੀ ਜ਼ਰੂਰਤ ਕਿਉਂ ਪਈ? ਬਸਤਰ ਅਤੇ ਹੋਰ ਆਦਿਵਾਸੀਆਂ ਇਲਾਕਿਆਂ ਦਾ ਐਨਾ ਸੰਘਣਾ ਫ਼ੌਜੀਕਰਨ ਕੀ ਸਿਰਫ਼ ਪੁਲਿਸ ਕਾਰਵਾਈ ਹੈ?

ਭਾਰਤੀ ਹੁਕਮਰਾਨ ਅਜਿਹਾ ਪਹਿਲੀ ਵਾਰ ਨਹੀਂ ਕਰ ਰਹੇ। ਭਾਰਤੀ ਹੁਕਮਰਾਨਾਂ ਦਾ ਆਪਣੇ ਹੀ ਲੋਕਾਂ ਵਿਰੁੱਧ ਛੇੜੇ ਯੁੱਧ ਤੋਂ ਮੁੱਕਰ ਜਾਣ ਦਾ ਪੁਰਾਣਾ ਇਤਿਹਾਸ ਰਿਹਾ ਹੈ। 2009 'ਚ ਮਨਮੋਹਣ ਸਿੰਘ-ਚਿਦੰਬਰਮ ਵੀ 'ਓਪਰੇਸ਼ਨ ਗਰੀਨ ਹੰਟ' ਤੋਂ ਇਸੇ ਤਰ੍ਹਾਂ ਮੁੱਕਰਦੇ ਸਨ, ਇਸਦੇ ਬਾਵਜੂਦ ਕਿ ਆਦਿਵਾਸੀ ਇਲਾਕਿਆਂ ਵਿਚ ਲੱਖਾਂ ਦੀ ਤਦਾਦ 'ਚ ਨੀਮ-ਫ਼ੌਜੀ ਲਸ਼ਕਰ ਧਾੜਵੀ ਫ਼ੌਜਾਂ ਵਾਂਗ ਕਤਲੇਆਮ, ਵੱਢਟੁੱਕ, ਲੁੱਟਮਾਰ ਅਤੇ ਸਮੂਹਿਕ ਬਲਾਤਕਾਰ ਕਰ ਰਹੇ ਸਨ ਅਤੇ ਨਕਸਲੀਆਂ ਵਿਰੁੱਧ ਕਥਿਤ ਪੁਲਿਸ ਕਾਰਵਾਈ ਵਿਚ ਹਵਾਈ ਫ਼ੌਜ ਦੀ ਮੱਦਦ ਲਏ ਜਾਣ ਦੀਆਂ ਰਿਪੋਰਟਾਂ ਵੀ ਮੀਡੀਆ ਵਿਚ ਆ ਰਹੀਆਂ ਸਨ। ਜੇ ਹੁਕਮਰਾਨ ਯੁੱਧ ਦੇ ਹਾਲਾਤ ਸਵੀਕਾਰ ਕਰਨਗੇ ਤਾਂ ਉਨ੍ਹਾਂ ਨੂੰ ਯੁੱਧ ਦੇ ਕੌਮਾਂਤਰੀ ਅਸੂਲਾਂ ਦੀ ਪਾਲਣਾ ਕਰਨ ਲਈ ਜਵਾਬਦੇਹ ਹੋਣਾ ਪਵੇਗਾ। ਸਾਫ਼ ਮੁੱਕਰ ਜਾਣਾ ਜਵਾਬਦੇਹੀ ਤੋਂ ਬਚਣ ਦਾ ਸੌਖਾ ਤਰੀਕਾ ਹੈ।

ਮਾਓਵਾਦੀ ਪਾਰਟੀ ਦੀ ਛਾਪਾਮਾਰ ਤਾਕਤ ਅਤੇ ਬੁਨਿਆਦੀ ਤਬਦੀਲੀ ਦੀ ਨਕਸਲੀ ਸਿਆਸਤ ਨੂੰ ਭਾਰਤੀ ਰਾਜ ਗੰਭੀਰ ਖ਼ਤਰੇ ਦੇ ਰੂਪ 'ਚ ਦੇਖਦਾ ਹੈ । ਭਾਵੇਂ ਅਜੇ ਇਸ ਪਾਰਟੀ ਦੀ ਤਾਕਤ ਬਹੁਤ ਸੀਮਤ ਹੈ, ਪਰ ਨੰਗੇ ਅਨਿਆਂ, ਧੱਕੇ-ਵਿਤਕਰੇ ਅਤੇ ਘੋਰ ਨਬਰਾਬਰੀ 'ਤੇ ਆਧਾਰਤ ਸਮਾਜਿਕ-ਆਰਥਕ ਪ੍ਰਬੰਧ ਵਾਲੇ ਮੁਲਕ ਵਿਚ ਭਵਿੱਖ 'ਚ ਇਸ ਦਾ ਵਧਾਰਾ-ਪਸਾਰਾ ਹੋਣ ਦੀ ਵਿਆਪਕ ਗੁੰਜਾਇਸ਼ ਹੈ। ਪਰ ਇਹ ਵੀ ਸਪਸ਼ਟ ਹੈ ਕਿ ਭਾਰਤੀ ਹੁਕਮਰਾਨ ਜਮਾਤ ਦਾ ਨਿਸ਼ਾਨਾ ਇਸ ਲਹਿਰ ਨੂੰ ਖ਼ਤਮ ਤੋਂ ਕਿਤੇ ਵਡੇਰਾ ਅਤੇ ਵਿਆਪਕ ਹੈ। ਉਹ ਮਾਓਵਾਦੀ ਲਹਿਰ ਦੀ ਹਥਿਆਰਬੰਦ ਮੌਜੂਦਗੀ ਨੂੰ ਲੋਕਾਂ ਦੀ ਹੱਕ-ਜਤਾਈ ਵਿਰੁੱਧ ਸਟੇਟ ਦੀ ਹਥਿਆਰਬੰਦ ਤਾਕਤ ਝੋਕਣ ਲਈ ਬਹਾਨੇ ਵਜੋਂ ਵਰਤ ਰਹੇ ਹਨ। ਇਸ ਬਹਾਨੇ ਸਮਾਜ ਦੇ ਉਨ੍ਹਾਂ ਹਿੱਸਿਆਂ ਵਿਰੁੱਧ ਨੀਮ-ਫ਼ੌਜੀ ਤਾਕਤਾਂ ਅਤੇ ਜਾਬਰ ਕਾਨੂੰਨਾਂ ਦੀ ਬੇਦਰੇਗ ਵਰਤੋਂ ਕੀਤੀ ਜਾ ਸਕਦੀ ਹੈ ਜਿਨ੍ਹਾਂ ਨੂੰ ਹਕੂਮਤੀ ਨੀਤੀਆਂ ਯਾਨੀ ਕਥਿਤ ਵਿਕਾਸ ਮਾਡਲ ਕਾਰਨ ਆਪਣੀ ਹੋਂਦ ਮਿਟ ਜਾਣ ਦਾ ਖ਼ਤਰਾ ਹੈ ਅਤੇ ਉਹ ਆਪਣੇ ਰੈਣ-ਬਸੇਰਿਆਂ ਅਤੇ ਜੀਵਨ-ਗੁਜ਼ਾਰੇ ਦੇ ਵਸੀਲਿਆਂ ਨੂੰ ਬਚਾਉਣ ਲਈ ਕਾਰਪੋਰੇਟ ਪ੍ਰੋਜੈਕਟਾਂ ਵਿਰੁੱਧ ਲੜ ਰਹੇ ਹਨ। ਉਨ੍ਹਾਂ ਨੂੰ ਵਿਕਾਸ ਦੇ ਵਿਰੋਧੀ ਬਣਾ ਕੇ ਪੇਸ਼ ਕੀਤਾ ਜਾਂਦਾ ਹੈ ਅਤੇ ਹਕੂਮਤੀ ਬਿਰਤਾਂਤ ਨਾਲ ਗੁੰਮਰਾਹ ਹੋਏ ਬਹੁਤ ਸਾਰੇ ਲੋਕ ਹਕੂਮਤੀ ਝੂਠ ਨੂੰ ਸੱਚ ਮੰਨੀ ਬੈਠੇ ਹਨ।

ਇਤਫ਼ਾਕ ਨਾਲ ਇਹ ਸਭ ਤੋਂ ਪਿੱਛੜੇ ਹੋਏ ਜੰਗਲੀ-ਪਹਾੜੀ ਇਲਾਕੇ ਮਾਓਵਾਦੀ ਪਾਰਟੀ ਦੇ 'ਨਵ-ਜਮਹੂਰੀ ਇਨਕਲਾਬ' ਦੇ ਪ੍ਰੋਗਰਾਮ ਤਹਿਤ 'ਯੁੱਧਨੀਤਕ' ਇਲਾਕੇ ਹਨ ਅਤੇ ਉਹ ਦਹਾਕਿਆਂ ਤੋਂ ਇਨ੍ਹਾਂ ਸਭ ਤੋਂ ਵੱਧ ਹਾਸ਼ੀਏ 'ਤੇ ਧੱਕੇ ਲੋਕਾਂ ਵਿਚ ਕੰਮ ਕਰ ਰਹੇ ਹੋਣ ਕਰਕੇ ਕਾਰਪੋਰੇਟ ਪ੍ਰੋਜੈਕਟਾਂ ਵਿਰੁੱਧ ਲੜਾਈ ਦੀ ਮੋਹਰਲੀ ਕਤਾਰ ਵਿਚ ਹਨ । ਇਸੇ ਲਈ, ਭਾਰਤੀ ਹੁਕਮਰਾਨ ਜਮਾਤ ਲਈ ਇਹ ਬਿਰਤਾਂਤ ਸਿਰਜਕੇ ਇਨ੍ਹਾਂ ਇਲਾਕਿਆਂ ਦਾ ਬੇਰੋਕ-ਟੋਕ ਫ਼ੌਜੀਕਰਨ ਕਰਨਾ ਅਤੇ ਇੱਥੋਂ ਦੀ ਵਸੋਂ ਦੀ ਨਸਲਕੁਸ਼ੀ ਕਰਨਾ ਬੇਹੱਦ ਸੌਖਾ ਹੋ ਗਿਆ ਹੈ। ਬਹਾਨਾ ਇਹ ਬਣਾਇਆ ਜਾ ਰਿਹਾ ਹੈ ਕਿ ਮਾਓਵਾਦੀ ਸੰਵਿਧਾਨ ਨੂੰ ਨਹੀਂ ਮੰਨਦੇ, ਉਹ ਵਿਕਾਸ ਨਹੀਂ ਹੋਣ ਦਿੰਦੇ ਅਤੇ ਮਾਓਵਾਦੀ ਲਹਿਰ 'ਮੁਲਕ ਦੀ ਅੰਦਰੂਨੀ ਸੁਰੱਖਿਆ ਲਈ ਸਭ ਤੋਂ ਵੱਡਾ ਖ਼ਤਰਾ' ਹੈ। ਇਸੇ ਝੂਠੇ ਬਿਰਤਾਂਤ ਦੇ ਭਰਮਾਏ ਬਹੁਤ ਸਾਰੇ ਲੋਕਾਂ ਨੂੰ ਲੱਗਦਾ ਹੈ ਕਿ ਸੰਵਿਧਾਨ ਨੂੰ ਨਾ ਮੰਨਣ ਵਾਲੇ ਮਾਓਵਾਦੀਆਂ/ਨਕਸਲੀਆਂ ਅਤੇ ਉਨ੍ਹਾਂ ਦਾ ਸਾਥ ਦੇ ਰਹੇ ਬਸਤਰ ਤੇ ਹੋਰ ਇਲਾਕਿਆਂ ਦੇ ਆਦਿਵਾਸੀਆਂ ਨੂੰ ਨੀਮ-ਫ਼ੌਜੀ ਤਾਕਤਾਂ ਵੱਲੋਂ ਗ਼ੈਰਕਾਨੂੰਨੀ ਤਰੀਕਿਆਂ ਨਾਲ ਕੁਚਲ ਦੇਣਾ ਗ਼ਲਤ ਨਹੀਂ ਹੈ ਜੋ ਭਾਰਤ ਦੇ ਵਿਕਾਸ ਦੇ ਰਾਹ ਵਿਚ ਅੜਿੱਕਾ ਹਨ। ਉਹ ਇਸ ਹਕੀਕਤ ਨੂੰ ਨਹੀਂ ਦੇਖ ਰਹੇ ਕਿ ਇਹ ਹਮਲਾ ਤਾਂ ਉਨ੍ਹਾਂ ਆਦਿਵਾਸੀ ਅਤੇ ਗ਼ੈਰਆਦਿਵਾਸੀ ਖੇਤਰਾਂ ਦੇ ਲੋਕਾਂ ਉੱਪਰ ਵੀ ਹੋ ਰਿਹਾ ਹੈ ਜਿੱਥੇ ਮਾਓਵਾਦੀ ਨਹੀਂ ਹਨ, ਹਾਲਾਂਕਿ ਉੱਥੇ ਹਮਲਾ ਅਜੇ ਬਸਤਰ ਜਿੰਨਾ ਤਿੱਖਾ ਅਤੇ ਵਿਆਪਕ ਨਹੀਂ ਹੈ। ਹੁਕਮਰਾਨ ਇਸ ਨੂੰ ਮਾਓਵਾਦੀਆਂ ਵਿਰੁੱਧ ਭਾਰਤੀ ਲੋਕਤੰਤਰ ਦੀ ਜਾਇਜ਼ ਲੜਾਈ ਬਣਾਕੇ ਪੇਸ਼ ਕਰਦੇ ਹਨ। ਦਰਅਸਲ, ਇਹ ਬਦੇਸ਼ੀ-ਦੇਸੀ ਕਾਰਪੋਰੇਟ ਸਰਮਾਏਦਾਰੀ ਦੇ ਹਿਤਾਂ ਲਈ ਭਾਰਤੀ ਰਾਜ ਦਾ ਪੂਰੇ ਮੁਲਕ ਦੇ ਆਦਿਵਾਸੀਆਂ ਅਤੇ ਹੋਰ ਦੱਬੇ-ਕੁਚਲੇ ਲੋਕਾਂ ਵਿਰੁੱਧ ਬਕਾਇਦਾ ਯੁੱਧ ਹੈ।

ਜਿੱਥੋਂ ਤੱਕ ਭਾਰਤੀ ਸੰਵਿਧਾਨ ਦਾ ਸਵਾਲ ਹੈ, ਇਸ ਦੀਆਂ ਸਭ ਤੋਂ ਵੱਧ ਧੱਜੀਆਂ ਖ਼ੁਦ ਭਾਰਤੀ ਹੁਕਮਰਾਨ ਉਡਾਉਂਦੇ ਹਨ ਜੋ ਆਦਿਵਾਸੀ ਤੇ ਹੋਰ ਦੱਬੇਕੁਚਲੇ ਲੋਕਾਂ ਦੇ ਹਿਤਾਂ ਦੀ ਸੁਰੱਖਿਆ ਲਈ ਕੀਤੀਆਂ ਵਿਸ਼ੇਸ਼ ਸੰਵਿਧਾਨਕ ਵਿਵਸਥਾਵਾਂ ਅਤੇ ਕਾਨੂੰਨਾਂ ਨੂੰ ਦਰਕਿਨਾਰ ਕਰਕੇ ਨੀਤੀਆਂ ਘੜਦੇ ਹਨ ਅਤੇ ਫਿਰ ਇਹ ਨੀਤੀਆਂ ਰਾਜ ਦੀ ਹਥਿਆਰਬੰਦ ਤਾਕਤ ਨਾਲ ਲੋਕਾਂ ਦੇ ਹਲਕ 'ਚ ਲੰਘਾਉਂਦੇ ਹਨ।

ਇਹ ਗ਼ੌਰ ਕਰਨਾ ਜ਼ਰੂਰੀ ਹੈ ਕਿ ਅਮਿਤ ਸ਼ਾਹ ਸਮੇਤ ਸਮੁੱਚਾ ਹਾਕਮ ਜਮਾਤੀ ਲਾਣਾ ਮਾਓਵਾਦੀਆਂ ਨੂੰ ਹਥਿਆਰ ਸੁੱਟਕੇ 'ਮੁੱਖਧਾਰਾ' ਵਿਚ ਸ਼ਾਮਲ ਹੋਣ ਦੀਆਂ ਨਸੀਹਤਾਂ ਦੇ ਰਿਹਾ ਹੈ ਜਦਕਿ ਅਨਿਆਂ ਅਤੇ ਨਬਰਾਬਰੀ ਵਾਲੇ ਜਿਨ੍ਹਾਂ ਹਾਲਾਤ ਨੇ ਉਨ੍ਹਾਂ ਨੂੰ ਹਾਸ਼ੀਏ 'ਤੇ ਧੱਕਿਆ ਅਤੇ ਦਹਿ-ਹਜ਼ਾਰਾਂ ਆਦਿਵਾਸੀਆਂ ਨੇ ਮਾਓਵਾਦੀ ਲਹਿਰ ਵਿਚ ਸ਼ਾਮਲ ਹੋ ਕੇ ਆਪਣੇ ਹੱਕਾਂ ਤੇ ਹਿਤਾਂ ਦੀ ਰਾਖੀ ਲਈ ਸਟੇਟ ਵਿਰੁੱਧ ਹਥਿਆਰ ਚੁੱਕੇ ਅਤੇ ਜਿਨ੍ਹਾਂ ਹਾਲਾਤ ਕਾਰਨ ਕਸ਼ਮੀਰ, ਉੱਤਰ-ਪੂਰਬੀ ਰਿਆਸਤਾਂ ਅਤੇ ਹੋਰ ਖੇਤਰਾਂ ਦੇ ਲੋਕ ਭਾਰਤੀ ਹੁਕਮਰਾਨਾਂ ਤੋਂ ਨਿਆਂ ਲੈਣ ਲਈ 'ਇੰਤਹਾਪਸੰਦ' ਬਣੇ, ਉਹ ਹਾਲਾਤ ਇਸੇ 'ਮੁੱਖਧਾਰਾ' ਅਤੇ ਸਟੇਟ ਦੀਆਂ ਨੀਤੀਆਂ ਦੇ ਪੈਦਾ ਕੀਤੇ ਹੋਏ ਹਨ। ਜੇ ਹਾਕਮ ਜਮਾਤੀ ਪਾਰਟੀਆਂ ਵਿਚ ਭੋਰਾ ਵੀ ਈਮਾਨਦਾਰੀ ਹੈ ਤਾਂ ਉਨ੍ਹਾਂ ਨੂੰ ਮਾਓਵਾਦੀਆਂ ਨੂੰ ਭੰਡਣ ਅਤੇ ਨਸੀਹਤਾਂ ਦੇਣ ਦੀ ਬਜਾਏ ਆਪਣੇ ਉਸ ਕਾਰਪੋਰੇਟ ਹਿਤੈਸ਼ੀ 'ਵਿਕਾਸ ਮਾਡਲ' ਅਤੇ ਨੀਤੀਆਂ ਉੱਪਰ ਮੁੜ-ਵਿਚਾਰ ਕਰਨੀ ਚਾਹੀਦੀ ਹੈ ਜੋ ਲੋਕਾਂ ਨੂੰ ਮਨਜ਼ੂਰ ਨਹੀਂ ਅਤੇ ਜਿਨ੍ਹਾਂ ਨੂੰ ਲਾਗੂ ਕਰਨ ਲਈ ਭਾਰਤੀ ਰਾਜ ਨੂੰ ਐਨੇ ਵਿਆਪਕ ਫ਼ੌਜੀਕਰਨ ਤੇ ਨੀਮ-ਫ਼ੌਜੀ ਓਪਰੇਸ਼ਨਾਂ ਦੀ ਮੱਦਦ ਲੈਣੀ ਪੈਂਦੀ ਹੈ ਅਤੇ ਆਪਣੇ ਹੀ ਲੋਕਾਂ ਨੂੰ 'ਅੰਦਰੂਨੀ ਸੁਰੱਖਿਆ ਲਈ ਸਭ ਤੋਂ ਵੱਡਾ ਖ਼ਤਰਾ' ਐਲਾਨਣਾ ਪੈਂਦਾ ਹੈ।

ਮਾਓਵਾਦੀਆਂ ਅਤੇ ਸਰਕਾਰ ਦਰਮਿਆਨ ਸ਼ਾਂਤੀ ਗੱਲਬਾਤ ਸ਼ੁਰੂ ਹੁੰਦੀ ਹੈ ਜਾਂ ਨਹੀਂ, ਇਹ ਆਉਣ ਵਾਲੇ ਦਿਨਾਂ ਵਿਚ ਸਾਹਮਣੇ ਆਵੇਗਾ। ਪਰ ਇਕ ਗੱਲ ਤੈਅ ਹੈ ਕਿ ਚਾਹੇ ਭਗਵਾ ਹਕੂਮਤ ਮਾਰਚ 2026 ਤੱਕ ਮਾਓਵਾਦੀ ਲਹਿਰ ਦਾ ਸਫ਼ਾਇਆ ਕਰਨ 'ਚ ਕਾਮਯਾਬ ਹੋ ਜਾਵੇ, ਇਹ 'ਜਿੱਤ' ਵਕਤੀ ਹੋਵੇਗੀ। ਦਰਅਸਲ, ਜਦੋਂ ਤੱਕ ਸਮਾਜ ਵਿਚ ਅਨਿਆਂ ਅਤੇ ਨਬਰਾਬਰੀ ਹੈ, ਜਦੋਂ ਤੱਕ ਇਸ ਨੂੰ ਜ਼ਰਬਾਂ ਦੇਣ ਵਾਲੀ ਕਾਰਪੋਰੇਟ ਹਿਤੈਸ਼ੀ ਆਰਥਕ ਮਾਡਲ ਮੌਜੂਦ ਹੈ, ਹਾਸ਼ੀਏ 'ਤੇ ਧੱਕੇ ਲੁੱਟੇਪੁੱਟੇ ਲੋਕ ਬਿਹਤਰ ਜ਼ਿੰਦਗੀ ਲਈ ਸਟੇਟ ਵਿਰੁੱਧ ਬਗ਼ਾਵਤਾਂ ਕਰਦੇ ਰਹਿਣਗੇ ਅਤੇ 'ਨਕਸਲਵਾਦ' ਦੀ ਪ੍ਰਸੰਗਿਕਤਾ ਬਣੀ ਰਹੇਗੀ। ਸਾਬਕਾ ਆਹਲਾ ਅਧਿਕਾਰੀ ਪ੍ਰਕਾਸ਼ ਸਿੰਘ ਨੇ 2018 'ਚ ਹੀ ਇਹ ਚੇਤਾਵਨੀ ਦੇ ਦਿੱਤੀ ਸੀ ਕਿ 'ਜਦੋਂ ਤੱਕ ਸਮਾਜਿਕ-ਆਰਥਕ ਕਾਰਨਾਂ ਨੂੰ ਹੱਲ ਨਹੀਂ ਕੀਤਾ ਜਾਂਦਾ ਓਦੋਂ ਤੱਕ (ਮਾਓਵਾਦੀ) ਲਹਿਰ ਦਾ ਮ੍ਰਿਤਕ ਲੇਖ ਲਿਖਣਾ ਜਲਦਬਾਜ਼ੀ ਹੋਵੇਗੀ।'

# 1 ਮਈ ਨੂੰ ਪਿੰਡ -ਪਿੰਡ ਮਨਾਇਆ ਜਾਵੇਗਾ ਮਜ਼ਦੂਰ ਦਿਵਸ - ਸੀਟੂ ਆਗੂ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com

ਸੰਗਰੂਰ,17 ਅਪ੍ਰੈਲ (ਜਗਸੀਰ ਸਿੰਘ ) - ਸੈਂਟਰ ਆਫ਼ ਇੰਡੀਅਨ ਟਰੇਡ ਯੂਨੀਅਨਜ ਸੀਟੂ ਨਾਲ ਸਬੰਧਤ ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ( ਰਜਿ:) ਦੇ ਸੂਬਾਈ ਆਹੁਦੇਦਾਰਾਂ ਦੀ ਮੀਟਿੰਗ ਸੂਬਾਈ ਪ੍ਰਧਾਨ ਸਾਥੀ ਸ਼ੇਰ ਸਿੰਘ ਫਰਵਾਹੀ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ । ਇਸ ਮੀਟਿੰਗ ਵਿੱਚ ਆਲ ਇੰਡੀਆ ਸੀਟੂ ਦੇ ਸਕੱਤਰ ਭੈਣ ਊਸ਼ਾ ਰਾਣੀ ਸੀਟੂ ਪੰਜਾਬ ਦੇ ਪ੍ਰਧਾਨ ਸਾਥੀ ਮਹਾਂ ਸਿੰਘ ਰੋੜੀ ਜਨਰਲ ਸਕੱਤਰ ਸਾਥੀ ਚੰਦਰ ਸ਼ੇਖਰ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਮੀਟਿੰਗ ਦੇ ਫੈਸਲੇ ਪ੍ਰੈਸ ਦੇ ਨਾਂ ਜਾਰੀ ਕਰਦਿਆਂ ਯੂਨੀਅਨ ਦੇ ਸੂਬਾਈ ਜਨਰਲ ਸਕੱਤਰ ਸਾਥੀ ਅਮਰਨਾਥ ਕੂੰਮਕਲਾਂ ਨੇ ਦੱਸਿਆ ਕਿ ਮੀਟਿੰਗ ਦੇ ਸ਼ੁਰੂ ਵਿੱਚ ਵਿਛੱੜੇ ਸਾਥੀਆਂ ਨੂੰ ਦੋ ਮਿੰਟ ਮੋਨ ਖੜ੍ਹੇ ਹੋ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ। ਸੀਟੂ ਪੰਜਾਬ ਦੇ ਸੂਬਾਈ ਜਨਰਲ ਸਕੱਤਰ ਸਾਥੀ ਚੰਦਰ ਸ਼ੇਖਰ ਨੇ ਪਹਿਲੀ ਮਈ ਦੇ ਇਤਿਹਾਸਕ ਦਿਹਾੜੇ ਨੂੰ ਮਨਾਉਣ ਲਈ ਅਤੇ 20 ਮਈ ਦੀ ਦੇਸ਼ ਵਿਆਪੀ ਹੜਤਾਲ ਨੂੰ ਕਾਮਯਾਬ ਕਰਨ ਲਈ ਅਤੇ ਮਨਰੇਗਾ ਮਜ਼ਦੂਰਾਂ ਅਤੇ ਮੁਲਾਜ਼ਮਾਂ ਨੂੰ ਦਰਪੇਸ਼ ਮਸਲਿਆਂ ਦੇ ਕਰਨ ਲਈ ਤਜਵੀਜ਼ ਪੇਸ਼ ਕੀਤੀ।ਜਿਸ ਉੱਤੇ ਹਾਜ਼ਰ ਸਾਥੀਆਂ ਨੇ ਆਪੋ ਆਪਣੇ ਸੁਝਾਅ ਦਿੱਤੇ ਅਤੇ ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਪਹਿਲੀ



ਮਈ ਦਾ ਇਤਿਹਾਸਕ ਮਜ਼ਦੂਰ ਦਿਵਸ ਰਾਜ ਭਰ ਵਿੱਚ ਵੱਧ ਤੋਂ ਵੱਧ ਪਿੰਡਾਂ ਵਿੱਚ ਇਨਕਲਾਬੀ ਸੂਹੇ ਪ੍ਰਚਮ ਲਹਿਰਾ ਕੇ ਸਾਮਰਾਜੀ ਤਾਕਤਾਂ ਖਾਸਕਰ ਅਮਰੀਕਾ ਦੇ ਰਾਸ਼ਟਰਪਤੀ ਡੋਨਲਡ ਟਰੰਪ ਦੇ ਮਨਸੂਬਿਆਂ ਤੋਂ ਸੁਚੇਤ ਰਹਿਣ ਲਈ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਕੇਂਦਰੀ ਸਰਕਾਰ ਵੱਲੋਂ ਲਗਾਏ ਜਾ ਰਹੇ ਟੈਰਿਫ ਨਾਲ ਸਾਡੇ ਮੁਲਕ ਦੇ ਕਿਸਾਨਾਂ ਮਜ਼ਦੂਰਾਂ ਤੇ ਕੀ ਪ੍ਰਭਾਵ ਪਵੇਗਾ ਪਿੰਡਾਂ ਵਿੱਚ ਇਕੱਠ ਕਰਕੇ ਪਿੰਡ ਪਿੰਡ ਮੁਜ਼ਾਹਰੇ, ਰੈਲੀਆਂ, ਮੀਟਿੰਗਾਂ ਕੀਤੀਆਂ ਜਾਣਗੀਆਂ ਅਤੇ ਅਪਣੇ ਘਰਾਂ ਉਪਰ ਸੀਟੂ ਦੇ ਝੰਡੇ ਝੁਲਾਏ ਜਾਣਗੇ,20 ਮਈ ਦੀ ਦੇਸ਼ ਵਿਆਪੀ ਹੜਤਾਲ ਨੂੰ ਸਫ਼ਲ ਬਣਾਉਣ ਲਈ ਸੂਬਾ ਕਮੇਟੀ ਵੱਲੋਂ 10 ਹਜ਼ਾਰ ਹੈਂਡਬਿਲ ਵੰਡਣ ਲਈ ਯੋਜਨਾਬੰਦੀ ਕਰਦਿਆਂ ਫੈਸਲਾ ਕੀਤਾ ਗਿਆ ਕਿ ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ ( ਸੀਟੂ) ਦੇ ਸੂਬਾਈ ਅਤੇ ਜ਼ਿਲ੍ਹਾ ਪੱਧਰੀ ਆਗੂਆਂ ਦੀ ਅਗਵਾਈ ਵਿੱਚ 20 ਮਈ ਦੀ ਹੜਤਾਲ ਨੂੰ ਕਾਮਯਾਬ ਕਰਨ ਲਈ ਜੱਥਾ ਮਾਰਚ ਕੀਤਾ ਜਾਵੇਗਾ ਜਿਸ ਵਿੱਚ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਕਾਰਨ ਅਤੇ ਬੱਜਟ ਵਿੱਚ ਕਟੌਤੀਆਂ ਕਰਨ ਕਰਕੇ ਮਨਰੇਗਾ ਕਾਨੂੰਨ ਦੇ ਮੁਤਾਬਿਕ 100 ਦਿਨ ਪੂਰਾ ਕੰਮ ਨਹੀਂ ਦਿੱਤਾ ਜਾ ਰਿਹਾ ਅਤੇ ਨਾਂ ਹੀ ਕਾਨੂੰਨ ਅਨੁਸਾਰ ਕੰਮ ਨਾਂ ਦੇਣ ਦੀ ਸੂਰਤ ਵਿੱਚ ਬੇ-ਰੁਜਗਾਰੀ ਭੱਤਾ ਦਿੱਤਾ ਜਾਂਦਾ ਹੈ, ਮਨਰੇਗਾ ਮਜ਼ਦੂਰਾਂ ਵੱਲੋਂ ਕੀਤੇ ਕੰਮਾਂ ਦੀ ਪੇਮੈਂਟ ਮਹੀਨਿਆਂ ਬੱਧੀ ਨਹੀਂ ਕੀਤੀ ਜਾ ਰਹੀ,ਹਾਲੇ ਵੀ ਦੇਸ਼ ਵਿੱਚ 25000/-ਕਰੋੜ ਰੁਪਏ ਮਜ਼ਦੂਰਾਂ ਦੀ ਬਕਾਇਆ ਪੇਮੈਂਟ ਦੀ ਅਦਾਇਗੀ ਨਹੀਂ ਕੀਤੀ ਜਾ ਰਹੀ, ਕਾਨੂੰਨ ਮੁਤਾਬਕ ਇਹ ਪੇਮੈਂਟ 15 ਦਿਨਾਂ ਦੇ ਅੰਦਰ ਅੰਦਰ ਕਰਨੀ ਚਾਹੀਦੀ ਹੈ, ਮਨਰੇਗਾ ਕਾਨੂੰਨ ਅਨੁਸਾਰ ਤਿੰਨ ਤਿੰਨ ਮਹੀਨੇ ਮਜ਼ਦੂਰਾਂ ਦੇ ਮਸਟਰੋਲ ਨਹੀਂ ਕੱਢੇ ਜਾਂਦੇ ਜਿਸ ਕਰਕੇ ਪੰਜਾਬ ਵਿੱਚ ਅਜਿਹੇ ਪਿੰਡ ਵੀ ਹਨ ਜਿਥੇ ਸਾਲ ਵਿੱਚ ਕੰਮ ਸਿਰਫ 6 ਦਿਨ ਹੀ ਦਿੱਤਾ ਗਿਆ ਹੈ, ਮਜ਼ਦੂਰ ਦਫਤਰਾਂ ਵਿਚ ਗੇੜੇ ਮਾਰਦੇ ਧੱਕੇ ਖਾ ਕੇ ਹੰਭ ਹਾਰਕੇ ਘਰੇ ਬੈਠ ਜਾਂਦੇ ਹਨ ਕੋਈ ਵੀ ਸੁਣਵਾਈ ਨਹੀਂ ਹੋ ਰਹੀ, ਇਸ ਲਈ ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ (ਸੀਟੂ) ਮੰਗ ਕਰਦੀ ਹੈ ਮਜ਼ਦੂਰਾਂ ਦੀਆਂ ਸਮਸਿਆਵਾਂ ਦੇ ਹੱਲ ਲਈ ਬਲਾਕ ਪੱਧਰ ਤੇ ਤਿੰਨ ਧਿਰੀ ਕਮੇਟੀਆਂ ਬਣਾਈਆਂ ਜਾਣ । ਪੰਜਾਬ ਸਰਕਾਰ ਵੱਲੋਂ ਮਨਰੇਗਾ ਮੁਲਾਜ਼ਮਾਂ ਨੂੰ ਪੱਕੇ ਕੀਤਾ ਜਾਵੇ ਅਤੇ ਪੰਚਾਇਤ ਸਕੱਤਰਾਂ ਦੇ ਬਰਾਬਰ ਗਰੇਡ ਦਿੱਤੇ ਜਾਣ, ਕਾਨੂੰਨ ਅਨੁਸਾਰ 8 ਪਿੰਡਾਂ ਲਈ ਇੱਕ ਜੀ. ਆਰ. ਐਸ ਭਰਤੀ ਕਰਨਾ ਚਾਹੀਦਾ ਹੈ ਪ੍ਰੰਤੂ ਇਥੇ ਤਾਂ ਇੱਕ ਬਲਾਕ ਵਿੱਚ ਸਿਰਫ ਦੋ -ਦੋ ਜੀ ਆਰ ਐਸ ਹੀ ਭਰਤੀ ਕੀਤੇ ਗਏ ਹਨ। ਮੁਲਾਜ਼ਮਾਂ ਨੂੰ ਤਨਖਾਹਾਂ ਦੇਣ ਦਾ ਕੋਈ ਸਥਾਈ ਪ੍ਰਬੰਧ ਨਹੀਂ,ਇਸੇ ਕਰਕੇ ਮਜ਼ਦੂਰਾਂ ਦੇ ਨਾਂ ਸਮੇਂ ਸਿਰ ਜੌਬ ਕਾਰਡ ਮਿਲਦੇ ਹਨ, ਨਾਂ ਸਮੇਂ ਸਿਰ ਮਸਟਰੋਲ ਕੱਢੇ ਜਾਂਦੇ ਹਨ, ਨਾਂ ਸਮੇਂ ਸਿਰ ਪੇਮੈਂਟ ਕੀਤੀ ਜਾ ਰਹੀ ਹੈ।ਇਸ ਲਈ ਸਰਕਾਰ ਭਾਵੇਂ ਕੇਂਦਰ ਦੀ ਹੋਵੇ ਜਾਂ ਸੂਬਾ ਸਰਕਾਰ ਹੋਵੇ “ਕਾਨੂੰਨ ਦਾ ਰਾਜ ਨਹੀਂ, ਜੰਗਲ ਦਾ ਰਾਜ ਚੱਲ ਰਿਹਾ ਹੈ” ਪਿੰਡਾਂ ਦੀ ਧੜੇਬੰਦੀ ਕਾਰਨ ਮੇਟ ਧੱਕੇ ਨਾਲ ਹਟਾਏ ਜਾ ਰਹੇ ਹਨ, ਵਿਰੋਧੀ ਧੜੇ ਦੇ ਮਜ਼ਦੂਰਾਂ ਨੂੰ ਕੰਮ ਨਹੀਂ ਦਿੱਤਾ ਜਾ ਰਿਹਾ। ਇਸ ਬੇ-ਇਨਸਾਫੀ ਨੂੰ ਰੋਕਣ ਲਈ ਅਤੇ ਇਨਸਾਫ ਦੀ ਅਵਾਜ਼ ਬੁਲੰਦ ਕਰਨ ਲਈ, ਮਜਬੂਤ ਜੱਥੇਬੰਦੀ ਅਤੇ ਸੰਘਰਸ਼ ਨੂੰ ਤੇਜ਼ ਕਰਨ ਦੀ ਜ਼ਰੂਰਤ ਹੈ। ਸੂਬਾਈ ਆਗੂਆਂ ਨੇ ਸਮੂਹ ਮਨਰੇਗਾ ਕਿਰਤੀਆਂ ਨੂੰ ਅਪੀਲ ਕੀਤੀ ਕਿ 20 ਮਈ ਦੀ ਕੌਮੀ ਹੜਤਾਲ ਨੂੰ ਸਫ਼ਲ ਬਣਾਉਣ ਲਈ ਕੋਈ ਵੀ ਕਸਰ ਬਾਕੀ ਨਾ ਰਹਿਣ ਦਿੱਤੀ ਜਾਵੇ। ਮੀਟਿੰਗ ਉਪਰੰਤ ਮਜ਼ਦੂਰਾਂ ਦੇ ਮਸਲਿਆਂ ਬਾਰੇ ਹੈਂਡਬਿਲ ਰਲੀਜ਼ ਕੀਤਾ ਗਿਆ।ਇਸ ਸਮੇਂ ਵਿੱਤ ਸਕੱਤਰ ਸਾਥੀ ਗੁਰਨਾਮ ਸਿੰਘ ਘਨੌਰ,ਸਾਥੀ ਕਰਮ ਚੰਦ ਬੁਰਜ਼ ਹਕੀਮਾਂ, ਸਿਕੰਦਰ ਬਖ਼ਸ਼ ਮੰਡ ਚੌਂਤਾ,ਦੇਵ ਸਿੰਘ ਫੌਜੀ, ਰੁਲਦਾ ਸਿੰਘ ਗੋਬਿੰਦਗੜ੍ਹ ਆਦਿ ਹਾਜ਼ਰ ਸਨ।

# ਲੋਕਾਂ ਨੂੰ ਡੇਂਗੂ ਮਲੇਰੀਆ ਸਬੰਧੀ ਘਰ ਘਰ ਜਾ ਕੇ ਜਾਗਰੂਕ ਕੀਤਾ ਜਾਵੇ-ਡਾ ਭੁਪਿੰਦਰਜੀਤ ਕੌਰ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com

ਫਗਵਾੜਾ 17 ਅਪ੍ਰੈਲ (ਸ਼ਿਵ ਕੌੜਾ) ਸਿਵਲ ਸਰਜਨ ਕਪੂਰਥਲਾ ਡਾਕਟਰ ਰਾਜੀਵ ਪਰਾਸ਼ਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡਾਕਟਰ ਭੁਪਿੰਦਰ ਜੀਤ ਕੌਰ ਸੀਨੀਅਰ ਮੈਡੀਕਲ ਅਫਸਰ ਇੰਚ ਸੀ.ਐਚ.ਸੀ. ਕਾਲਾ ਸੰਘਿਆਂ ਨੇ ਫੀਲਡ ਸਟਾਫ਼ ਦੀ ਡਿਊਟੀ ਲਗਾਈ ਕਿ ਲੋਕਾਂ ਨੂੰ ਡੇਂਗੂ ਮਲੇਰੀਆ ਸਬੰਧੀ ਘਰ ਘਰ ਜਾ ਕੇ ਜਾਗਰੂਕ ਕੀਤਾ ਜਾਵੇ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਾ.ਭੁਪਿੰਦਰਜੀਤ ਨੇ ਦੱਸਿਆ ਕਿ ਮੱਛਰਾਂ ਤੋਂ ਬਚਾ ਲਈ ਸਾਨੂੰ ਆਪਣੇ ਘਰਾਂ ਦੇ ਆਲੇ ਦੁਆਲੇ ਸਾਫ ਸਫਾਈ ਰੱਖਣੀ ਚਾਹੀਦੀ



ਹੈ। ਪਾਣੀ ਦਾ ਸਹੀ ਨਿਕਾਸ ਹੋਣਾ ਚਾਹੀਦਾ ਹੈ ਅਤੇ ਕਿਸੇ ਵੀ ਜਗ੍ਹਾ ਤੇ ਪਾਣੀ ਇਕੱਠਾ ਨਹੀਂ ਹੋਣ ਦੇਣਾ ਚਾਹੀਦਾ। ਉਹਨਾਂ ਦੱਸਿਆ ਕਿ ਆਪਣੇ ਘਰਾਂ ਦੀਆਂ ਛੱਤਾਂ ਤੇ ਟੁੱਟੇ ਬਰਤਨ, ਟਾਇਰ ਜਾਂ ਹੋਰ ਫਾਲਤੂ ਸਮਾਨ ਨਹੀਂ ਹੋਣਾ ਚਾਹੀਦਾ ਤਾਂ ਜੋ ਬਰਸਾਤ ਦੇ ਦਿਨਾਂ ਚ ਇਹਨਾਂ ਵਿੱਚ ਪਾਣੀ ਜਮਾ ਨਾ ਹੋ ਸਕੇ। ਉਹਨਾਂ ਦੱਸਿਆ ਕਿ ਫਰਿਜਾਂ ਦੀਆਂ ਟਰੇਆਂ, ਛੱਤਾਂ ਉੱਪਰ ਪੰਛੀਆਂ ਨੂੰ ਰੱਖਣ ਵਾਲੇ ਪਾਣੀ ਦੇ ਬਰਤਨ, ਗਮਲਿਆਂ ਹੇਠਾਂ ਰੱਖੀਆਂ ਪਲੇਟਾਂ ਆਦੀ ਵਿੱਚ ਪਾਣੀ ਜਮਾ ਨਾ ਹੋਣ ਦਿਓ। ਘਰਾਂ ਚ ਰੱਖੇ ਕੂਲਰਾਂ ਦਾ ਹਫਤੇ ਵਿੱਚ ਇੱਕ ਵਾਰ ਪਾਣੀ ਕੱਢ ਕੇ ਧੁੱਪ ਵਿੱਚ ਸੁਕਾਓ ਇਸ ਮੌਕੇ ਬਲਾਕ ਐਜੂਕੇਟਰ ਰਵਿੰਦਰ ਕੁਮਾਰ ਜੱਸਲ ਨੇ ਦੱਸਿਆ ਕਿ ਮੱਛਰਾਂ ਤੋਂ ਬਚਾ ਲਈ ਪੂਰੀਆਂ ਬਾਹਾਂ ਦੇ ਕੱਪੜੇ ਪਾ ਕੇ ਰੱਖੋ, ਮੱਛਰਾਂ ਤੋਂ ਬਚਾ ਲਈ ਕਰੀਮਾਂ ਅਤੇ ਮੱਛਰ ਭੁਜਾਉਣ ਵਾਲੀਆਂ ਕੋਇਲ ਜਾਂ ਅਗਰਬੱਤੀ ਦੀ ਵਰਤੋਂ ਕਰੋ ਕਿਸੇ ਵੀ ਤਰ੍ਹਾਂ ਦਾ ਬੁਖਾਰ ਹੋਣ ਤੇ ਨੇੜੇ ਦੇ ਸਿਹਤ ਕੇਂਦਰ ਜਾ ਕੇ ਆਪਣਾ ਚੈੱਕ ਅਪ ਕਰਵਾਓ, ਡਾਕਟਰੀ ਸਲਾਹ ਤੋਂ ਬਿਨਾਂ ਕਿਸੇ ਵੀ ਤਰ੍ਹਾਂ ਦੀ ਕੋਈ ਦਵਾਈ ਨਾ ਲਓ।ਇਸ ਮੌਕੇ ਬਸੰਤ ਕੁਮਾਰ ਸੀਨੀਅਰ ਸਹਾਇਕ ਗੁਰਪ੍ਰੀਤ ਸਿੰਘ, ਬਲਰਾਜ ਸਿੰਘ ਐਸ. ਆਈ., ਸੁਖਬੀਰ ਸਿੰਘ ,ਹਰਦੇਵ ਸਿੰਘ ਜਪ ਨਾਮ ਸਿੰਘ, ਸੰਦੀਪ ਸਿੰਘ, ਨਿਰਵੈਰ ਸਿੰਘ ਅਮਨਦੀਪ ਸਿੰਘ ਖੋਜੇਵਾਲ ਅਮਨਦੀਪ ਭਾਣੋ ਲੰਗਾ,ਪਰਗਟ ਸਿੰਘ, ਸੁਖਵਿੰਦਰ ਸਿੰਘ,ਸਰਬਜੀਤ ਸਿੰਘ ਸਿਮਰਨਦੀਪ ਸਿੰਘ ਫਾਰਮੇਸੀ ਅਫਸਰ ਆਦਿ ਹਾਜ਼ਰ ਸਨ

# ਪੁਲਿਸ ਵਲੋਂ ਮੋਰਿੰਡਾ ਵਿਖੇ ਪਬਲਿਕ ਮਿਲਣੀ

## ਨਸ਼ਿਆਂ ਅਤੇ ਅਪਰਾਧ ਦੇ ਖਿਲਾਫ਼ ਇਕਜੁੱਟ ਹੋਣ ਦੀ ਲੋੜ - ਡੀ ਸੀ,ਐਸ ਐਸ ਪੀ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com

ਮੋਰਿੰਡਾ 17 ਅਪ੍ਰੈਲ,(ਪਤਰ ਪ੍ਰੇਰਕ,) ਪ੍ਰੋਜੈਕਟ ਸੰਪਰਕ ਸਿਰਫ਼ ਨਸ਼ਿਆਂ ਦੇ ਖਾਤਮੇ ਲਈ ਹੀ ਨਹੀਂ ਸਗੋਂ ਸੰਗਠਿਤ ਅਪਰਾਧ, ਸਟਰੀਟ ਕ੍ਰਾਈਮ ਅਤੇ ਸਮਾਜ ਵਿਰੋਧੀ ਤੱਤਾਂ ਦੇ ਖਿਲਾਫ਼ ਇੱਕ ਸਥਾਈ ਯੁੱਧ ਹੈ। ਇਸ ਲਈ ਆਮ ਲੋਕ ਪੁਲਿਸ ਦੇ ਨਾਲ ਮਿਲ ਕੇ ਇਸ ਮੁਹਿੰਮ ਨੂੰ ਸਫਲ ਬਣਾਉਣ ਵਿੱਚ ਆਪਣਾ ਅਹਿਮ ਯੋਗਦਾਨ ਪਾਉਣ।ਇਹ ਵਿਚਾਰ ਸੀਨੀਅਰ ਕਪਤਾਨ ਪੁਲਿਸ ਰੂਪਨਗਰ ਸ. ਗੁਲਨੀਤ ਸਿੰਘ ਖੁਰਾਣਾ ਨੇ ਮੋਰਿੰਡਾ ਪੁਲਿਸ ਵੱਲੋਂ ਕਰਵਾਏ ਸੰਪਰਕ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਇਸ ਮੌਕੇ ਡਿਪਟੀ ਕਮਿਸ਼ਨਰ ਰੂਪਨਗਰ ਸ਼੍ਰੀ ਵਰਜੀਤ ਵਾਲੀਆ ਵਿਸ਼ੇਸ਼ ਰੂਪ ਵਿੱਚ ਹਾਜ਼ਰ ਹੋਏ।

ਸ. ਗੁਲਨੀਤ ਸਿੰਘ ਖੁਰਾਣਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਰਾਜ ਵਿਚੋਂ ਨਸ਼ੇ ਦਾ ਮੁਕੰਮਲ ਨਾਸ਼ ਕਰਨ ਲਈ ਦ੍ਰਿੜ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੇ ਪੱਧਰ ‘ਤੇ ਨਸ਼ਿਆਂ ਦੀ ਬੁਰਾਈ ਦੇ ਖਾਤਮੇ ਲਈ ਜੋ ਮੁਹਿੰਮ ਆਰੰਭੀ ਗਈ ਹੈ, ਇਸ ਮੁਹਿੰਮ ਵਿਚ ਆਮ ਲੋਕਾਂ ਦਾ ਸਹਿਯੋਗ ਵੀ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਨੇ ਕਿਹਾ ਕਿ ਅਸੀਂ ਸਾਰੇ ਇਕੱਠੇ ਹੋ ਕੇ ਹੀ ਨਸ਼ਿਆ ਨੂੰ ਜੜ੍ਹ ਤੋਂ ਖਤਮ ਕਰ ਸਕਦੇ ਹਾਂ।

ਉਨ੍ਹਾਂ ਕਿਹਾ ਕਿ ਪ੍ਰੋਜੈਕਟ ਸੰਪਰਕ ਦਾ ਮੁੱਖ ਉਦੇਸ਼ ਪੁਲਿਸ ਅਤੇ ਆਮ ਲੋਕਾਂ ਵਿਚਕਾਰ ਸਹਿਯੋਗ ਅਤੇ ਭਰੋਸੇ ਨੂੰ ਵਧਾਉਣਾ ਹੈ।ਪ੍ਰੋਜੈਕਟ ਸੰਪਰਕ ਅਧੀਨ ਜ਼ਿਲ੍ਹਾ ਪੁਲਿਸ ਵੱਲੋਂ ਲਗਾਤਾਰ ਲੋਕਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਆਮ ਲੋਕਾਂ ਨੂੰ ਇਲਾਕੇ ਵਿੱਚ ਪੇਸ਼ ਆ ਰਹੀਆਂ ਮੁਸ਼ਕਲਾਂ ਦਾ ਹੱਲ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਮੀਟਿੰਗਾਂ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਜਾਰੀ ਰਹਿਣਗੀਆਂ।

ਐੱਸ ਐੱਸ ਪੀ ਰੂਪਨਗਰ ਸ. ਗੁਲਨੀਤ ਸਿੰਘ ਖੁਰਾਣਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਵਿਰੁੱਧ ਵਿੱਢੀ ਗਈ ਮੁਹਿੰਮ “ਯੁੱਧ ਨਸ਼ਿਆਂ ਵਿਰੁੱਧ” ਦੇ ਤਹਿਤ ਜ਼ਿਲ੍ਹਾ ਰੂਪਨਗਰ ਵੱਲੋਂ ਹੁਣ ਤੱਕ 69 ਮੁਕੱਦਮੇ ਦਰਜ ਕਰਕੇ ਉਨ੍ਹਾਂ ਵਿੱਚ 105 ਦੇ ਕਰੀਬ ਡਰੱਗ ਪੈਡਲਰਾਂ ਨੂੰ ਗ੍ਰਿਫਤਾਰ ਕੀਤਾ ਜਾ ਚੁੱਕਾ ਹੈ, ਜਿਨ੍ਹਾਂ ਪਾਸੋਂ 17 ਕਿੱਲੋ 242 ਗ੍ਰਾਮ ਭੁੱਕੀ, 02 ਕਿੱਲੋ 839 ਗ੍ਰਾਮ ਭੁੱਕੀ ਦੇ ਪੌਦੇ, 10740 ਗੋਲੀਆਂ/ਕੈਸਪੂਲ, 251 ਨਸ਼ੀਲੇ ਟੀਕੇ, 126 ਗ੍ਰਾਮ 213 ਮਿਲੀ.ਗ੍ਰਾਮ ਹੈਰੋਇਨ, 01 ਕਿੱਲੋ 765 ਗ੍ਰਾਮ 203 ਮਿਲੀਗ੍ਰਾਮ ਨਸ਼ੀਲਾ ਪਾਊਡਰ ਅਤੇ 33950 ਰੁਪਏ ਦੀ ਡਰੱਗ ਮਨੀ ਬ੍ਰਾਮਦ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਜੇਕਰ ਤੁਹਾਡੇ ਇਲਾਕੇ ਵਿੱਚ ਕੋਈ ਵਿਅਕਤੀ ਨਸ਼ਾਂ ਤਸਕਰੀ/ਸਮੱਗਲਿੰਗ ਕਰਦਾ ਹੈ ਤਾਂ ਉਸਦੀ ਸੂਚਨਾ ਸੇਫ ਪੰਜਾਬ ਐਂਟੀ ਡਰੱਗ ਹੈਲਪਲਾਇਨ ਨੰਬਰ 97791-00200 (ਵਟਸਐਪ ਚੈਟਬੋਟ) ਜਾਂ ਜ਼ਿਲ੍ਹਾ ਪੁਲਿਸ ਦੇ ਨੰਬਰਾ ਤੇ ਸਾਂਝੀ ਕੀਤੀ ਜਾਵੇ। ਉਨ੍ਹਾਂ ਨਾਲ ਹੀ ਇਹ ਵੀ ਦੱਸਿਆ ਕਿ ਜਾਣਕਾਰੀ ਦੇਣ ਵਾਲੇ ਦਾ ਨਾਮ ਅਤੇ ਪਤਾ ਗੁਪਤ ਰੱਖਿਆ ਜਾਵੇਗਾ। ਇਸ ਸਮੇਂ

ਡਿਪਟੀ ਕਮਿਸ਼ਨਰ ਰੂਪਨਗਰ ਸ਼੍ਰੀ ਵਰਜੀਤ ਵਾਲੀਆ ਨੇ ਸੰਬੋਧਨ



ਕਰਦਿਆਂ ਕਿਹਾ ਕਿ ਨਸ਼ੇ ਵਰਗੀਆਂ ਅਲਾਮਤਾਂ ਤੇ ਹੋਰ ਅਪਰਾਧਾਂ ਨੂੰ ਖਤਮ ਕਰਨ ਲਈ ਪੰਜਾਬ ਸਰਕਾਰ ਨਿਰੰਤਰ ਜ਼ਮੀਨੀ ਪੱਧਰ ਤੇ ਕੰਮ ਕਰ ਰਹੀ ਹੈ। ਉਨ੍ਹਾਂ ਇਤਿਹਾਸ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਜਿੱਥੇ ਅੱਜ ਤੱਕ ਪੰਜਾਬੀਆਂ ਨੇ ਵੱਡੇ ਵੱਡੇ ਜੰਗ ਦੇ ਮੈਦਾਨ ਫ਼ਤਹਿ ਕਿੱਥੇ ਹਨ, ਉੱਥੇ ਇਸ ਨਸ਼ਿਆਂ ਦੇ ਕੋਹੜ ਨੂੰ ਵੀ ਜਲਦ ਖਤਮ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਜਿੱਥੇ ਪੰਜਾਬ ਸਰਕਾਰ ਨਸ਼ੇ ਦੇ ਸਮੱਗਲਰਾਂ ਖ਼ਿਲਾਫ਼ ਕਾਨੂੰਨ ਮੁਤਾਬਿਕ ਕਾਰਵਾਈ ਕਰ ਰਹੀ ਹੈ, ਉਥੇ ਹੀ ਪੁਲਿਸ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਆਮ ਲੋਕਾਂ ਨਾਲ ਉਨ੍ਹਾਂ ਦੀਆਂ ਬਰੂਹਾਂ ਤੇ ਜਾ ਕੇ ਤਾਲਮੇਲ ਕੀਤਾ ਜਾ ਰਿਹਾ ਹੈ ਤੇ ਉਨ੍ਹਾਂ ਨੂੰ ਅਪੀਲ ਕੀਤੀ ਜਾ ਰਹੀ ਹੈ ਕਿ ਨਸ਼ੇ ਦੀ ਇਸ ਮੁਹਿਮ ਵਿੱਚ ਪੰਜਾਬ ਸਰਕਾਰ ਦਾ ਵੱਧ ਚੜ ਕੇ ਸਾਥ ਦਿਓ ਅਤੇ ਨਸ਼ਾ ਵੇਚਣ ਵਾਲੇ ਤੇ ਨਸ਼ਾ ਕਰਨ ਵਾਲਿਆਂ ਦੀ ਸੂਚਨਾ ਪੁਲਿਸ ਵਿਭਾਗ ਨੂੰ ਦਿਓ।

ਇਸ ਦੌਰਾਨ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ, ਗੈਂਗਸਟਰ ਮਾਫੀਆ ਅਤੇ ਹੋਰ ਮਸਲਿਆਂ ਬਾਰੇ ਪਹੁੰਚੀਆਂ ਸਖਸ਼ੀਅਤਾਂ, ਮੋਹਤਬਾਰਾਂ, ਸਕੂਲੀ/ਕਾਲਜੀ ਬੱਚਿਆਂ ਨਾਲ ਵਿਚਾਰ ਸਾਂਝੇ ਕੀਤੇ ਗਏ ਅਤੇ ਉਨ੍ਹਾਂ ਤੋਂ ਵੀ ਸੁਝਾਅ ਲਏ ਗਏ। ਇਸ ਤੋਂ ਇਲਾਵਾ ਕ੍ਰਾਂਤੀ ਕਲਾ ਮੰਚ ਵੱਲੋਂ ਨਸ਼ਿਆਂ ਵਿਰੁੱਧ ਨਾਟਕ ਖੇਡ ਕੇ ਵੀ ਆਏ ਹੋਏ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕੀਤਾ ਗਿਆ।ਇਸ ਮੌਕੇ ਐੱਸ ਪੀ ਹੈਡਕਵਾਟਰ ਸ਼੍ਰੀ ਅਰਵਿੰਦ ਮੀਨਾ, ਡੀਐਸਪੀ ਮੋਰਿੰਡਾ ਜਤਿੰਦਰਪਾਲ ਸਿੰਘ ਮੱਲੀ ,ਐੱਸ ਐੱਚ ਓ ਸ਼ਵਿੰਦਰ ਸਿੰਘ, ਐੱਸ ਐੱਚ ਓ ਸ. ਹਰਜਿੰਦਰ ਸਿੰਘ ਅਤੇ ਵਿਭਾਗ ਦੇ ਹੋਰ ਉੱਚ ਅਧਿਕਾਰੀਆਂ ਤੋਂ ਇਲਾਵਾ ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਜਗਦੇਵ ਸਿੰਘ ਭਟੋਆ, ਸੁਖਵਿੰਦਰ ਸਿੰਘ ਮੂੰਡੀਆਂ ਪ੍ਰਧਾਨ ਟਰੱਕ ਯੂਨੀਅਨ ਮੋਰਿੰਡਾ, ਆਪ ਆਗੂ ਬੀਰ ਦਵਿੰਦਰ ਸਿੰਘ,ਕੌਂਸਲਰ ਰਾਜਪ੍ਰੀਤ ਸਿੰਘ ਰਾਜੀ, ਹਰਜੀਤ ਸਿੰਘ ਸੋਢੀ, ਵਰਿੰਦਰ ਸਿੰਘ, ਸੁਰਜੀਤ ਕੁਮਾਰ, ਹਰਬੰਸ ਸਿੰਘ ਦਾਤਾਰਪੁਰ, ਬਲਵੀਰ ਸਿੰਘ ਮਾਨ ਖੇੜੀ, ਕੁਲਵੀਰ ਸਿੰਘ ਰਸੂਲਪੁਰ, ਕੁਲਵੀਰ ਸਿੰਘ ਦਾਤਾਰਪੁਰ, ਗੁਰਜੀਤ ਸਿੰਘ ਜੀਤੀ, ਸਤਵੰਤ ਸਿੰਘ ਦਾਤਾਰਪੁਰ, ਗੁਰਮੀਤ ਸਿੰਘ ਬਾਰੂ ਸਰਪੰਚ ਮੜੌਲੀ ਕਲਾਂ, ਦਲਵੀਰ ਸਿੰਘ ਸਰਪੰਚ ਮੂੰਹੀਆਂ, ਹਰੀਪਾਲ, ਮੈਡੀਕਲ ਐਸੋਸੀਏਸ਼ਨ ਮੋਰਿੰਡਾ ਦੇ ਆਗੂ, ਹਰਸ਼ ਕੋਹਲੀ, ਚੰਨੀ, ਕੁਲਵੀਰ ਸਿੰਘ ਸੋਨੂੰ, ਕੁਲਵਿੰਦਰ ਸਿੰਘ ਸਰਪੰਚ, ਵੱਖ-ਵੱਖ ਸਕੂਲਾਂ ਦੇ ਵਿਦਿਆਰਥੀ/ਵਿਦਿਆਰਥਣਾਂ ਸਮੇਤ ਅਨੇਕਾਂ ਪਤਵੰਤੇ ਸੱਜਣ ਅਤੇ ਪੰਚ ਸਰਪੰਚ ਹਾਜ਼ਰ ਸਨ।

# ਸ਼ਹੀਦ ਭਾਈ ਦਿਆਲਾ ਜੀ ਪਬਲਿਕ ਸਕੂਲ ਵਿਖੇ ਇਨਾਮ ਵੰਡ ਸਮਾਗਮ ਕਰਵਾਇਆ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com

ਲੌਂਗੋਵਾਲ,17 ਅਪ੍ਰੈਲ (ਜਗਸੀਰ ਸਿੰਘ) - ਇਲਾਕੇ ਦੀ ਨਾਮਵਰ ਅਤੇ ਮਸ਼ਹੂਰ ਵਿੱਦਿਅਕ ਸੰਸਥਾ ਸ਼ਹੀਦ ਭਾਈ ਦਿਆਲਾ ਜੀ ਪਬਲਿਕ ਸਕੂਲ ਲੌਂਗੋਵਾਲ ਵਿਖੇ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ ,ਜਿਸ ਵਿੱਚ ਇਸ ਸਾਲ ਆਪਣੀ ਸੈਕਸ਼ਨ ਵਿੱਚੋਂ ਵਧੀਆ ਅੰਕ ਲੈਕੇ ਪਹਿਲੀ, ਦੂਸਰੀ ਅਤੇ ਤੀਸਰੀ ਪੁਜੀਸ਼ਨ ਹਾਸਲ ਕਰਨ ਵਾਲੇ ਵਿਦਿਆਰਥੀਆਂ






ਨੂੰ ਇਨਾਮ ਵੰਡੇ ਗਏ । ਇਸ ਵਿੱਚ ਕੇ.ਜੀ ਜਮਾਤ ਤੋਂ ਨੌਵੀਂ ਜਮਾਤ ਤੱਕ ਅਤੇ ਗਿਆਰਵੀਂ ਜਮਾਤ ਦੇ ਵਿਦਿਆਰਥੀ ਸ਼ਾਮਿਲ ਸਨ। ਇਸ ਸਮੇਂ ਇਨਾਮ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਵਿੱਚ ਕਾਫੀ ਉਤਸਾਹ ਦੇਖਣ ਨੂੰ ਮਿਲਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ. ਨਰਪਿੰਦਰ ਸਿੰਘ ਢਿੱਲੋਂ ਅਤੇ ਵਾਈਸ ਪ੍ਰਿੰਸੀਪਲ ਸ਼੍ਰੀਮਤੀ ਸੀਮਾ ਠਾਕੁਰ ਨੇ ਵਿਦਿਆਰਥੀਆਂ ਨੂੰ ਇਨਾਮ ਵੰਡੇ ਅਤੇ ਸ਼ੁਭ ਇੱਛਾਵਾਂ ਦਿੱਤੀਆਂ। ਇਸ ਮੌਕੇ ਮੈਡਮ ਰਜਿੰਦਰ ਕੌਰ ਸੀਨੀਅਰ ਕੋਆਰਡੀਨੇਟਰ, ਗਤੀਵਿਧੀ ਇੰਚਾਰਜ ਮੈਡਮ ਰੀਬਾ ਪਨੇਸਰ ਅਤੇ ਸ੍ਰੀਮਤੀ ਜੇ.ਆਰ. ਘਟਕ ਸਾਮਲ ਸਨ ।

# ਵਿਧਾਇਕ ਗੁਰਲਾਲ ਘਨੌਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਤੇਪਲਾ ਅਤੇ ਬੂਹਾ ਪਿੰਡਾਂ 'ਚ ਲੱਖਾਂ ਰੁਪਏ ਦੀ ਗਰਾਂਟਾਂ ਦੇ ਵਿਕਾਸ ਕਾਰਜ ਲੋਕ ਅਰਪਿਤ

## -ਪੰਜਾਬ ਸਰਕਾਰ ਨੇ ਤਿੰਨ ਸਾਲਾਂ 'ਚ ਸਕੂਲਾਂ ਦੀ ਕਾਇਆ ਕਲਪ ਕੀਤੀ : ਗੁਰਲਾਲ ਘਨੌਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 9463601616 hardipchumber57@gmail.com



ਘਨੌਰ /ਪਟਿਆਲਾ 17 ਅਪ੍ਰੈਲ: 2025(ਬੇਅੰਤ ਸਿੰਘ ਰੋਹਟੀ ਖਾਸ) ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਅਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਹਾਈ ਸਕੂਲ ਬੂਹਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤੇਪਲਾ ਵਿਖੇ ਲੱਖਾਂ ਰੁਪਏ ਦੀ ਗਰਾਂਟਾਂ ਨਾਲ ਹੋਏ ਵਿਕਾਸ ਕਾਰਜਾਂ ਨੂੰ ਸ. ਗੁਰਲਾਲ ਸਿੰਘ ਐਮਐਲਏ ਹਲਕਾ ਘਨੌਰ ਨੇ ਲੋਕ ਅਰਪਿਤ ਕੀਤਾ। ਇਸ ਉਦੇਸ਼ ਹੇਠ ਕਰਵਾਏ ਗਏ ਉਦਘਾਟਨ ਸਮਾਰੋਹ ਦੌਰਾਨ ਮੁੱਖ ਮਹਿਮਾਨ ਸ. ਗੁਰਲਾਲ ਸਿੰਘ ਘਨੌਰ ਵੱਲੋਂ ਪੰਜਾਬ ਸਰਕਾਰ ਦੀਆਂ ਸਿੱਖਿਆ ਖੇਤਰ ਵਿੱਚ ਹੋਈਆਂ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਗਿਆ ਕਿ ਪੰਜਾਬ ਸਰਕਾਰ ਨੇ ਤਿੰਨ ਸਾਲਾਂ 'ਚ ਸਕੂਲਾਂ ਦੀ ਕਾਇਆ ਕਲਪ ਕੀਤੀ ਹੈ।

ਸਮਾਰੋਹ ਦੀ ਸ਼ੁਰੂਆਤ ਬੱਚਿਆਂ ਵੱਲੋਂ ਸਭਿਆਚਾਰਕ ਪ੍ਰੋਗਰਾਮ ਰਾਹੀਂ ਹੋਈ। ਸਕੂਲ ਮੁਖੀ ਵੱਲੋਂ ਮੁੱਖ ਮਹਿਮਾਨ, ਵਿਸ਼ੇਸ਼ ਮਹਿਮਾਨਾਂ ਅਤੇ ਪਤਵੰਤੇ ਸੱਜਣਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ ਗਏ।

ਇਸ ਮੌਕੇ ਵਿਧਾਇਕ ਗੁਰਲਾਲ ਘਨੌਰ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤੇਪਲਾ ਵਿਖੇ 55 ਲੱਖ ਦੀ ਲਾਗਤ ਨਾਲ ਕੀਤੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ ਜਿਸ ਵਿੱਚ ਸਕੂਲ ਦੀ ਨਵੀਂ ਉਸਾਰੀ ਚਾਰਦੀਵਾਰੀ, ਦੋ ਸਮਾਰਟ ਕਲਾਸ-ਰੂਮ, ਬੈਡਮਿੰਟਨ ਗਰਾਊਂਡ ਅਤੇ ਲਾਨ ਟੈਨਿਸ ਗਰਾਊਂਡ ਦਾ ਉਦਘਾਟਨ ਕੀਤਾ ਗਿਆ। ਵਿਦਿਆਰਥੀਆਂ ਵੱਲੋਂ ਬਿਜ਼ਨਸ ਬਲਾਸਟਰ ਪ੍ਰੋਗਰਾਮ ਦੀਆਂ ਵੱਖ-ਵੱਖ ਐਕਟੀਵਿਟੀਆਂ ਪ੍ਰਦਰਸ਼ਨੀ ਰਾਹੀਂ ਦਰਸਾਈਆਂ ਗਈਆਂ। ਸਮਾਰਟ ਕਲਾਸ-ਰੂਮ ਵਿੱਚ ਪ੍ਰੋਜੈਕਟਰ ਰਾਹੀਂ ਵਿਦਿਆਰਥੀਆਂ ਦੀ ਪੜ੍ਹਾਈ ਸਬੰਧੀ ਡੈਮੋ ਦਿੱਤੀ ਗਈ। ਜਿਸ ਨਾਲ ਵਿਦਿਆਰਥੀਆਂ ਨੂੰ ਆਧੁਨਿਕ ਤਰੀਕੇ ਨਾਲ ਪੜ੍ਹਾਈ ਦੇ ਮਹੱਤਵ ਬਾਰੇ ਦੱਸਿਆ ਗਿਆ।

ਮੁੱਖ ਮਹਿਮਾਨ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਅਗਵਾਈ ਹੇਠ ਪੰਜਾਬ ਸਰਕਾਰ ਪੇਂਡੂ ਖੇਤਰ ਦੇ ਵਿਦਿਆਰਥੀਆਂ ਲਈ ਬਹੁਤ ਉਪਰਾਲੇ ਕਰ ਰਹੀ ਹੈ ਤਾਂ ਜੋ ਹਰੇਕ ਹਰ ਬੱਚੇ ਨੂੰ ਗੁਣਵੱਤਾ ਪੂਰਨ ਸਿੱਖਿਆ ਅਤੇ ਅਨੁਕੂਲ ਸਿੱਖਣ-ਸਿਖਾਉਣ ਵਾਲਾ ਬਰਾਬਰ ਮਾਹੌਲ ਮਿਲ ਸਕੇ।

ਇਸ ਮੌਕੇ ਤੇ ਪ੍ਰਿੰਸੀਪਲ ਅਮਨਜੋਤ ਕੌਰ, ਬੀ ਐਨ ਓ ਹਰਪ੍ਰੀਤ ਸਿੰਘ ਅਤੇ ਰਚਨਾ ਰਾਣੀ ਸਕੂਲ ਮੁਖੀ ਰਜਿੰਦਰ ਕੁਮਾਰ, ਸੰਜੀਵ ਲਤਾ ਹੈਡ ਮਿਸਟਰੈਸ ਮਦਨਪੁਰ ਚਲਹੇੜੀ, ਬੇਅੰਤ ਸਿੰਘ ਹੈਡ ਮਾਸਟਰ ਉਗਾਣੀ, ਐਸਐਮਸੀ ਕਮੇਟੀ ਚੇਅਰਮੈਨ ਬਲਜੀਤ ਕੌਰ, ਆਪ ਆਗੂ ਗੁਰਪ੍ਰੀਤ ਸਿੰਘ, ਸਰਪੰਚ ਰੁਪਿੰਦਰ ਸਿੰਘ, ਪਤਵੰਤੇ ਸੱਜਣ, ਅਧਿਆਪਕ, ਸਕੂਲ ਮੈਨੇਜਮੈਂਟ ਕਮੇਟੀ ਮੈਂਬਰ, ਸਰਪੰਚ, ਪੰਚ, ਪ੍ਰੋਗਰਾਮ ਹਲਕਾ ਕੋਆਰਡੀਨੇਟਰ, ਪ੍ਰੋਗਰਾਮ ਵਿਭਾਗ ਕੋਆਰਡੀਨੇਟਰ ਦੌਲਤ ਰਾਮ ਅਤੇ ਇਲਾਕੇ ਦੇ ਪਤਵੰਤੇ ਸੱਜਣ ਵੀ ਹਾਜ਼ਰ ਰਹੇ।

# ਵਿਧਾਇਕਾ ਨੀਨਾ ਮਿੱਤਲ ਨੇ ਰਾਜਪੁਰਾ ਦੇ ਤਿੰਨ ਪ੍ਰਾਇਮਰੀ ਸਕੂਲਾਂ 'ਚ 22 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ

## -ਧਮੌਲੀ ਵਿੱਚ ਨਵੇਂ ਉਸਾਰੇ ਕਲਾਸਰੂਮ ਦੇ ਨਾਲ-ਨਾਲ ਦੇਵੀਨਗਰ ਅਤੇ ਦਮਨਹੇੜੀ ਵਿਖੇ ਚਾਰਦੀਵਾਰੀ ਦੀ ਮੁਰੰਮਤ ਦੇ ਸੰਪੂਰਨ ਹੋਏ ਕਾਰਜ ਲੋਕ ਅਰਪਿਤ ਕੀਤੇ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 9463601616 hardipchumber57@gmail.com



ਰਾਜਪੁਰਾ/ਪਟਿਆਲਾ 17 ਅਪ੍ਰੈਲ2025(ਬੇਅੰਤ ਸਿੰਘ ਰੋਹਟੀ ਖਾਸ) ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਸਰਪ੍ਰਸਤੀ ਅਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਸਿੱਖਿਆ ਵਿਭਾਗ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਬੱਚਿਆਂ ਨੂੰ ਗੁਣਾਤਮਕ ਸਿੱਖਿਆ ਦਿੱਤੀ ਜਾ ਰਹੀ ਹੈ। ਇਸਦੇ ਨਾਲ ਹੀ ਸਕੂਲਾਂ ਦੇ ਸਰੰਚਨਾਤਕ ਢਾਂਚੇ ਦੀ ਲੋੜ ਨੂੰ ਦੇਖਦਿਆਂ ਸਮਾਰਟ ਕਲਾਸਰੂਮ, ਸਕੂਲ ਦੀ ਮਿਆਰੀ ਚਾਰਦੀਵਾਰੀ, ਰਿਪੇਅਰ ਲਈ ਸਮੇਂ ਸਮੇਂ ਤੇ ਲੋੜੀਂਦਾ ਗ੍ਰਾਟਾਂ ਨਾਲ ਸਕੂਲਾਂ ਦੀ ਕਾਇਆ ਕਲਪ ਹੋ ਰਹੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਰਾਜਪੁਰਾ ਦੀ ਵਿਧਾਇਕਾ ਮੈਡਮ ਨੀਨਾ ਮਿੱਤਲ ਨੇ ਰਾਜਪੁਰਾ ਦੇ ਅਧੀਨ ਪੈਂਦੇ ਪਿੰਡਾਂ ਧਮੌਲੀ, ਦੇਵੀਨਗਰ ਅਤੇ ਦਮਨਹੇੜੀ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਵਿਕਾਸ ਕਾਰਜਾਂ ਦੇ ਪੂਰਾ ਹੋਣ ਉਪਰੰਤ ਉਦਘਾਟਨ ਸਮਾਰੋਹ ਦੌਰਾਨ ਕੀਤਾ। ਉਹਨਾਂ ਸਰਕਾਰੀ ਪ੍ਰਾਇਮਰੀ ਸਕੂਲ ਧਮੌਲੀ ਵਿਖੇ ਤਿਆਰ ਹੋਏ ਨਵੇਂ ਸਮਾਰਟ ਕਲਾਸਰੂਮ ਸਮੇਤ ਲਗਭਗ 15 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਧਮੌਲੀ ਵਿਖੇ ਉਹਨਾਂ ਪਿੰਡ ਵਾਸੀਆਂ ਨਾਲ ਗੱਲਬਾਤ ਕੀਤੀ ਅਤੇ ਸਕੂਲ ਵਿੱਚ ਵੱਧ ਤੋਂ ਵੱਧ ਦਾਖ਼ਲਾ ਕਰਵਾਉਣ ਦੀ ਵੀ ਅਪੀਲ ਕੀਤੀ।

ਇਸਦੇ ਨਾਲ ਹੀ ਮੈਡਮ ਨੀਨਾ ਮਿੱਤਲ ਨੇ ਸਰਕਾਰੀ ਪ੍ਰਾਇਮਰੀ ਸਕੂਲ ਦਮਨਹੇੜੀ ਵਿਖੇ ਬਲਵਿੰਦਰ ਕੌਰ ਦੀ ਦੇਖ-ਰੇਖ ਹੇਠ ਕਰਵਾਏ ਉਦਘਾਟਨੀ ਸਮਾਰੋਹ ਵਿੱਚ ਹਿੱਸਾ ਲਿਆ। ਦਮਨਹੇੜੀ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਵਿਦਿਆਰਥੀਆਂ ਨੇ ਸੈਂਟਰ ਹੈਡ ਟੀਚਰ ਰੇਨੂੰ ਰਹੇਜਾ ਦੀ ਅਗਵਾਈ ਹੇਠ ਵਿੱਦਿਅਕ ਅਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ।

ਇਸ ਮੌਕੇ ਵਿਧਾਇਕਾ ਮੈਡਮ ਨੀਨਾ ਮਿੱਤਲ ਅਤੇ ਉਹਨਾਂ ਦੇ ਨਾਲ ਆਏ ਵਿਜੇ ਕੁਮਾਰ ਮੈਨਰੋ ਸਿੱਖਿਆ ਕੋਆਰਡੀਨੇਟਰ ਕਮ ਮਾਸਟਰ ਟਰੇਨਰ ਮਾਲਵਾ ਜੋਨ ਅਤੇ ਹੋਰ ਪਤਵੰਤੇ ਸੱਜਣਾਂ ਨੂੰ ਬਲਾਕ ਰਾਜਪੁਰਾ-2 ਦੇ ਬੀ ਐਨ ਓ ਹਰਪ੍ਰੀਤ ਸਿੰਘ ਹੈਡ ਮਾਸਟਰ ਨੇ ਅਤੇ ਉਹਨਾਂ ਦੀ ਟੀਮ ਨੇ ਜੀ ਆਇਆਂ ਕੀਤਾ ਅਤੇ ਸਨਮਾਨਿਤ ਕੀਤਾ ਗਿਆ। ਵਿਧਾਇਕਾ ਨੇ ਵਿਸ਼ਵਾਸ ਦਿਵਾਇਆ ਕਿ ਸਕੂਲਾਂ ਵਿੱਚ ਵਿਦਿਆਰਥੀਆਂ ਦਾ ਦਾਖ਼ਲਾ ਵਧਾਉਣ ਵਾਲੇ ਸਕੂਲ ਮੁਖੀਆਂ ਨੂੰ ਵਿਸ਼ੇਸ਼ ਪ੍ਰੋਗਰਾਮ ਕਰਕੇ ਸਨਮਾਨਿਤ ਕੀਤਾ ਜਾਵੇਗਾ।

ਇਸ ਮੌਕੇ ਬੀਪੀਈਓ ਬਲਵਿੰਦਰ ਕੁਮਾਰ, ਰਾਜਿੰਦਰ ਸਿੰਘ ਚਾਨੀ ਜ਼ਿਲ੍ਹਾ ਮੀਡੀਆ ਕੋਆਰਡੀਨੇਟਰ, ਮੇਜਰ ਸਿੰਘ ਬਲਾਕ ਮੀਡੀਆ ਕੋਆਰਡੀਨੇਟਰ, ਪ੍ਰਵੀਨ ਕੁਮਾਰ ਸੀਐਚਟੀ, ਪਿਆਰਾ ਸਿੰਘ, ਰੇਖਾ ਵਰਮਾ, ਸੁਮਿਤ ਬਖ਼ਸ਼ੀ, ਤਰੁਣ ਸ਼ਰਮਾ, ਰਾਜੇਸ਼ ਬਾਵਾ, ਮਨਜੀਤ ਸਿੰਘ ਸੀਐਚਟੀ, ਯੋਗੇਸ਼ ਕੁਮਾਰ ਮੀਡੀਆ ਕੋਆਰਡੀਨੇਟਰ ਪ੍ਰਾਇਮਰੀ ਰਾਜਪੁਰਾ-1, ਦੀਪਕ ਪੁਰੀ, ਨਿਰਮਲ ਕੌਰ ਸੈਂਟਰ ਹੈਡ ਟੀਚਰ, ਡਾ: ਚਰਨਕਮਲ ਸਿੰਘ ਧੀਮਾਨ, ਧਨਵੰਤ ਸਿੰਘ, ਅਨੂਪ ਸ਼ਰਮਾ, ਇੰਦਰਪ੍ਰੀਤ ਸਿੰਘ ਬੀਆਰਸੀ, ਸਕੂਲ ਅਧਿਆਪਕ, ਮਾਪੇ, ਪਤਵੰਤੇ ਸੱਜਣ, ਪੰਚਾਇਤ ਮੈਂਬਰ, ਸਕੂਲ ਮੈਨੇਜਮੈਂਟ ਕਮੇਟੀ ਮੈਂਬਰ ਅਤੇ ਹੋਰ ਸੱਜਣ ਮੌਜੂਦ ਸਨ।

# ਅਨੁਸੂਚਿਤ ਜਾਤੀਆਂ ਤੇ ਜਨਜਾਤੀਆਂ ਦੇ ਵਕੀਲ ਵੀ ਬਣ ਸਕਣਗੇ ਹੁਣ ਪੰਜਾਬ 'ਚ ਏ.ਜੀ., ਡਿਪਟੀ ਏ.ਜੀ. ਤੇ ਸਰਕਾਰੀ ਵਕੀਲ-ਐਮ.ਐਲ.ਏ. ਦੇਵ ਮਾਨ

## -ਵਿਧਾਇਕ ਦੇਵ ਮਾਨ ਨੇ ਪੰਜਾਬ ਸਰਕਾਰ, ਮੁੱਖ ਮੰਤਰੀ ਭਗਵੰਤ ਮਾਨ ਤੇ ਅਰਵਿੰਦ ਕੇਜਰੀਵਾਲ ਦਾ ਕੀਤਾ ਧੰਨਵਾਦ, -ਪਿਛਲੀਆਂ ਸਰਕਾਰਾਂ ਨੇ ਕਦੇ ਨਹੀਂ ਲਈ ਦਲਿਤਾਂ ਦੀ ਸਾਰ-ਦੇਵ ਮਾਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 9463601616 hardipchumber57@gmail.com



ਨਾਭਾ, 17 ਅਪ੍ਰੈਲ:2025 (ਬੇਅੰਤ ਸਿੰਘ ਰੋਹਟੀ ਖਾਸ) ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਅੱਜ ਇੱਕ ਪ੍ਰੈਸ ਕਾਨਫਰੰਸ ਕਰਕੇ ਪੰਜਾਬ ਸਰਕਾਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਨੇ ਪਿਛਲੀਆਂ ਸਰਕਾਰਾਂ ਨੂੰ ਕੋਸਦਿਆਂ ਕਿਹਾ ਕਿ ਆਜ਼ਾਦੀ ਤੋਂ ਹੁਣ ਤੱਕ ਰਵਾਇਤੀ ਪਾਰਟੀਆਂ ਨੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਨੂੰ ਵੋਟਾਂ ਲੈਣ ਲਈ ਤਾਂ ਵਰਤਿਆ ਪਰੰਤੂ ਉਨ੍ਹਾਂ ਦੇ ਪੈਰੋਕਾਰਾਂ ਤੇ ਅਨੁਸੂਚਿਤ ਜਾਤੀਆਂ ਤੇ ਜਨਜਾਤੀਆਂ ਨੂੰ ਉਨ੍ਹਾਂ ਦੇ ਬਣਦੇ ਹੱਕ ਨਾ ਦਿੱਤੇ। ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਉਨ੍ਹਾਂ ਨੂੰ ਇਸ ਗੱਲ ਦੀ ਖੁਸ਼ੀ ਹੈ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਵਕੀਲਾਂ ਦੀ ਭਰਤੀ 'ਚ ਰਾਖਵੇਂਕਰਨ ਦੇ ਦਿੱਤੇ ਗਏ ਫ਼ੈਸਲੇ ਨਾਲ ਹੁਣ ਅਨੁਸੂਚਿਤ ਜਾਤੀਆਂ ਤੇ ਜਨਜਾਤੀਆਂ ਦੇ ਬੱਚੇ, ਜੋ ਵਕੀਲ ਹਨ ਪਰੰਤੂ ਉਨ੍ਹਾਂ ਨੇ ਕਦੇ ਪੰਜਾਬ 'ਚ ਏ.ਜੀ., ਡਿਪਟੀ ਏ.ਜੀ. ਤੇ ਸਰਕਾਰੀ ਵਕੀਲ ਬਣਨ ਦਾ ਸੁਪਨਾ ਵੀ ਨਹੀਂ ਸੀ ਲਿਆ, ਉਹ ਹੁਣ ਐਡਵੋਕੇਟ ਜਨਰਲ ਅਤੇ ਹਾਈ ਕੋਰਟਾਂ ਦੇ ਜੱਜ ਬਣਨਗੇ। ਦੇਵ ਮਾਨ ਨੇ ਅੱਗੇ ਦੱਸਿਆ ਕਿ ਇਹ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਪੰਜਾਬ ਦੇ ਦਲਿਤਾਂ ਅਤੇ ਪੰਜਾਬ ਦੇ ਅਨੁਸੂਚਿਤ ਜਨਜਾਤੀਆਂ ਦੇ ਹੱਕ ਵਿੱਚ ਲਿਆ ਗਿਆ ਇੱਕ ਇਤਿਹਾਸਕ ਵੱਡਾ ਫੈਸਲਾ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਪਹਿਲੀ ਵਾਰ ਲਾਅ ਅਫ਼ਸਰਾਂ ਦੀਆਂ 58 ਅਸਾਮੀਆਂ ਰਾਖਵੀਆਂ ਰੱਖੀਆਂ, ਪਰੰਤੂ 2017 ਦੇ ਐਕਟ ਦੇ ਮਾਪਦੰਡਾਂ 'ਚ ਸੀਨੀਅਰ ਐਡਵੋਕੇਟ ਜਨਰਲ ਦੇ ਅਹੁਦੇ ਲਈ ਆਮਦਨ ਦੀ ਸ਼ਰਤ 20 ਲੱਖ ਰੁਪਏ ਸਾਲਾਨਾ, ਐਡੀਸ਼ਨਲ ਐਡਵੋਕੇਟ ਜਨਰਲ ਲਈ 15 ਲੱਖ ਰੁਪਏ, ਸੀਨੀਅਰ ਡਿਪਟੀ ਐਡਵੋਕੇਟ ਜਨਰਲ ਲਈ 10 ਲੱਖ ਰੁਪਏ, ਡਿਪਟੀ ਐਡਵੋਕੇਟ ਜਨਰਲ ਲਈ 7 ਲੱਖ ਰੁਪਏ, ਸਹਾਇਕ ਐਡਵੋਕੇਟ ਜਨਰਲ ਲਈ 3.5 ਲੱਖ ਰੁਪਏ ਸੀ। ਇਨ੍ਹਾਂ ਸ਼ਰਤਾਂ ਕਰਕੇ 58 ਅਸਾਮੀਆਂ ਵਿੱਚੋਂ 15 ਅਸਾਮੀਆਂ ਖਾਲੀ ਸਨ ਅਤੇ 2017 ਦੇ ਐਕਟ ਵਿੱਚ ਬਣਾਏ ਗਏ ਆਮਦਨ ਕਰ ਦੇ ਮਾਪਦੰਡਾਂ ਅਨੁਸਾਰ, ਯੋਗ ਉਮੀਦਵਾਰ ਨਹੀਂ ਮਿਲੇ, ਜਿਸ ਕਾਰਨ ਪੰਜਾਬ ਸਰਕਾਰ ਨੇ ਇਹ ਇੱਕ ਇਤਿਹਾਸਕ ਫੈਸਲਾ ਹੈ।ਇਸ ਫੈਸਲੇ ਕਾਰਨ, ਅਨੁਸੂਚਿਤ ਜਾਤੀ ਅਤੇ ਅਨੁਸੂਚਿਤ ਜਨਜਾਤੀ ਦੇ ਸਾਰੇ ਉਮੀਦਵਾਰਾਂ ਦਾ ਆਮਦਨ ਕਰ ਅੱਧਾ ਹੋ ਜਾਵੇਗਾ ਤੇ ਇਸ ਮਾਪਦੰਡ ਵਿੱਚ ਵੱਡੀ ਢਿੱਲ ਦੇਣ ਨਾਲ ਖਾਲੀ ਪਈਆਂ 15 ਅਸਾਮੀਆਂ ਨੂੰ ਭਰਿਆ ਜਾ ਸਕੇਗਾ। ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਦੇਸ਼ ਭਰ ਦੀਆਂ ਸਾਰੀਆਂ ਹਾਈ ਕੋਰਟਾਂ ਵਿੱਚ, ਕਿਸੇ ਵੀ ਰਾਜ ਵਿੱਚ ਵਕੀਲਾਂ ਜਾਂ ਸਰਕਾਰੀ ਵਕੀਲਾਂ ਦੀ ਭਰਤੀ ਲਈ ਐਸਸੀ, ਐਸਟੀ ਲਈ ਕੋਈ ਰਾਖਵਾਂਕਰਨ ਨਹੀਂ ਸੀ, ਪਰ ਹੁਣ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰੀ ਵਕੀਲਾਂ ਦੀਆਂ ਅਸਾਮੀਆਂ ਹਨ, ਖਾਸ ਕਰਕੇ ਹਾਈ ਕੋਰਟ ਵਿੱਚ, ਅਨੁਸੂਚਿਤ ਜਾਤੀਆਂ ਤੇ ਜਨ ਜਾਤੀਆਂ ਦੇ ਵਕੀਲਾਂ ਨੂੰ ਰਾਖਵੇਂ ਕਰਨ ਦਾ ਲਾਭ ਦਿੱਤਾ ਹੈ।

# ਡਾਕਟਰ ਅੰਬੇਡਕਰ ਜਾਗਰਤੀ ਮੇਲਾ ਕਰਵਾਇਆ ਗਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 9463601616 hardipchumber57@gmail.com



ਬੰਗਾ( ਚਰਨਜੀਤ ਸੱਲ੍ਹਾ ) ਪੂਨੀਆ ਦੇ ਖੇਡ ਮੈਦਾਨ ਵਿੱਚ ਡਾਕਟਰ ਅੰਬੇਡਕਰ ਚੇਤਨਾ ਸੁਸਾਇਟੀ ਬੰਗਾ ਵੱਲੋਂ ਬਾਬਾ ਸਾਹਿਬ ਡਾਕਟਰ ਬੀ ਆਰ ਅੰਬੇਡਕਰ ਜਾਗਰਤੀ ਮੇਲਾ 2025 ਕਰਵਾਇਆ ਗਿਆ। ਇਸ ਮੇਲੇ ਵਿੱਚ ਵੱਖ-ਵੱਖ ਪਿੰਡਾਂ ਦੀਆਂ ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਨੇ ਵੱਧ ਚੜ ਕੇ ਭਾਗ ਲਿਆ। ਇਸ ਪ੍ਰੋਗਰਾਮ ਦੀ ਅਗਵਾਈ ਡਾ ਕਸ਼ਮੀਰ ਚੰਦ , ਡਾ ਨਿਰੰਜਨ ਪਾਲ, ਡਾ ਸੁਖਵਿੰਦਰ ਹੀਰਾ, ਡਾ ਜਸਵਿੰਦਰ ਰਲ, ਲੈਖ ਕੁਲਵਿੰਦਰ ਸਿੰਘ, ਲੈਕ ਬਲਿਹਾਰ ਸਿੰਘ, ਲੈਕ ਰਾਮ ਕ੍ਰਿਸ਼ਨ ਪੱਲੀ ਝੱਕੀ, ਸੁਰਿੰਦਰ ਮੋਹਨ ਨੇ ਸਾਂਝੇ ਤੌਰ ਤੇ ਕੀਤੀ। ਇਸ ਮੇਲੇ ਵਿੱਚ ਬੱਚਿਆਂ ਦੇ ਪੇਂਟਿੰਗ ਮੁਕਾਬਲੇ, ਭਾਸ਼ਣ ਮੁਕਾਬਲੇ ਤੇ ਕੋਰੀਓਗ੍ਰਾਫੀ ਦੇ ਮੁਕਾਬਲੇ ਕਰਵਾਏ ਗਏ। ਇਸ ਮੇਲੇ ਵਿੱਚ ਬੁਲਾਰਿਆਂ ਦੇ ਰੂਪ ਵਿੱਚ ਪ੍ਰੋ ਅਕਸ਼ੇ ਜਲੋਵਾ ਪੁਲੀਟੀਕਨਿਜ ਕਾਲਜ ਜਲੰਧਰ, ਪ੍ਰੋ ਰਵੀਕਾਂਤ ਲਖਨਊ ਯੂਨੀਵਰਸਿਟੀ ਯੂਪੀ, ਅਤੇ ਧਰਮਿੰਦਰ ਭੁੱਲਾ ਰਾਈ, ਬਾਬਾ ਸਾਹਿਬ ਦੀ ਜੀਵਨੀ ਤੇ ਵਿਸਥਾਰ ਪੂਰਵਕ ਚਾਨਣਾ ਪਾਇਆ। ਉਨ੍ਹਾਂ ਤਿੰਨਾਂ ਜਾਣਿਆਂ ਨੇ ਕਿਹਾ ਕਿ ਜਿੱਥੇ ਮਨੂਵਾਦੀ ਪਾਰਟੀਆ ਇਸ ਵੇਲੇ ਪੂਰੇ ਜੋਬਨ ਤੇ ਹਨ ਉਥੇ ਬਹੁਜਨ ਪਾਰਟੀਆਂ ਵੀ ਸੰਘਰਸ਼ ਕਰ ਰਹੀਆ ਹਨ ਕਿਉਂਕਿ ਕਿ ਮੰਨੂਵਾਦੀ ਪਾਰਟੀ ਨਹੀਂ ਚਾਹੁੰਦੀਆ ਕਿ ਸਾਡੇ ਦੇਸ਼ ਵਿੱਚ ਬਰਾਬਰਤਾ ਆ ਜਾਵੇ ਉਹ ਦੇਸ਼ ਵਿੱਚ ਖੂਨ ਖ਼ਰਾਬਾ ਦੇਖਣਾ ਚਾਹੁੰਦੀਆਂ ਹਨ ਜਾਤ ਪਾਤ ਦੇ ਨਾਂ,ਉਚ ਨੀਚ ਅਤੇ ਧਾਰਮਿਕ ਫ਼ਸਾਦ ਪਾਉਣਾ ਚਾਹੁੰਦੀਆਂ ਹਨ ਪਰ ਉਥੇ ਹੀ ਬਹੁਜਨ ਪਾਰਟੀਆਂ ਦੇਸ਼ ਵਿੱਚ ਬਰਾਬਰਤਾ,ਜਾਤ ਪਾਤ,ਉਚ ਨੀਚ ਨੂੰ ਮਿਟਾਉਣਾ ਚਾਹੁੰਦੀਆਂ ਹਨ ਉਹ ਭਾਰਤ ਨੂੰ ਸੋਨੇ ਦੀ ਚਿੜੀਆਂ ਬਣਾਉਣਾ ਚਾਹੁੰਦੀਆਂ ਹਨ ਉਹ ਦੇਸ਼ ਵਿੱਚ ਤਥਾਗਤ ਬੁੱਧ, ਗੁਰੂ ਰਵਿਦਾਸ ਮਹਾਰਾਜ, ਗੁਰੂ ਕਬੀਰ ਸਾਹਿਬ, ਗੁਰੂ ਨਾਨਕ, ਮਹਾਤਮਾ ਜੋਤੀਬਾ ਫੂਲੇ, ਸਵਿੱਤਰੀ ਬਾਈ ਫੂੰਲੇ, ਸ਼ਾਹੂ ਛਤਰਪਤੀ, ਬਾਬਾ ਸਾਹਿਬ ਡਾ ਅੰਬੇਡਕਰ ਜੀ ਅਤੇ ਸਾਹਿਬ ਸ੍ਰੀ ਕਾਂਸ਼ੀ ਰਾਮ ਜੀ ਦਾ ਬੁੱਧ ਮਈ ਰਾਜ ਪੈਦਾ ਕਰਨਾ ਚਾਹੁੰਦੀਆਂ ਹਨ।ਮੇਲੇ ਵਿੱਚ ਸਾਇੰਸ ਪ੍ਰਦਰਸ਼ਨੀ, ਪੁਸਤਕ ਪ੍ਰਦਰਸ਼ਨੀ ਅਤੇ ਕੌਂਸਲਿੰਗ ਐਂਡ ਗਾਈਡੈਂਸ ਵੀ ਖਿੱਚਦਾ ਕੇਂਦਰ ਰਿਹਾ। ਮਿਸ਼ਨਰੀ ਕਲਾਕਾਰ ਬਲਵਿੰਦਰ ਬਿੱਟੂ ਨੇ ਬਾਬਾ ਸਾਹਿਬ ਜੀ ਦੇ ਜੀਵਨ ਤੇ ਸਬੰਧਤ ਅਤੇ ਮਿਸ਼ਨਰੀ ਗੀਤਾਂ ਨਾਲ ਮੇਲੇ ਵਿੱਚ ਖੂਬ ਰੌਣਕਾਂ ਲਗਾਈਆਂ। ਉਸ ਟਾਈਮ ਤਾਂ ਅੱਤ ਹੀ ਹੋ ਗਈ ਸੀ ਜਦੋਂ ਕਿਹੜੀ ਜਗ੍ਹਾ ਅਸੀਂ ਨਹੀਂ ਖੂਨ ਡੋਲਿਆ ਗਾ ਕੇ ਮਿਸ਼ਨਰੀ ਗਾਇਕੀ ਦਾ ਸਬੂਤ ਦਿੱਤਾ।ਇਸ ਮੌਕੇ ਹਰਜੋਤ ਕੌਰ ਲੋਹਟੀਆ ਪ੍ਰਦੇਸ਼ ਜਨਰਲ ਸਕੱਤਰ ਮਹਿਲਾ ਵਿੰਗ ਆਮ ਆਦਮੀ ਪਾਰਟੀ, ਡਾ ਕਸ਼ਮੀਰ ਚੰਦ, ਡਾ ਨਿਰੰਜਨ ਪਾਲ, ਡਾ ਸੁਖਵਿੰਦਰ ਹੀਰਾ, ਡਾ ਅਮਰੀਕ ਸਿੰਘ, ਡਾ ਜਸਵਿੰਦਰ ਰਲ, ਲੈਕ ਕੁਲਵਿੰਦਰ ਸਿੰਘ, ਲੈਕ ਬਲਿਹਾਰ ਸਿੰਘ, ਲੈਕ ਰਾਮ ਕ੍ਰਿਸ਼ਨ ਪੱਲੀ ਝੱਕੀ, ਲੈਕ ਸੁਰਜੀਤ ਸੈਂਪਲੇ, ਲੈਕ ਸਤਨਾਮ ਸੁੰਨੀ, ਹਰ ਬਲਾਸ ਬੰਗਾ, ਅਮਰੀਕ ਰਸੂਲਪੁਰ, ਰਾਣਾ ਮੁਕੰਦਪੁਰ, ਸਰਪੰਚ ਸੁਰਿੰਦਰ ਪਾਲ ਸੁੱਡਾ, ਰਮੇਸ਼ ਅਟਾਰੀ, ਹਰਜਿੰਦਰ ਸਿੰਘ, ਚੰਨਣ ਰਾਮ, ਭੁਪਿੰਦਰ ਸਿੰਘ, ਪ੍ਰਿਥੀਪਾਲ ਸਰਹਾਲ, ਦਰਬਾਰੀ ਲਾਲ ਸਰਹਾਲ, ਪ੍ਰਿੰਸੀਪਲ ਸ਼ੰਕਰ ਦਾਸ,ਹੁਸਨ ਲਾਲ, ਜਸਵੀਰ ਪਾਲ ਰਸੂਲਪੁਰ , ਅਮਰੀਕ ਰਸੂਲਪੁਰ, ਦਵਿੰਦਰ ਸਿੰਘ, ਗੁਰਮੇਲ ਸਿੰਘ ਮੋਰਾਂਵਾਲੀ, ਹਰਜਿੰਦਰ ਸਿੰਘ, ਗੁਰਨਾਮ ਰਾਮ, ਨੰਦ ਲਾਲ , ਲੈਕ ਸੁਭਾਸ਼,ਆਦਿ ਹਾਜ਼ਰ ਸਨ। ਮਾਂ ਲਖਵਿੰਦਰ ਭੌਰਾਂ ਨੇ ਬਾਬਾ ਸਾਹਿਬ ਡਾ ਅੰਬੇਡਕਰ ਜੀ ਦੇ ਇਸ ਪ੍ਰੋਗਰਾਮ ਵਿੱਚ ਜਾਨ ਪਾਕੇ ਰੱਖੀ ਅਤੇ ਸਟੇਜ ਸਕੱਤਰ ਦਾ ਕੰਮ ਬਾਖੂਬੀ ਨਿਭਾਇਆ।

# ਪਿੰਡ ਸੱਲ੍ਹਾ ਵਿਖੇ ਬਾਬਾ ਸਾਹਿਬ ਡਾ ਅੰਬੇਡਕਰ ਜੀ ਦਾ ਜਨਮ ਦਿਨ ਕੇਕ ਕੱਟ ਕੇ ਮਨਾਇਆ ਗਿਆ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com

ਬੰਗਾ (ਚਰਨਜੀਤ ਸੱਲ੍ਹਾ ) ਅੱਜ ਪਿੰਡ ਸੱਲ੍ਹ ਖੁਰਦ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਗੁਰਦੁਆਰਾ ਸਾਹਿਬ ਵਿਖੇ ਬਾਬਾ ਸਾਹਿਬ ਡਾ ਅੰਬੇਡਕਰ ਜੀ ਦਾ ਜਨਮ ਦਿਨ ਕੇਕ ਕੱਟ ਕੇ ਮਨਾਇਆ ਗਿਆ। ਇਸ ਟਾਈਮ ਗ੍ਰੰਥੀ ਸਿੰਘ ਨਰਿੰਦਰ ਸਿੰਘ ਜੀ ਨੇ ਅਰਦਾਸ ਕੀਤੀ।ਜਿਨ੍ਹਾਂ ਨੇ ਮੰਨੂੰ ਸਿਮਰਤੀ ਸਾੜ ਕੇ ਆਪਣਾ ਸੰਵਿਧਾਨ ਬਣਾਕੇ ਪਸ਼ੂਆਂ



ਤੋਂ ਵੀ ਭੈੜੀ ਜ਼ਿੰਦਗੀ ਬਸਰ ਕਰ ਰਹੇ ਲੋਕਾਂ ਨੂੰ ਬਰਾਬਰਤਾ ਵਾਲੀ ਲਾਈਨ ਵਿੱਚ ਖੜ੍ਹਾ ਕਰ ਦਿੱਤਾ ਅਤੇ ਔਰਤਾਂ ਚਾਹੇ ਉਹ ਕਿਸੇ ਸਮਾਜ ਦੀਆਂ ਹੋਣ ਉਨ੍ਹਾਂ ਨੂੰ ਪੜ੍ਹਨ ਲਿਖਣ,ਹਰ ਤਰ੍ਹਾਂ ਦੀ ਆਜ਼ਾਦੀ ਲੈਕੇ ਦਿੱਤੀ। ਇਥੋਂ ਤੱਕ ਕਿ ਚਾਹੇ ਉਹ ਮਰਦ ਹੋਵੇ ਚਾਹੇ ਔਰਤ ਹੋਵੇ ਹਰੇਕ ਨੂੰ ਬਰਾਬਰਤਾ ਦਾ ਹੱਕ ਲੈਕੇ ਦਿੱਤਾ ਉਸ ਨੇ ਸਾਡੀ ਖਾਤਰ ਬਹੁਤ ਕਢਨ ਸੰਘਰਸ਼ ਕੀਤਾ। ਇਸ ਮੌਕੇ ਤੇ ਜੱਸੀ ਬੈਂਸ ਦੁਬਈ, ਪ੍ਰਿਥੀ ਸਿੰਘ ਬੈਂਸ, ਹੈਪੀ ਵਾਲੀਆਂ, ਗੁਰਦੀਪ ਰਾਮ, ਕੁਲਦੀਪ ਸਿੰਘ ਵਾਲੀਆ,ਚੂਹੜ ਸਿੰਘ, ਪਰਮਜੀਤ ਸਿੰਘ, ਹਰਜਿੰਦਰ ਸਿੰਘ ਹੈਪੀ, ਚਰਨਜੀਤ ਸੱਲ੍ਹਾ ਨੰਬਰਦਾਰ, ਜਗਦੀਸ਼ ਕੌਰ ਸਾਬਕਾ ਸਰਪੰਚ,ਬਿੰਬੋ ਦੇਵੀ, ਗੁਰਬਖਸ਼ ਕੌਰ, ਸੀਮਾ ਰਾਣੀ ਅਤੇ ਭਾਰੀ ਗਿਣਤੀ ਵਿੱਚ ਬੱਚੇ ਆਏ ਹੋਏ ਸਨ।

# ਪਿੰਡ ਸੱਲ੍ਹਾ ਕਲਾਂ ਅਤੇ ਸੱਲ ਖੁਰਦ ਐਸੀ ਮੁਹੱਲੇ ਦੇ ਵਿੱਚ ਛੱਪੜ ਨੇ ਧਾਰਿਆ ਵਿਰਾਟ ਰੂਪ ਇਸ ਲਈ ਡਾ ਸੁਖਵਿੰਦਰ ਸੁੱਖੀ ਤੇ ਆਸਾ ਰੱਖੀਆਂ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com

ਬੰਗਾ (ਚਰਨਜੀਤ ਸੱਲ੍ਹਾ ) ਪਿੰਡ ਸੱਲ੍ਹ ਕਲਾਂ ਅਤੇ ਸੱਲ੍ਹ ਖੁਰਦ ਦੇ ਐਸੀ ਮੁਹੱਲੇ ਦੇ ਵਿੱਚ ਛੱਪੜ ਨੇ ਲਗਭਗ 30-35 ਸਾਲ ਹੋ ਗਏ ਹਨ ਕਿ ਮੁਹੱਲਾ ਵਾਸੀਆਂ ਲਈ ਸਿਰਦਰਦ ਬਣਿਆ ਹੋਇਆ ਹੈ ਇਹ ਛੱਪੜ ਕਿਉਂਕਿ ਇਸ ਛੱਪੜ ਨੇਂ ਵਿਰਾਟ ਰੂਪ ਧਾਰਨ ਕੀਤਾ ਹੋਇਆ ਹੈ ਮੁਹੱਲੇ ਵਿੱਚ ਪਾਣੀ ਜਿਸ ਤਰ੍ਹਾਂ ਵਰਸਾਤ ਦਾ ਪਾਣੀ ਖੜ੍ਹ ਜਾਂਦਾ ਹੈ ਉਸ ਤਰ੍ਹਾਂ ਹੀ 24 ਘੰਟੇ ਖੜ੍ਹਾ ਰਹਿੰਦਾ ਹੈ ਇਸ ਦੇ ਕਰਕੇ ਲੋਕਾਂ ਦੇ ਘਰਾਂ ਨੂੰ ਵੀ ਖ਼ਤਰਾ ਬਣਿਆ ਰਹਿੰਦਾ ਹੈ ਅਤੇ ਸ਼ਹਿਰ ਪੱਖੋਂ ਬਹੁਤ ਬਿਮਾਰੀ ਲੱਗਣਾ ਜਿਵੇਂ ਕਿ ਹਰ ਵੇਲੇ ਡੇਂਗੂ, ਮਲੇਰੀਆ ਅਤੇ



ਹੋਰ ਖਤਰਨਾਕ ਬਿਮਾਰੀਆਂ ਦਾ ਡਰ ਬਣਿਆ ਰਹਿੰਦਾ ਹੈ। ਹੋਰ ਤਾਂ ਹੋਰ ਸੱਪਾਂ ਜਿਹੇ ਜਾਨਵਰਾਂ ਦਾ ਡਰ ਬਣਿਆ ਰਹਿੰਦਾ ਹੈ ਸੱਪ ਲੋਕਾਂ ਦੇ ਘਰ ਵੜ ਜਾਂਦੇ ਹਨ। ਇਸ ਕਰਕੇ ਲੋਕਾਂ ਦੇ ਜਾਨ ਮਾਲ ਦੀ ਰੱਖਿਆ ਕਰਨੀ ਸਾਡਾ ਮੁਢਲਾ ਫਰਜ਼ ਬਣਦਾ ਹੈ। ਕਿ ਅਸੀਂ ਲੋਕਾਂ ਨੂੰ ਸੁਰੱਖਿਅਤ ਰੱਖੀਏ। ਇਹ ਪਹਿਲਾ ਫਰਜ਼ ਸਰਕਾਰਾਂ ਦਾ ਹੈ। ਪਿਛਲੇ ਟਾਇਮ ਵਿੱਚ ਸਰਕਾਰਾਂ ਨੇ ਇਸ ਵਾਰੇ ਨਹੀਂ ਸੋਚਿਆ ਪਰ ਡਾ ਸੁਖਵਿੰਦਰ ਸੁੱਖੀ ਮੌਕੇ ਦਾ ਕੈਬਨਿਟ ਮੰਤਰੀ ਐਮ ਐਲ ਏ ਹਲਕਾ ਬੰਗਾ ਨੇ ਆਸ਼ਵਾਸਨ ਦਿਵਾਇਆ ਹੈ ਕਿ ਛੱਪੜ ਦਾ ਕੋਈ ਨਾ ਕੋਈ ਹੱਲ ਕੱਢਿਆਂ ਜਾਵੇਗਾ ਉਨ੍ਹਾਂ ਨੇ ਬੀ ਡੀ ਓ ਨੂੰ ਖ਼ਾਸ ਕਰਕੇ ਕਿਹਾ ਹੈ ਕਿ ਤੁਸੀਂ ਇਸ ਮਸਲੇ ਦਾ ਹੱਲ ਕੱਢਣਾ ਹੈ। ਹੁਣ ਪੂਰੀ ਪੰਚਾਇਤ ਅਤੇ ਨਗਰ ਨਿਵਾਸੀਆਂ ਨੂੰ ਇੱਕੋ ਇੱਕ ਆਸ ਡਾ ਸੁਖਵਿੰਦਰ ਸੁੱਖੀ ਐਮ ਐਲ ਏ ਹਲਕਾ ਬੰਗਾ ਤੇ ਬਣੀ ਹੋਈ ਹੈ ਕਿ ਉਹ ਛੱਪੜ ਦਾ ਹੱਲ ਕਰਨਗੇ ਜਾਂ ਪਾਣੀ ਅੰਡਰ ਗਰਾਉਂਡ ਕਰਕੇ ਦੇਣਗੇ। ਇਹ ਅਪੀਲ ਹਰਪ੍ਰੀਤ ਕੁਮਾਰ ਸਰਪੰਚ, ਚਰਨਜੀਤ ਸਿੰਘ ਨੰਬਰਦਾਰ, ਰਾਮ ਪਾਲ ਬੰਗਾ, ਊਸ਼ਾ ਰਾਣੀ ਪੰਚ, ਸੁਰਜੀਤ ਕੁਮਾਰ ਪੰਚ, ਕਿਰਨਾਂ ਰਾਣੀ ਪੰਚ, ਅਮਨਦੀਪ ਕੌਰ ਪੰਚ, ਧਰਮਿੰਦਰ ਸਿੰਘ ਪੰਚ, ਕਸ਼ਮੀਰ ਰਾਮ, ਅੰਮ੍ਰਿਤ ਲਾਲ ਨੰਬਰਦਾਰ, ਪਲਵਿੰਦਰ ਸਿੰਘ ਨੰਬਰਦਾਰ, ਕੁਲਦੀਪ ਸਿੰਘ ਵਾਲੀਆ, ਸੁਰਜੀਤ ਸੀਤਾ, ਹਰਭਜਨ ਸਿੰਘ ਬੈਂਸ, ਗਿਆਨੀ ਚੂਹੜ ਸਿੰਘ, ਸੋਹਣ ਲਾਲ, ਅਮਰੀਕ ਲਾਲ,ਰਾਜੂ,ਮਨੀ ਕੁਮਾਰ ਅਤੇ ਨਗਰ ਨਿਵਾਸੀ ਔਰਤਾਂ ਵੀ ਸ਼ਾਮਲ ਸਨ।

# ਲੇਹਲ ਪਰਿਵਾਰ ਵਲੋਂ ਸੈਕੰਡਰੀ ਅਤੇ ਪ੍ਰਾਇਮਰੀ ਸਕੂਲ ਕਾਹਮਾ ਦੀ ਸਹਾਇਤਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com

ਬੰਗਾ( ਚਰਨਜੀਤ ਸੱਲ੍ਹਾ )ਪੰਜਾਬੀਆਂ ਦੀ ਇਹ ਫਿਤਰਤ ਰਹੀ ਹੈ ਕਿ ਭਾਵੇਂ ਉਹ ਆਪਣੇ ਵਤਨ ਤੋਂ ਹਜ਼ਾਰਾ ਮੀਲ ਦੂਰ ਜਾ ਵੱਸਣ ਪਰ ਉਹਨਾਂ ਦਾ ਦਿਲ ਹਮੇਸ਼ਾ ਆਪਣੀ ਜੰਮਣ ਭੋਇੰ ਨਾਲ ਜੁੜਿਆ ਰਹਿੰਦਾ ਹੈ। ਇਹੋ ਜਿਹੀ ਉਦਾਹਰਣ ਪਿੰਡ ਕਾਹਮਾ ਦੀ ਹੈ। ਇੱਥੋਂ ਸ੍ਰੀ ਮੰਗਤ ਸਿੰਘ ਲੇਹਲ ਸਪੁੱਤਰ ਸਵ: ਨਿਰਮਲ ਸਿੰਘ ਲੇਹਲ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਕਾਹਮਾ ਦੀ ਮਾਇਕ ਮੱਦਦ ਕੀਤੀ ਹੈ। ਸ੍ਰੀ ਮੰਗਤ




ਸਿੰਘ ਨੇ ਪ੍ਰਾਇਮਰੀ ਸਕੂਲ ਨੂੰ 30000 ਰੁਪੈਏ ਸ਼ੈਡ ਬਣਾਉਣ ਲਈ ਅਤੇ ਸੀਨੀਅਰ ਸੈਕੰਡਰੀ ਸਕੂਲ ਨੂੰ 10000 ਰੁਪੈਏ ਸਕੂਲ ਦੇ ਵਿਕਾਸ ਲਈ ਦਿੱਤੇ ਹਨ। ਜਿਕਰਯੋਗ ਹੈ ਕਿ ਸ੍ਰੀ ਮੰਗਤ ਸਿੰਘ ਲੇਹਲ ਆਪਣੇ ਸਵ: ਪਿਤਾ ਨਿਰਮਲ ਸਿੰਘ ਲੇਹਲ ਦੇ ਪੂਰਨਿਆਂ ਤੇ ਚੱਲਦੇ ਹੋਏ ਹਰੇਕ ਸਾਲ ਸਕੂਲਾਂ ਅਤੇ ਧਾਰਮਿਕ ਅਦਾਰਿਆਂ ਵਿੱਚ ਬਹੁਤ ਸਾਰੀ ਮੱਦਦ ਕਰਦੇ ਹਨ। ਇਸ ਮੌਕੇ ਤੇ ਪਿੰਡ ਦੇ ਸਰਪੰਚ ਸ੍ਰੀ ਅਮਰੀਕ ਸਿੰਘ ਲੇਹਲ ਨੇ ਕਿਹਾ ਕਿ ਮੰਗਤ ਸਿੰਘ ਇਸ ਤਰਾਂ ਦੇ ਉਪਰਾਲੇ ਹਰ ਸਾਲ ਕਰਦੇ ਰਹਿੰਦੇ ਹਨ ,ਜੋ ਬਹੁਤ ਹੀ ਸ਼ਲਾਘਾਯੋਗ ਕਦਮ ਹੈ। ਸਕੂਲ ਪ੍ਰਿੰਸੀਪਲ ਸ੍ਰੀ ਸ਼ੰਕਰ ਦਾਸ ਨੇ ਧੰਨਵਾਦ ਕਰਦਿਆਂ ਕਿਹਾ ਕਿ ਸਕੂਲ ਸਭ ਤੋਂ ਵੱਡੇ ਮੰਦਿਰ ਹਨ। ਸਾਰਿਆਂ ਨੂੰ ਇਹਨਾਂ ਵਿੱਦਿਆ ਦੇ ਮੰਦਿਰਾਂ ਦੀ ਮੱਦਦ ਕਰਨੀ ਚਾਹੀਦੀ ਹੈ।ਇਸ ਮੌਕੇ ਤੇ ਪੰਚ ਪਰਵੀਨ ਕੁਮਾਰ, ਪੰਚ ਹਰਮਿੰਦਰ ਸਿੰਘ ਬਿੰਦਾ,ਪੰਚ ਜਸਵਿੰਦਰ ਕੌਰ, ਪੰਚ ਜਸਵਿੰਦਰ ਕੌਰ , ਪੰਚਾਇਤ ਮੈਂਬਰ ਸੁਖਵਿੰਦਰ ਕੌਰ,ਮੈਡਮ ਸੀਮਾ,ਮਾਲਵਿੰਦਰ ਕੌਰ, ਅਨੂਪ ਰਾਣੀ, ਅਰਨੀਤ ਕੌਰ, ਮਾਧਵੀ ਮਾਹੀ,ਅਜੇ ਕੁਮਾਰ, ਮਾ ਕੁਲਵਿੰਦਰ ਲਾਲ, ਨਿਤਿਨ ਜੀ,ਅਮਰਜੀਤ ਸਿੰਘ, ਹੈਡਮਿਸਟਰੈਸ ਪਿੰਕੀ,ਸੁਰਿੰਦਰ ਕੌਰ, ਰੀਤੂ ਭੱਟੀ,ਅੰਜਨੀ ਦੇਵੀ , ਮਿੰਟੂ ਆਦਿ ਹਾਜ਼ਰ ਸਨ।

# ਖੋਥੜਾਂ ਵਿਖੇ ਬਾਬਾ ਸਾਹਿਬ ਡਾ. ਅੰਬੇਡਕਰ ਜੀ ਦਾ ਜਨਮ ਦਿਨ ਮਨਾਇਆ ਗਿਆ

## ਜਿਥੇ ਤਿੰਨ ਬੁੱਤ ਉਨ੍ਹਾਂ ਮਹਾਂਨ ਰਹਿਬਰਾਂ ਦੇ ਹੋਣ ਜਿਨ੍ਹਾਂ ਨੇ ਜ਼ਿੰਦਗੀ ਆਪਣੇ ਸਮਾਜ ਲੇਖੇ ਲਾਈ ਹੋਵੇ --ਅਵਤਾਰ ਸਿੰਘ ਕਰੀਮਪੁਰੀ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com

ਬੰਗਾ (ਚਰਨਜੀਤ ਸੱਲ੍ਹਾ ) ਹਲਕਾ ਬੰਗਾ ਦੇ ਪਿੰਡ ਖੋਥੜਾਂ ਵਿਖੇ ਡਾ.ਅੰਬੇਡਕਰ ਜੀ ਦਾ 134ਵਾਂ ਜਨਮ ਦਿਹਾੜਾ ਸ੍ਰੀ ਗੁਰੂ ਰਵਿਦਾਸ ਧਰਮ ਅਸਥਾਨ ਪ੍ਰਬੰਧਕ ਕਮੇਟੀ (ਰਜਿ:) ਔਰ ਡਾ. ਬੀ.ਆਰ. ਅੰਬੇਡਕਰ ਸਪੋਰਟਸ ਐਂਡ ਵੈਲਫੇਅਰ ਕਲੱਬ (ਰਜਿ:) ਖੋਥੜਾਂ ਦੇ ਬੈਨਰ ਹੇਠ ਬੜੀ ਹੀ ਸ਼ਰਧਾ ਔਰ ਧੂਮਧਾਮ ਨਾਲ ਮਨਾਇਆ ਗਿਆ। ਡਾ.ਅਵਤਾਰ ਸਿੰਘ ਕਰੀਮਪੁਰੀ ਜੀ ਪ੍ਰਧਾਨ ਬਹੁਜਨ ਸਮਾਜ ਪਾਰਟੀ ਪੰਜਾਬ,ਸਾਬਕਾ ਰਾਜ ਸਭਾ ਮੈਂਬਰ ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ । ਪ੍ਰੋਗਰਾਮ ਦੀ ਸ਼ੁਰੂਆਤ ਬੱਚਿਆਂ ਵੱਲੋਂ ਮਿਸ਼ਨਰੀ ਗੀਤਾਂ ਰਾਹੀਂ ਕੀਤੀ ਗਈ ।ਵੱਖ-ਵੱਖ ਬੁਲਾਰਿਆਂ ਵੱਲੋਂ ਬਾਬਾ ਸਾਹਿਬ



ਡਾ.ਅੰਬੇਡਕਰ ਜੀ ਦੇ ਜੀਵਨ ਸੰਘਰਸ਼ ਤੇ ਚਾਨਣਾ ਪਾਉਂਦਿਆਂ ਕਿਹਾ ਕਿ ਬਾਬਾ ਸਾਹਿਬ ਡਾ.ਅੰਬੇਡਕਰ ਜੀ ਦੇ ਜੀਵਨ ਸੰਘਰਸ਼ ਤੋਂ ਸਾਨੂੰ ਪ੍ਰੇਰਨਾ ਮਿਲਦੀ ਹੈ। ਬਾਬਾ ਸਾਹਿਬ ਜੀ ਹਰ ਧਰਮ ਦਾ ਸਤਿਕਾਰ ਕਰਦੇ ਸਨ, ਉਨ੍ਹਾਂ ਨੇ ਜਾਤ ਪਾਤ ਨੂੰ ਖ਼ਤਮ ਕਰਨ ਲਈ ਸੰਵਿਧਾਨ ਰਾਹੀਂ ਸਖ਼ਤ ਕਾਨੂੰਨ ਬਣਾਏ ਤੇ ਮਨੂਵਾਦੀ ਸਿਸਟਮ ਦੀਆਂ ਜੜ੍ਹਾਂ ਪੁੱਟ ਦਿੱਤੀਆਂ। ਇਸ ਮੌਕੇ ਡਾ.ਅਵਤਾਰ ਸਿੰਘ ਕਰੀਮਪੁਰੀ ਅਤੇ ਪ੍ਰਵੀਨ ਬੰਗਾ ਜੀ ਨੇ ਕਿਹਾ ਕਿ ਅੱਜ ਵਿਦੇਸ਼ਾਂ ਵਿੱਚ ਬੈਠੇ ਕੁਝ ਕੁ ਸ਼ਰਾਰਤੀ ਅਨਸਰਾਂ ਵੱਲੋਂ ਨੌਜਵਾਨਾਂ ਨੂੰ ਭੜਕਾ ਕੇ ਬਾਬਾ ਸਾਹਿਬ ਦੇ ਬੁੱਤਾਂ ਨੂੰ ਤੁੜਵਾਉਣ ਲਈ ਲਾਲਚ ਦਿੱਤਾ ਜਾ ਰਿਹਾ ਹੈ । ਇਹ ਸਭ ਆਪਸੀ ਸਮਾਜਿਕ ਭਾਈਚਾਰਕ ਸਾਂਝ ਨੂੰ ਤੋੜਨ ਲਈ ਇੱਕ ਸਾਜ਼ਿਸ਼ ਤਹਿਤ ਕੀਤਾ ਜਾ ਰਿਹਾ ਹੈ । ਸਾਨੂੰ ਇਸ ਭਾਈਚਾਰਕ ਸਾਂਝ ਨੂੰ ਕਾਇਮ ਰੱਖਣ ਲਈ ਅਜਿਹੀਆਂ ਸਾਜ਼ਿਸ਼ਾਂ ਨੂੰ ਰੋਕਣਾ ਚਾਹੀਦਾ ਹੈ । ਇਸ ਮੌਕੇ ਸਟੇਜ ਸਕੱਤਰ ਦੀ ਭੂਮਿਕਾ ਸਾਬਕਾ ਸਰਪੰਚ ਕਮਲਜੀਤ ਨੇ ਬਾਖੂਬੀ ਨਿਭਾਈ । ਉਪਰੰਤ ਪ੍ਰਗਤੀ ਕਲਾ ਕੇਂਦਰ ਜਲਾਲਾਬਾਦ ਦੀ ਟੀਮ ਵਲੋਂ ਕੋਰੀਓਗ੍ਰਾਫੀ ਰਾਹੀਂ ਬਾਬਾ ਸਾਹਿਬ ਜੀ ਦੇ ਜੀਵਨ ਸੰਘਰਸ਼ ਨੂੰ ਬਾਖੂਬੀ ਪੇਸ਼ ਕੀਤਾ। ਇਸ ਮੌਕੇ ਸ੍ਰੀ ਅਸ਼ੋਕ ਕੁਮਾਰ ਸਾਬਕਾ ਸਰਪੰਚ (ਹਲਕਾ ਵਾਈਸ ਪ੍ਰਧਾਨ ਬਸਪਾ), ਡਾ.ਮੋਹਣ ਲਾਲ ਬੱਧਣ, ਅਸ਼ੋਕ ਸੰਧੂ, ਸੋਮ ਨਾਥ, ਚਾਂਦੀ ਰਾਮ, ਰਾਮ ਲਾਲ, ਸੱਤਪਾਲ, ਬਲਜੀਤ, ਮਹਿੰਦਰ ਪਾਲ, ਵਰਿੰਦਰ, ਨਰਿੰਦਰ, ਮਲਕੀਤ ਮੰਢਾਲੀ, ਚਰਨਜੀਤ ਮੰਢਾਲੀ, ਗੁਰਦੇਵ ਕੌਰ, ਜਸਵਿੰਦਰ ਕੌਰ ਸਾਬਕਾ ਸਰਪੰਚ, ਗੁਰਪ੍ਰੀਤ ਕੌਰ, ਨਿਰਮਲ ਕੌਰ ਪੰਚ,ਬਲਵੀਰ ਕੌਰ,ਸੌਰਵ ਤੇ ਸਮੂਹ ਨਗਰ ਨਿਵਾਸੀ ਹਾਜ਼ਰ ਸਨ।

# ਆਮ ਆਦਮੀ ਪਾਰਟੀ ਦੀ ਸਰਕਾਰ ਨੇ ਫੜਿਆ ਅਨੁਸੂਚਿਤ ਜਾਤੀ ਵਰਗ ਦਾ ਹੱਥ: ਡਾ. ਰਵਜੋਤ ਸਿੰਘ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com

ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਕਸਬਾ ਹਰਿਆਣਾ ਵਿਚ ਇਕ ਪ੍ਰੈਸ ਕਾਨਫਰੰਸ ਦੌਰਾਨ ਕਿਹਾ ਕਿ ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਅਨੁਸੂਚਿਤ ਜਾਤੀ ਸਮਾਜ ਦੀ ਤਰੱਕੀ ਅਤੇ ਸਸ਼ਕਤੀਕਰਨ ਦੀ ਦਿਸ਼ਾ ਵਿਚ ਜੋ ਕੰਮ ਕੀਤੇ ਹਨ ਉਹ ਇਤਿਹਾਸਕ ਅਤੇ ਸ਼ਲਾਘਾਯੋਗ ਹਨ। ਉਨ੍ਹਾਂ ਕਿਹਾ ਕਿ ਜਦੋਂ ਆਮ ਆਦਮੀ ਪਾਰਟੀ ਨੇ ਸਾਲ 2022 ਵਿੱਚ ਸੱਤਾ ਸੰਭਾਲੀ ਤਾਂ ਸਭ ਤੋਂ ਪਹਿਲਾਂ ਇਸ ਨੇ ਸਾਰੇ ਸਰਕਾਰੀ ਦਫ਼ਤਰਾਂ ਵਿੱਚ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਅਤੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀਆਂ ਤਸਵੀਰਾਂ ਲਗਾਈਆਂ ਤਾਂ ਜੋ ਇਹ ਸੁਨੇਹਾ ਦਿੱਤਾ ਜਾ ਸਕੇ ਕਿ ਇਹ ਸਰਕਾਰ ਸਮਾਜ ਦੇ ਹਰ ਵਰਗ ਨੂੰ ਨਾਲ ਲੈ ਕੇ ਚੱਲਣ ਲਈ ਵਚਨਬੱਧ ਹੈ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਬਾਬਾ ਸਾਹਿਬ ਅੰਬੇਡਕਰ ਦੇ ਦੇਖੇ ਸੁਪਨੇ ਨੂੰ ਪੂਰਾ ਕਰਨ ਵੱਲ ਲਗਾਤਾਰ ਕਦਮ ਵਧਾ ਰਹੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਕਿਸੇ ਵੀ ਰਾਜ ਵਿੱਚ ਪਹਿਲੀ ਵਾਰ ਐਡਵੋਕੇਟ ਜਨਰਲ ਦੇ ਦਫ਼ਤਰ ਵਿੱਚ ਅਨੁਸੂਚਿਤ ਜਾਤੀ ਦੇ




ਵਕੀਲਾਂ ਲਈ 58 ਅਸਾਮੀਆਂ ਨੂੰ ਪ੍ਰਵਾਨਗੀ ਦਿੱਤੀ ਗਈ ਹੈ, ਜੋ ਕਿ ਆਪਣੇ ਆਪ ਵਿੱਚ ਇੱਕ ਵੱਡਾ ਅਤੇ ਇਤਿਹਾਸਕ ਫੈਸਲਾ ਹੈ। ਉਨ੍ਹਾਂ ਕਿਹਾ ਕਿ ਜਦੋਂ ਇਨ੍ਹਾਂ ਅਸਾਮੀਆਂ ਲਈ ਭਰਤੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਸੀ, ਤਾਂ ਦੇਖਿਆ ਗਿਆ ਕਿ 15 ਅਸਾਮੀਆਂ ਖਾਲੀ ਰਹਿ ਗਈਆਂ। ਇਸ ਸਥਿਤੀ ਦੇ ਵਿਸ਼ਲੇਸ਼ਣ ਤੋਂ ਪਤਾ ਲੱਗਾ ਕਿ ਇਨ੍ਹਾਂ ਅਹੁਦਿਆਂ ਲਈ ਨਿਰਧਾਰਤ ਆਮਦਨ ਦੇ ਮਾਪਦੰਡ ਕਾਫ਼ੀ ਉੱਚੇ ਸਨ। ਜਿਵੇਂ ਕਿ ਸੀਨੀਅਰ ਐਡਵੋਕੇਟ ਜਨਰਲ ਲਈ 20 ਲੱਖ ਰੁਪਏ ਅਤੇ ਐਡੀਸ਼ਨਲ ਐਡਵੋਕੇਟ ਜਨਰਲ ਲਈ 15 ਲੱਖ ਰੁਪਏ ਦੀ ਸਾਲਾਨਾ ਆਮਦਨ ਲਾਜ਼ਮੀ ਸੀ। ਇਹ ਸ਼ਰਤਾਂ ਗਰੀਬ ਅਤੇ ਵਾਂਝੇ ਵਰਗਾਂ ਲਈ ਇੱਕ ਵੱਡੀ ਰੁਕਾਵਟ ਬਣ ਰਹਿਆ ਸਨ। ਇਸ ਸਮੱਸਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਇੱਕ ਦਲੇਰਾਨਾ ਅਤੇ ਇਤਿਹਾਸਕ ਫੈਸਲਾ ਲੈਂਦੇ ਹੋਏ ਆਮਦਨ ਟੈਕਸ ਰਿਟਰਨ (ਆਈ.ਟੀ.ਆਰ.) ਦੀਆਂ ਯੋਗਤਾ ਸ਼ਰਤਾਂ ਵਿੱਚ 50 ਪ੍ਰਤੀਸ਼ਤ ਦੀ ਰਾਹਤ ਦੇ ਦਿੱਤੀ ਹੈ। ਇਸ ਨਾਲ ਹੁਣ ਹੋਰ ਅਨੁਸੂਚਿਤ ਜਾਤੀ ਦੇ ਵਕੀਲ ਇਨ੍ਹਾਂ ਅਸਾਮੀਆਂ ਲਈ ਯੋਗ ਹੋਣਗੇ ਅਤੇ ਨਿਆਂ ਪ੍ਰਣਾਲੀ ਵਿੱਚ ਉਨ੍ਹਾਂ ਦੀ ਭਾਗੀਦਾਰੀ ਯਕੀਨੀ ਹੋਵੇਗੀ। ਸਥਾਨਕ ਸਰਕਾਰਾਂ ਮੰਤਰੀ ਨੇ ਕਿਹਾ ਕਿ ਇਹ ਫੈਸਲਾ ਸਿਰਫ਼ ਨੌਕਰੀਆਂ ਦੀ ਗਿਣਤੀ ਵਧਾਉਣ ਤੱਕ ਸੀਮਤ ਨਹੀਂ ਹੈ, ਸਗੋਂ ਇਹ ਇੱਕ ਵੱਡਾ ਸਮਾਜਿਕ ਸੰਦੇਸ਼ ਵੀ ਹੈ ਕਿ ਹੁਣ ਕੋਈ ਵੀ ਵਰਗ ਪਛੜਿਆ ਨਹੀਂ ਰਹੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਅਨੁਸੂਚਿਤ ਜਾਤੀ ਭਾਈਚਾਰੇ ਅਤੇ ਉਨ੍ਹਾਂ ਦੇ ਬੱਚਿਆਂ ਪ੍ਰਤੀ ਦਿਖਾਈ ਗਈ ਸੰਵੇਦਨਸ਼ੀਲਤਾ ਸੱਚਮੁੱਚ ਸ਼ਲਾਘਾਯੋਗ ਹੈ ਅਤੇ ਇਸ ਲਈ ਸਮੁੱਚਾ ਅਨੁਸੂਚਿਤ ਜਾਤੀ ਭਾਈਚਾਰਾ ਉਨ੍ਹਾਂ ਦਾ ਦਿਲੋਂ ਧੰਨਵਾਦ ਕਰਦਾ ਹੈ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸਮਾਜ ਦੇ ਆਖਰੀ ਕਤਾਰ ਵਿੱਚ ਖੜ੍ਹੇ ਵਿਅਕਤੀ ਨੂੰ ਮੁੱਖ ਧਾਰਾ ਵਿੱਚ ਲਿਆਉਣ ਲਈ ਲਗਾਤਾਰ ਯਤਨਸ਼ੀਲ ਹੈ ਅਤੇ ਭਵਿੱਖ ਵਿੱਚ ਵੀ ਅਜਿਹੇ ਲੋਕ ਭਲਾਈ ਫੈਸਲੇ ਲਏ ਜਾਂਦੇ ਰਹਿਣਗੇ। ਇਸ ਮੌਕੇ ਉਨ੍ਹਾਂ ਨਾਲ ਹਰਿਆਣਾ ਨਗਰ ਪ੍ਰੀਸ਼ਦ ਦੇ ਪ੍ਰਧਾਨ ਸੰਜੇ ਕਪਿਲਾ ਅਤੇ ਮੁਕੇਸ਼ ਡਡਵਾਲ ਵੀ ਮੌਜੂਦ ਸਨ।

# ਵਧੀਕ ਮੁੱਖ ਚੋਣ ਅਫ਼ਸਰ ਵਲੋਂ ਜ਼ਿਲ੍ਹਾ ਚੋਣ ਅਫ਼ਸਰ ਨਾਲ ਮੀਟਿੰਗ

## ਵੋਟਰ ਸੂਚੀਆਂ ਦੀ ਸੁਧਾਈ, ਬੀ.ਐਲ.ਓਜ਼ ਤੇ ਸੁਪਰਵਾਈਜ਼ਰਾਂ ਦੀ ਟਰੇਨਿੰਗ ਦਾ ਲਿਆ ਜਾਇਜ਼ਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਪੰਜਾਬ ਦੇ ਵਧੀਕ ਮੁੱਖ ਚੋਣ ਅਫ਼ਸਰ ਹਰੀਸ਼ ਨਈਅਰ ਵਲੋਂ ਅੱਜ ਇਥੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨਾਲ ਮੀਟਿੰਗ ਕੀਤੀ ਗਈ। ਉਨ੍ਹਾਂ ਜ਼ਿਲ੍ਹੇ ਵਿਚ ਚੱਲ ਰਹੀ ਵੋਟਰ ਸੂਚੀ ਦੀ ਸੁਧਾਈ ਦੌਰਾਨ ਪ੍ਰਾਪਤ ਫਾਰਮਾਂ ਸਬੰਧੀ ਕਿਹਾ ਕਿ ਫਾਰਮਾਂ ਦਾ ਨਿਪਟਾਰਾ ਸਮੇਂ ਸਿਰ ਕਰਨਾ ਯਕੀਨੀ ਬਣਾਇਆ ਜਾਵੇ। ਇਸ ਤੋਂ ਇਲਾਵਾ ਸਮੂਹ ਵਿਧਾਨ ਸਭਾ ਚੋਣ ਹਲਕਿਆਂ ਦੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਨੂੰ ਉਨ੍ਹਾਂ ਦੇ ਅਧੀਨ ਬੀ.ਐਲ.ਓਜ਼ ਅਤੇ ਸੁਪਰਵਾਈਜ਼ਰਾਂ ਨੂੰ ਖਾਸ ਟ੍ਰੇਨਿੰਗ ਦੇਣ ਅਤੇ ਵੋਟਰ ਸੂਚੀ ਨੂੰ ਤਰੁੱਟੀ ਮੁਕਤ ਕਰਨ ਲਈ ਵੱਖ-ਵੱਖ ਉਪਰਾਲੇ ਕਰਨ ਲਈ ਕਿਹਾ ਗਿਆ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਸਮੇਂ-ਸਮੇਂ ਸਿਰ ਰਾਜਨੀਤਿਕ ਪਾਰਟੀਆਂ ਨਾਲ ਮੀਟਿੰਗ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਬੂਥ ਲੈਵਲ ਏਜੰਟ ਨਿਯੁਕਤ ਕਰਨ ਲਈ ਪ੍ਰੇਰਿਤ ਕੀਤਾ ਜਾਵੇ। ਇਸ ਉਪਰੰਤ ਉਨ੍ਹਾਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚ ਮੌਜੂਦ ਈ.ਵੀ.ਐਮ. ਵੇਅਰ ਹਾਊਸ ਦਾ ਵੀ ਨਿਰੀਖਣ ਕੀਤਾ ਗਿਆ ਇਸ ਮੌਕੇ ਉਪ ਮੰਡਲ ਮੈਜਿਸਟ੍ਰੇਟ-ਕਮ-ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ-43 ਸੰਜੀਵ ਸ਼ਰਮਾ, ਚੋਣ ਤਹਿਸੀਲਦਾਰ ਸਰਬਜੀਤ ਸਿੰਘ, ਨੋਡਲ ਅਫ਼ਸਰ ਫਾਰ ਈ.ਵੀ.ਐਮ/ਵੀ.ਵੀ. ਪੈਟ. ਬਲਵਿੰਦਰ ਸਿੰਘ, ਸਹਾਇਕ ਨੋਡਲ ਅਫ਼ਸਰ ਫਾਰ ਈ.ਵੀ.ਐਮ./ਵੀ.ਵੀ. ਪੈਟ ਰੁਪਿੰਦਰਪਾਲ ਸਿੰਘ, ਚੋਣ ਕਾਨੂੰਗੋ ਦੀਪਕ ਕੁਮਾਰ, ਚੋਣ ਕਾਨੂੰਗੋ ਲਵਬੀਰ ਸਿੰਘ, ਚੋਣ ਕਾਨੂੰਗੋ ਮੇਘਾ ਮਹਿਤਾ, ਰਾਜਨ ਮੋਂਗਾ, ਪ੍ਰਦੀਪ ਸਿੰਘ ਵੀ ਮੌਜੂਦ ਸਨ।

# ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਚੇ ਨੂੰ ਲੈ ਕੇ ਸੂਬਾ ਸਰਕਾਰ ਗੰਭੀਰ : ਜਗਰੂਪ ਸਿੰਘ ਗਿੱਲ

## 2 ਕਰੋੜ ਰੁਪਏ ਦੀ ਲਾਗਤ ਨਾਲ ਆਦਰਸ਼ ਸਕੂਲ ਦੀ ਕੀਤੀ ਜਾਵੇਗੀ ਕਾਇਆ ਕਲਪ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com

ਬਠਿੰਡਾ, 17 ਅਪ੍ਰੈਲ (ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੋਟਗੁਰੂ) ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਲੈ ਕੇ ਪੂਰੀ ਤਰ੍ਹਾਂ ਗੰਭੀਰ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਿਧਾਇਕ ਬਠਿੰਡਾ ਸ਼ਹਿਰੀ ਜਗਰੂਪ ਸਿੰਘ ਗਿੱਲ ਨੇ ਸਥਾਨਕ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ, ਨੇੜੇ ਕੈਨਾਲ ਕਲੌਨੀ ਵਿਖੇ 2 ਕਰੋੜ ਰੁਪਏ ਦੀ ਲਾਗਤ ਨਾਲ ਨਵੇਂ ਬਨਣ ਵਾਲੇ ਕਮਰਿਆਂ ਦਾ ਨੀਂਹ ਪੱਥਰ ਰੱਖਣ ਮੌਕੇ ਕੀਤਾ।

ਇਸ ਮੌਕੇ ਵਿਧਾਇਕ ਸ ਜਗਰੂਪ ਸਿੰਘ ਗਿੱਲ ਨੇ ਕਿਹਾ ਕਿ ਇਸ ਸਕੂਲ ਵਿੱਚ ਦੋ ਮੰਜਲੀ ਬਿਲਡਿੰਗ ਨੂੰ ਉਸਾਰਿਆ ਜਾਵੇਗਾ। ਇਸ ਦੋ ਮੰਜਲੀ ਬਿਲਡਿੰਗ ਵਿੱਚ 21 ਕਲਾਸ ਰੂਮ, ਤਿੰਨ ਸਟਾਫ ਰੂਮ, ਇੱਕ ਕਿਚਨ, ਮਿਡ ਡੇ ਮੀਲ ਸ਼ੈਡ ਅਤੇ ਲੜਕੇ-ਲੜਕੀਆਂ ਲਈ ਟੋਆਇਲਟਸ ਤੋਂ ਇਲਾਵਾ ਰੈਂਪ ਆਦਿ ਬਣਾਏ ਜਾਣਗੇ। ਇਸ ਤੋਂ ਇਲਾਵਾ ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਭਵਿੱਖ ਵਿੱਚ ਇਸ ਸਕੂਲ ਵਿੱਚ ਵਿਦਿਆਰਥੀਆਂ ਦੀ ਗਿਣਤੀ ਵਿੱਚ ਵਾਧਾ ਹੁੰਦਾ ਹੈ ਤਾਂ ਇਸ ਉੱਪਰ ਹੋਰ ਬਿਲਡਿੰਗ ਵੀ ਬਣਾਈ ਜਾਵੇਗੀ।

ਇਸ ਦੌਰਾਨ ਵਿਧਾਇਕ ਜਗਰੂਪ ਸਿੰਘ ਗਿੱਲ ਨੇ ਕਿਹਾ ਕਿ ਸੂਬਾ ਸਰਕਾਰ ਦੀ ਮੁੱਖ ਤਰਜੀਹ ਸਿਹਤ ਅਤੇ ਸਿੱਖਿਆ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਕੂਲਾਂ ਦਾ ਨਵੀਨੀਕਰਨ ਅਤੇ ਬੁਨਿਆਦੀ ਢਾਂਚੇ ਸਬੰਧੀ ਕਿਸੇ ਵੀ ਤਰ੍ਹਾਂ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ। ਉਹਨਾਂ ਕਿਹਾ ਕਿ ਪੰਜਾਬ ਦੇ ਲੋਕਾਂ ਦੀਆਂ ਉਮੀਦਾਂ ਤੇ ਸੂਬਾ ਸਰਕਾਰ ਖਰਾ ਉਤਰ ਰਹੀ। ਇਸ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਇਸ ਮੰਜਲ ਨੂੰ ਜਲਦ ਤੋਂ ਜਲਦ ਮੁਕੰਮਲ ਕੀਤਾ ਜਾਵੇ।

ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ, ਕੌਂਸਲਰ ਸੁਖਦੀਪ ਸਿੰਘ , ਬਲਾਕ ਪ੍ਰਧਾਨ ਹਰਪਾਲ ਸਿੰਘ, ਬਲਾਕ ਪ੍ਰਧਾਨ ਜਗਦੀਸ਼ ਵੜੈਚ ਅਤੇ ਐਜੂਕੇਸ਼ਨ ਕੋਆਰਡੀਨੇਟਰ ਜਗਵੰਤ ਸਿੰਘ ਤੋਂ ਇਲਾਵਾ ਹੋਰ ਪ੍ਰਮੁੱਖ ਸਖਸ਼ੀਅਤਾਂ ਆਦਿ ਹਾਜ਼ਰ ਸਨ।

# ਪਿੰਡ ਖਨਾਲ ਖੁਰਦ ਵਿਖੇ ‘ਨਸ਼ਿਆਂ ਨੂੰ ਨਾਂਹ ਤੇ ਜ਼ਿੰਦਗੀ ਨੂੰ ਹਾਂ’ ਦਾ ਨਾਅਰਾ ਬੁਲੰਦ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com



ਸੰਗਰੂਰ,17 ਅਪ੍ਰੈਲ (ਜਗਸੀਰ ਲੌਂਗੋਵਾਲ) -

ਨਸ਼ਾ ਮੁਕਤੀ ਚੇਤਨਾ ਸੰਘ ਜ਼ਿਲ੍ਹਾ ਸੰਗਰੂਰ ਦੇ ਕੋਆਰਡੀਨੇਟਰ ਅਤੇ ਕੁਦਰਤ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਪਰਮਜੀਤ ਸਿੰਘ ਬਡਰੁੱਖਾਂ ਵਾਲਿਆਂ ਦੀ ਅਗਵਾਈ ਹੇਠ, ਪਿੰਡ ਖਨਾਲ ਖੁਰਦ ਵਿਖੇ ਇੱਕ ਵਿਸ਼ੇਸ਼ ਮੀਟਿੰਗ ਦੌਰਾਨ ‘ਨਸ਼ਿਆਂ ਨੂੰ ਨਾਂਹ ਅਤੇ ਜ਼ਿੰਦਗੀ ਨੂੰ ਹਾਂ’ ਦਾ ਨਾਅਰਾ ਬੁਲੰਦ ਕੀਤਾ ਗਿਆ। ਇਸ ਮੌਕੇ ਬਾਬਾ ਪਰਮਜੀਤ ਸਿੰਘ ਖਾਲਸਾ ਨੇ ਕਿਹਾ ਕਿ ਨਸ਼ੇ ਮਨੁੱਖ ਨੂੰ ਬਿਮਾਰੀਆਂ ਵੱਲ ਲੈ ਜਾਂਦੇ ਹਨ, ਨਸ਼ੇੜੀ ਵਿਅਕਤੀ ਦੀ ਸੋਚਣ ਅਤੇ ਸਮਝਣ ਦੀ ਸ਼ਕਤੀ ਖਤਮ ਹੋ ਜਾਂਦੀ ਹੈ ਅਤੇ ਸਮਾਜ ਵਿੱਚ ਕੋਈ ਵੀ ਉਸਨੂੰ ਪਸੰਦ ਨਹੀਂ ਕਰਦਾ, ਇਸ ਲਈ ਨਸ਼ੇ ਦੇ ਮਾੜੇ ਲੱਛਣਾਂ ਨੂੰ ਛੱਡ ਕੇ ਖੁਸ਼ਹਾਲ ਜੀਵਨ ਲਈ ਪਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ ਤੇ ਬਾਬਾ ਜੀ ਵੱਲੋਂ ਇੱਕ ਵਿਸ਼ੇਸ਼ ਉਪਰਾਲਾ ਕੀਤਾ ਗਿਆ ਹੈ ਦਿੜਬਾ ਹਲਕਾ ਦੇ ਸਾਰੇ ਪਿੰਡਾਂ ਵਿੱਚ ਕੋਈ ਵੀ ਲੋੜਵੰਦ ਲੜਕੀ ਦਾ ਸ਼ੁਭ ਵਿਆਹ ਮੌਕੇ 1100 ਰੁਪਏ ਸ਼ਗਨ ਦਿੱਤੇ ਜਾਣਗੇ । ਇਸ ਸਮੇਂ ਹਰਬਲਾਸ ਸਿੰਘ,ਅਵਤਾਰ ਸਿੰਘ,ਜਰਨੈਲ ਸਿੰਘ, ਗੁਰਪ੍ਰੀਤ ਸਿੰਘ, ਬਲਜੀਤ ਸਿੰਘ,ਗੁਰਲਾਲ ਸਿੰਘ ਅਤੇ ਵੱਡੀ ਗਿਣਤੀ ਵਿੱਚ ਮੌਜੂਦ ਲੋਕਾਂ ਨੇ ਪਿੰਡ ਖਨਾਲ ਖੁਰਦ ਨੂੰ ਨਸ਼ਾ ਮੁਕਤ ਬਣਾਉਣ ਦਾ ਵਿਸ਼ਵਾਸ ਦਿਵਾਇਆ।

# ‘ਯੁੱਧ ਨਸ਼ਿਆਂ ਵਿਰੁੱਧ’ ਤਹਿਤ ਔੜ ਵਿਖੇ ਨਸ਼ਾ ਸਮੱਗਲਰ ਵੱਲੋਂ ਕੀਤੀ ਨਾਜਾਇਜ਼ ਉਸਾਰੀ ‘ਤੇ ਚੱਲਿਆ ਪੀਲਾ ਪੰਜਾ

## ਸਖ਼ਤ ਕਾਰਵਾਈ ਲਈ ਤਿਆਰ ਰਹਿਣ ਨਸ਼ਾ ਤਸਕਰ - ਐਸ.ਐਸ.ਪੀ ਡਾ. ਮਹਿਤਾਬ ਸਿੰਘ ,,,ਔੜ ਵਾਸੀਆਂ ਨੇ ਪੰਜਾਬ ਸਰਕਾਰ ਦੀ ਨਸ਼ਿਆਂ ਖ਼ਿਲਾਫ਼ ਕਾਰਵਾਈ ਦੀ ਕੀਤੀ ਸ਼ਲਾਘਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com




ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ) ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਸ਼ੁਰੂ ਕੀਤੀ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਨਸ਼ਿਆਂ ਦੇ ਖਾਤਮੇ ਅਤੇ ਨਸ਼ਾ ਤਸਕਰਾਂ ਵੱਲੋਂ ਕੀਤੇ ਗੈਰ-ਕਾਨੂੰਨੀ ਕਬਜ਼ਿਆਂ ਨੂੰ ਹਟਾਉਣ ਲਈ ਸ਼ਹੀਦ ਭਗਤ ਸਿੰਘ ਨਗਰ ਪੁਲਿਸ ਵੱਲੋਂ ਸਥਾਨਕ ਸਿਵਲ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਔੜ ਵਿਖੇ ਹੋਈ ਅਣ-ਅਧਿਕਾਰਤ ਉਸਾਰੀ ਨੂੰ ਅੱਜ ਢਹਾਇਆ ਗਿਆ। ਇਹ ਨਾਜਾਇਜ਼ ਉਸਾਰੀ ਦੇਵ ਰਾਜ ਦੇਬੀ ਨਾਂ ਦੇ ਵਿਅਕਤੀ ਵੱਲੋਂ ਕੀਤੀ ਗਈ ਸੀ , ਜਿਸ ਨੂੰ ਸਿਵਲ ਪ੍ਰਸ਼ਾਸਨ ਦੇ ਆਰਡਰਾਂ ‘ਤੇ ਢਾਹਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸ.ਐਸ.ਪੀ ਸ਼ਹੀਦ ਭਗਤ ਸਿੰਘ ਨਗਰ ਡਾ. ਮਹਿਤਾਬ ਸਿੰਘ ਨੇ ਦੱਸਿਆ ਕਿ ਸਿਵਲ ਪ੍ਰਸ਼ਾਸਨ ਵੱਲੋਂ ਇਸ ਗੈਰ-ਕਾਨੂੰਨੀ ਉਸਾਰੀ ਨੂੰ ਢਾਹੁਣ ਲਈ ਪੁਲਿਸ ਸਹਾਇਤਾ ਲਈ ਕਿਹਾ ਗਿਆ ਸੀ, ਜਿਸ ’ਤੇ ਕਰਵਾਈ ਕਰਦਿਆਂ ਭਾਰੀ ਪੁਲਿਸ ਫੋਰਸ ਤਾਇਨਾਤ ਕਰਕੇ ਇਸ ਨੂੰ ਢਾਹਿਆ ਗਿਆ ਹੈ, ਤਾਂ ਜੋ ਕੋਈ ਅਮਨ- ਕਾਨੂੰਨ ਦੀ ਦਿੱਕਤ ਨਾ ਆਵੇ। ਉਨ੍ਹਾਂ ਦੱਸਿਆ ਕਿ ਇਹ ਕਾਰਵਾਈ ਦੇਵ ਰਾਜ ਦੇਬੀ ਨਾਂ ਦੇ ਵਿਅਕਤੀ ਵਿਰੁੱਧ ਕੀਤੀ ਗਈ ਹੈ, ਜਿਸ ਖ਼ਿਲਾਫ਼ 18 ਪਰਚੇ ਦਰਜ ਹਨ, ਜਿਨ੍ਹਾਂ ਵਿੱਚੋਂ 13 ਪਰਚੇ ਐਨ.ਡੀ.ਪੀ.ਐਸ ਐਕਟ ਤਹਿਤ ਦਰਜ ਹਨ। ਉਨ੍ਹਾਂ ਦੱਸਿਆ ਕਿ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਜ਼ਿਲ੍ਹਾ ਪੁਲਿਸ ਵੱਲੋਂ ਪਿਛਲੇ ਮਹੀਨੇ ਤੋਂ ਹੁਣ ਤੱਕ 253 ਮੁਕਦਮੇ ਦਰਜ ਕੀਤੇ ਗਏ ਹਨ ਅਤੇ 284 ਵਿਅਕਤੀਆਂ ਨੂੰ ਫੜ ਕੇ ਜੇਲ੍ਹ ਭੇਜਿਆ ਗਿਆ ਹੈ। ਉਨ੍ਹਾਂ ਦੁਹਰਾਇਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ‘ਤੇ ਸ਼ਹੀਦ ਭਗਤ ਸਿੰਘ ਨਗਰ ਪੁਲਿਸ ਵੱਲੋਂ ਨਸ਼ਿਆਂ ਅਤੇ ਗੈਰ-ਕਾਨੂੰਨੀ ਕਬਜ਼ਿਆਂ ਖਿਲਾਫ਼ ਕਾਰਵਾਈ ਨੂੰ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਸਬੰਧੀ ਜਾਣਕਾਰੀ ਦਿੱਤੀ ਜਾਵੇ। ਉਨ੍ਹਾਂ ਭਰੋਸਾ ਦਿਵਾਇਆ ਕਿ ਦੋਸ਼ੀਆ ਖਿਲਾਫ਼ ਤੁਰੰਤ ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨਸ਼ਾ ਤਸਕਰਾਂ ਨੂੰ ਚਿਤਾਵਨੀ ਦਿੱਤੀ ਕਿ ਕਿ ਜਾਂ ਤਾਂ ਨਸ਼ਾ ਤਸਕਰੀ ਛੱਡ ਕੇ ਕੋਈ ਹੋਰ ਕੰਮ ਕਰ ਲਓ, ਜਾਂ ਸਖ਼ਤ ਤੋਂ ਸਖ਼ਤ ਕਾਰਵਾਈ ਲਈ ਤਿਆਰ ਰਹੋ।

ਇਸ ਮੌਕੇ ਸਥਾਨਕ ਵਾਸੀਆਂ ਵੱਲੋਂ ਪੰਜਾਬ ਸਰਕਾਰ ਦੀ ਇਸ ਕਾਰਵਾਈ ਦਾ ਸਵਾਗਤ ਕੀਤਾ ਗਿਆ। ਲੋਕਾਂ ਨੇ ਕਿਹਾ ਕਿ ਉਹ ਪੰਜਾਬ ਸਰਕਾਰ ਵੱਲੋਂ ਸੂਬੇ ਵਿਚ ਨਸ਼ਿਆਂ ਨੂੰ ਖ਼ਤਮ ਕਰਨ ਲਈ ਕੀਤੇ ਜਾ ਰਹੇ ਇਨ੍ਹਾਂ ਉਪਰਾਲਿਆਂ ਦਾ ਸਵਾਗਤ ਕਰਦੇ ਹਨ। ਇਸ ਮੌਕੇ ਐਸ.ਡੀ.ਐਮ ਰਵਿੰਦਰ ਬਾਂਸਲ, ਐਸ.ਪੀ ਇਕਬਾਲ ਸਿੰਘ, ਐਸ.ਪੀ ਸਰਬਜੀਤ ਸਿੰਘ ਬਾਹੀਆ, ਡੀ.ਐਸ.ਪੀ ਰਾਜ ਕੁਮਾਰ ਤੇ ਹੋਰ ਅਧਿਕਾਰੀ ਹਾਜ਼ਰ ਸਨ।

# ਬਹੁਜਨ ਸਮਾਜ ਪਾਰਟੀ ਪੰਜਾਬ ਨੂੰ ਕੰਗਾਲੀ ਵਿੱਚੋਂ ਕੱਢਣ ਲਈ ਸੁਹਿਰਦ - ਚਮਕੌਰ ਸਿੰਘ ਵੀਰ

## ਬਸਪਾ ਵੱਲੋਂ ਸ਼ੁਰੂ ਕੀਤੀ ਪੰਜਾਬ ਸੰਭਾਲੋ ਮੁਹਿੰਮ ਨੂੰ ਪੰਜਾਬੀਆਂ ਵੱਲੋਂ ਭਰਵਾਂ ਹੁੰਗਾਰਾ, ਆਰ ਐਸ ਐਸ ਅੰਬੇਡਕਰਵਾਦੀਆਂ ਅਤੇ ਗਰਮ ਖਿਆਲੀ ਖਾਲਿਸਤਾਨੀਆਂ ਵਿੱਚ ਗ੍ਰਹਿ ਯੁੱਧ ਕਰਵਾਉਣਾ ਚਾਹੁੰਦੀ ਹੈ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com



ਸੰਗਰੂਰ ( ) ਬਹੁਜਨ ਸਮਾਜ ਪਾਰਟੀ ਦੇ ਸੂਬਾ ਜਨਰਲ ਸਕੱਤਰ ਸ੍ਰ ਚਮਕੌਰ ਸਿੰਘ ਵੀਰ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੱਜ ਪੰਜਾਬ ਵਿੱਚ ਡਰੱਗ ਮਾਫੀਆ ਤੇ ਗੈਂਗਸਟਰਵਾਦ ਜੋਰਾਂ ਤੇ ਹੈ । ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਐਜੂਕੇਸ਼ਨ ਕ੍ਰਾਂਤੀ, ਸਿਹਤ ਕ੍ਰਾਂਤੀ ਤੇ ਰੋਜ਼ਗਾਰ ਕ੍ਰਾਂਤੀ ਬੁਰੀ ਤਰ੍ਹਾਂ ਫੇਲ ਹੋ ਚੁੱਕੀ ਹੈ। ਪੰਜਾਬ ਦਾ ਨੌਜਵਾਨ ਨਿਰਾਸ਼ ਤੇ ਹਤਾਸ਼ ਬੈਠਾ ਹੈ। ਪੰਜਾਬ ਨੂੰ ਲੰਮੇ ਸਮੇ ਤੋਂ ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਤੇ ਭਾਜਪਾ ਨੇ ਆਰਥਿਕ ਪੱਖੋਂ ਕਮਜ਼ੋਰ ਕੀਤਾ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਫਜ਼ੂਲ ਦੇ ਖਰਚੇ ਵਧਾ ਕੇ ਅਤੇ ਸਹੀ ਆਰਥਿਕ ਨੀਤੀ ਨਾ ਹੋਣ ਕਾਰਨ ਪੰਜਾਬ ਨੂੰ ਬੇਹੱਦ ਕੰਗਾਲ ਬਣਾ ਦਿੱਤਾ ਹੈ। ਉਹਨਾਂ ਕਿਹਾ ਕਿ ਬਹੁਜਨ ਸਮਾਜ ਪਾਰਟੀ ਦੀ ਪੰਜਾਬ ਸੰਭਾਲੋ ਮੁਹਿੰਮ ਨੂੰ ਪੰਜਾਬੀਆਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਅਤੇ 2027 ਵਿੱਚ ਬਹੁਜਨ ਸਮਾਜ ਪਾਰਟੀ ਪੰਜਾਬ ਵਿੱਚ ਆਪਣੀ ਸਰਕਾਰ ਬਣਾਏਗੀ। ਸਰਕਾਰ ਬਣਨ ਉਪਰੰਤ ਡਰੱਗ ਮਾਫੀਆ ਅਤੇ ਗੈਂਗਸਟਰਵਾਦ ਦਾ ਉੱਤਰ ਪ੍ਰਦੇਸ਼ ਦੀ ਤਰਾਂ ਸਫਾਇਆ ਕੀਤਾ ਜਾਵੇਗਾ। ਵਿਦਿਆ ਅਤੇ ਸਿਹਤ ਸਹੂਲਤਾਂ ਮਿਆਰੀ ਤੇ ਮੁਫ਼ਤ ਦਿੱਤੀਆਂ ਜਾਣਗੀਆਂ ਅਤੇ ਨੌਜਵਾਨਾਂ ਨੂੰ ਨਿਰਾਸ਼ ਹੋਣ ਦੀ ਲੋੜ ਨਹੀਂ ਅਤੇ ਨਾ ਹੀ ਵਿਦੇਸ਼ਾਂ ਵਿੱਚ ਜਾਣ ਦੀ ਲੋੜ ਪਵੇਗੀ, ਉਹਨਾਂ ਨੂੰ ਪੰਜਾਬ ਵਿੱਚ ਹੀ ਰੁਜ਼ਗਾਰ ਦੇ ਸਾਧਨ ਪੈਦਾ ਕੀਤੇ ਜਾਣਗੇ ਅਤੇ ਪੰਜਾਬ ਨੂੰ ਆਰਥਿਕ ਪੱਖੋਂ ਮਜਬੂਤ ਕੀਤਾ ਜਾਵੇਗਾ। ਉਹਨਾਂ ਇਹ ਵੀ ਕਿਹਾ ਕਿ ਰਾਸ਼ਟਰੀ ਸੋਇਮ ਸੰਘ ਪੰਜਾਬ ਵਿੱਚ ਮਾਹੌਲ ਨੂੰ ਵਿਗਾੜਨਾ ਚਾਹੁੰਦੀ ਹੈ ਕਿ ਅਖੌਤੀ ਖਾਲਿਸਤਾਨੀਆਂ ਅਤੇ ਅੰਬੇਡਕਰਵਾਦੀਆਂ ਲੋਕਾਂ ਵਿੱਚ ਗ੍ਰਹਿ ਯੁੱਧ ਦਾ ਮਾਹੌਲ ਪੈਦਾ ਕੀਤਾ ਜਾਵੇ ਪਰੰਤੂ ਪੰਜਾਬ ਦੇ ਲੋਕ ਹੁਣ ਦੁਸ਼ਮਣ ਅਤੇ ਦੋਸਤ ਦੀ ਪਹਿਚਾਣ ਕਰਨ ਯੋਗ ਬਣ ਗਏ ਹਨ, ਹੁਣ ਪੰਜਾਬ ਦੇ ਲੋਕ ਕਾਂਗਰਸ, ਸ਼੍ਰੋਮਣੀ ਅਕਾਲੀ ਦਲ, ਭਾਰਤੀ ਜਨਤਾ ਪਾਰਟੀ ਅਤੇ ਆਮ ਆਦਮੀ ਪਾਰਟੀ ਦੇ ਝਾਂਸਿਆਂ ਵਿੱਚ ਨਹੀਂ ਆਉਣਗੇ ਅਤੇ ਇਹਨਾਂ ਸਰਮਾਏਦਾਰ ਅਤੇ ਬ੍ਰਾਹਮਣਵਾਦੀ ਪਾਰਟੀਆਂ ਨੂੰ ਨਕਾਰਦੇ ਹੋਏ ਪੰਜਾਬ ਦੀ ਜਨਤਾ 2027 ਵਿੱਚ ਬਹੁਜਨ ਸਮਾਜ ਪਾਰਟੀ ਨੂੰ ਪੰਜਾਬ ਸੰਭਾਲਣ ਦਾ ਮਨ ਬਣਾ ਰਹੇ ਹਨ ਅਤੇ ਬਸਪਾ ਦੀ ਪੰਜਾਬ ਸੰਭਾਲੋ ਮੁਹਿੰਮ ਨੂੰ ਪੰਜਾਬੀਆਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਸ ਸਮੇਂ ਸਤਿਗੁਰ ਸਿੰਘ ਕੌਹਰੀਆਂ ਜਿਲਾ ਪ੍ਰਧਾਨ, ਦਰਸ਼ਨ ਸਿੰਘ ਨਦਾਮਪੁਰ ਹਲਕਾ ਪ੍ਰਧਾਨ, ਸੂਬੇਦਾਰ ਰਣਧੀਰ ਸਿੰਘ ਨਾਗਰਾ ਜ਼ਿਲ੍ਹਾ ਕੋਆਰਡੀਨੇਟਰ, ਗੁਰਮੇਲ ਸਿੰਘ ਰੰਗੀਲਾ, ਹਰਮੇਲ ਸਿੰਘ, ਨਿਰਮਲ ਸਿੰਘ, ਹਾਕਮ ਸਿੰਘ ਭੌਰਾ, ਗੁਰਦੇਵ ਸਿੰਘ ਘਾਬਦਾਂ, ਲਾਭ ਸਿੰਘ, ਬਿੰਦਰ ਸਿੰਘ , ਪਰਮਿੰਦਰ ਕੌਰ, ਮਲਕੀਤ ਕੌਰ ਬਲਜੀਤ ਕੌਰ ਆਦਿ ਮੌਜੂਦ ਸਨ।

# ਸਾਂਝੀ ਸਿੱਖਿਆ ਸੰਸਥਾ ਵਲੋਂ ਵਿੱਦਿਅਕ ਬਲਾਕ ਸ੍ਰੀ ਅਨੰਦਪੁਰ ਸਾਹਿਬ ਦੇ ਅਧੀਨ ਸੈਂਟਰ ਢੇਰ ਅਤੇ ਜਿੰਦਵੜੀ ਦੇ ਸਮੂਹ ਪਿੰਡਾਂ ਦੀਆਂ ਪੰਚਾਇਤਾਂ ਦੀ ਇੱਕ ਸਾਂਝੀ ਮੀਟਿੰਗ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com





ਸ੍ਰੀ ਅਨੰਦਪੁਰ ਸਾਹਿਬ ( ਸੰਜੀਵ ਧਰਮਾਣੀ ) ਬਲਾਕ ਵਿਕਾਸ ਅਤੇ ਪੰਚਾਇਤ ਅਫਸਰ, ਮੈਡਮ ਇਸ਼ਾਨ ਚੌਧਰੀ ਜੀ ਦੀ ਰਹਿਨੁਮਾਈ ਹੇਠ ਸਾਂਝੀ ਸਿੱਖਿਆ ਸੰਸਥਾ ਵੱਲੋ ਵਿਦਿਅਕ ਬਲਾਕ ਸ੍ਰੀ ਅਨੰਦਪੁਰ ਸਾਹਿਬ ਦੇ ਅਧੀਨ ਸੈਂਟਰ ਢੇਰ ਅਤੇ ਜਿੰਦਵੜੀ ਦੇ ਸਮੂਹ ਪਿੰਡਾਂ ਦੀਆਂ ਪੰਚਾਇਤਾਂ ਦੀ ਇੱਕ ਸਾਂਝੀ ਮੀਟਿੰਗ ਕਮਿਊਨਿਟੀ ਸੈਂਟਰ ਅਗੰਮਪੁਰ ਵਿਖੇ ਆਯੋਜਿਤ ਕੀਤੀ ਗਈ। ਇਸ ਮੀਟਿੰਗ ਦਾ ਮੁੱਖ ਮਕਸਦ ਪ੍ਰਾਇਮਰੀ ਸਿੱਖਿਆ ਦੀ ਗੁਣਵੱਤਾ ਨੂੰ ਬਿਹਤਰ ਬਣਾਉਣ ਲਈ ਪੰਚਾਇਤ ਦੇ ਯੋਗਦਾਨ ਅਤੇ ਹੋਰ ਸਹਿਯੋਗੀ ਪਹਿਲਕਦਮੀਆਂ ਬਾਰੇ ਵਿਚਾਰ ਚਰਚਾ ਕਰਨਾ, ਸਿੱਖਿਆ ਖੇਤਰ ਵਿੱਚ ਚੰਗੀ ਭੂਮਿਕਾ ਨਿਭਾ ਰਹੀਆਂ ਪੰਚਾਇਤਾਂ ਦੀ ਹੌਸਲਾ ਅਫਜ਼ਾਈ ਕਰਨਾ ਅਤੇ ਹੋਰ ਪੰਚਾਇਤਾਂ ਨੂੰ ਉਨ੍ਹਾਂ ਦੀ ਜ਼ਿੰਮੇਵਾਰੀਆਂ ਸੰਬੰਧੀ ਜਾਗਰੂਕ ਕਰਨਾ ਸੀ। ਇਸ ਚਰਚਾ ਵਿੱਚ 12 ਪੰਚਾਇਤਾਂ ਦੇ ਕੁੱਲ 23 ਨੁਮਾਇੰਦਿਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।

ਜਿਕਰਯੋਗ ਹੈ ਕਿ ਸਾਂਝੀ ਸਿੱਖਿਆ ਸੰਸਥਾ ਪਿੱਛਲੇ 6 ਸਾਲਾਂ ਤੋਂ ਪੰਜਾਬ ਦੇ ਵੱਖ ਵੱਖ ਜਿਲਿਆਂ ਦੇ ਪ੍ਰਾਇਮਰੀ ਸਿੱਖਿਆ ਦੇ ਸੁਧਾਰ ਲਈ ਅਧਿਆਪਕਾਂ, ਵਿਦਿਆਰਥੀਆਂ, ਸਕੂਲ ਪ੍ਰਬੰਧਕ ਕਮੇਟੀਆਂ ਅਤੇ ਪਿੰਡ ਦੀ ਪੰਚਾਇਤਾਂ ਨਾਲ ਮਿਲਕੇ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੀ ਹੈ।

ਮੀਟਿੰਗ ਦੀ ਸ਼ੁਰੂਆਤ ਬਲਾਕ ਵਿਕਾਸ ਅਤੇ ਪੰਚਾਇਤ ਦਫਤਰ ਵੱਲੋਂ ਸਾਰਿਆਂ ਦਾ ਸਵਾਗਤ ਕਰਦੇ ਹੋਏ ਕੀਤੀ ਗਈ| ਇਸ ਉਪਰੰਤ ਅੱਗੇ ਦੀ ਕਾਰਵਾਈ ਸਾਂਝੀ ਸਿੱਖਿਆ ਦੇ ਟੀਮ ਮੈਂਬਰ ਸਚਿਨ ਅਤੇ ਵਿਦਿਆ ਪਾਂਡੇ ਵੱਲੋਂ ਕੀਤੀ ਗਈ| ਇਸ ਦੌਰਾਨ ਵੱਖ ਵੱਖ ਪੰਚਾਇਤਾਂ ਦੇ ਵੱਲੋਂ ਸਿੱਖਿਆ ਦੇ ਸੁਧਾਰ ਲਈ ਕੀਤੇ ਜਾ ਰਹੇ ਉਪਰਾਲਿਆਂ ਨੂੰ ਸਾਂਝਾ ਕੀਤਾ ਅਤੇ ਪਿੰਡਾਂ ਤੇ ਸਕੂਲਾਂ ਵਿੱਚ ਸਾਫ-ਸਫਾਈ ਨੂੰ ਉਤਸ਼ਾਹ ਦੇਣ, ਵਿਦਿਆਰਥੀਆਂ ਦਾ ਦਾਖ਼ਲਾ ਵਧਾਉਣ, ਮਾਪਿਆਂ ਤੇ ਹੋਰ ਸਥਾਨਕ ਸੰਸਥਾਵਾਂ ਦਾ ਸਹਿਯੋਗ ਲੈਣ ਵਰਗੇ ਹੋਰ ਮੁੱਦਿਆਂ ਤੇ ਗੱਲਬਾਤ ਹੋਈ| ਮੀਟਿੰਗ ਦੇ ਅਖੀਰ ਵਿੱਚ ਸਾਰੇ ਮੈਂਬਰਾ ਵੱਲੋਂ ਸਾਂਝੀ ਸਿੱਖਿਆ ਦੇ ਇਸ ਉਪਰਾਲੇ ਦੀ ਸ਼ਲਾਂਘਾ ਕੀਤੀ ਅਤੇ ਵਿਸ਼ਵਾਸ਼ ਦਿਵਾਇਆ ਕਿ ਉਹ ਆਪਣੇ ਪਿੰਡ ਦੀ ਸਿੱਖਿਆ ਦੇ ਸੁਧਾਰ ਲਈ ਹੋਰ ਉਤਸ਼ਾਹ ਨਾਲ ਕੰਮ ਕਰਨਗੇ। ਇਸ ਮੀਟਿੰਗ ਵਿੱਚ 12 ਪੰਚਾਇਤਾਂ ਦੇ ਨੁਮਾਇੰਦਿਆਂ ਸਮੇਤ ਸਾਂਝੀ ਸਿੱਖਿਆ ਟੀਮ ਵੱਲੋਂ ਗੁਰਚਰਨ ਸਿੰਘ, ਮਾਂਗੀ ਲਾਲ, ਗੁਰਪ੍ਰੀਤ ਸਿੰਘ, ਸਚਿਨ, ਗੁਰਪ੍ਰਤਾਪ ਸਿੰਘ, ਵਿਦਿਆ ਪਾਂਡੇ ਅਤੇ ਪੰਚਾਇਤ ਅਗੰਮਪੁਰ ਦੇ ਹੋਰ ਪਤਵੰਤੇ ਸੱਜਣ ਹਾਜਰ ਸਨ।

# ਸੀਯੂ ਪੰਜਾਬ ਵਿਖੇ "ਵਿਗਿਆਨ ਸੰਚਾਰ ਅਤੇ ਨੈਤਿਕ ਪੱਤਰਕਾਰੀ" ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਲੜੀ ਦਾ ਆਯੋਜਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com



ਬਠਿੰਡਾ, 17 ਅਪ੍ਰੈਲ (ਅੰਗਰੇਜ ਸਿੰਘ ਵਿੱਕੀ/ਬਲਜੀਤ ਸਿੰਘ ਕੇਟਗੁਰੂ)-ਪੰਜਾਬ ਕੇਂਦਰੀ ਯੂਨੀਵਰਸਿਟੀ, ਬਠਿੰਡਾ (ਸੀਯੂ ਪੰਜਾਬ) ਵਿਖੇ ਵਾਈਸ ਚਾਂਸਲਰ ਪ੍ਰੋ. ਰਾਘਵੇਂਦਰ ਪ੍ਰਸਾਦ ਤਿਵਾਰੀ ਦੀ ਅਗਵਾਈ ਹੇਠ ਵੀਰਵਾਰ ਨੂੰ "ਵਿਗਿਆਨ ਸੰਚਾਰ ਰਾਹੀਂ ਵਿਗਿਆਨ ਅਤੇ ਸਮਾਜ ਦਾ ਏਕੀਕਰਨ" ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਲੜੀ ਦਾ ਆਯੋਜਨ ਕੀਤਾ ਗਿਆ। ਇਹ ਸਮਾਗਮ ਯੂਨੀਵਰਸਿਟੀ ਦੇ ਇੰਟਰਨਲ ਕੁਆਲਿਟੀ ਅਸ਼ੋਰੈਂਸ ਸੈੱਲ, ਇੰਸਟੀਚਿਊਸ਼ਨਲ ਇਨੋਵੇਸ਼ਨ ਕੌਂਸਲ ਅਤੇ ਮਾਸ ਕਮਿਊਨੀਕੇਸ਼ਨ ਐਂਡ ਮੀਡੀਆ ਸਟੱਡੀਜ਼ ਵਿਭਾਗ ਦੇ ਸਾਂਝੇ ਉਪਰਾਲੇ ਸਦਕਾ ਸੰਪੰਨ ਹੋਇਆ।ਇਸ ਲੈਕਚਰ ਲੜੀ ਵਿੱਚ ਸੀਐਸਆਈਆਰ-ਨੈਸ਼ਨਲ ਇੰਸਟੀਚਿਊਟ ਆਫ਼ ਸਾਇੰਸ ਕਮਿਊਨੀਕੇਸ਼ਨ ਐਂਡ ਪਾਲਿਸੀ ਰਿਸਰਚ ਦੇ ਡਾਇਰੈਕਟਰ ਪ੍ਰੋ. ਰੰਜਨਾ ਅਗਰਵਾਲ ਅਤੇ ਦ ਡੇਲੀ ਗਾਰਡੀਅਨ ਦੇ ਐਡੀਟਰ ਸ੍ਰੀ ਸ਼੍ਰੀਕੁਮਾਰਨ ਐਨ. ਨੇ ਵਿਸ਼ੇਸ਼ ਮਹਿਮਾਨ ਵਜੋਂ ਭਾਗ ਲਿਆ।ਮੁੱਖ ਬੁਲਾਰੇ ਪ੍ਰੋ.ਰੰਜਨਾ ਅਗਰਵਾਲ ਨੇ ਸਮਾਜ ਵਿੱਚ ਵਿਗਿਆਨਕ ਸਾਖਰਤਾ ਦੀ ਮਹੱਤਤਾ ਉਤੇ ਚਾਨਣ ਪਾਇਆ। ਉਨ੍ਹਾਂ ਵਿਗਿਆਨਕ ਜਾਣਕਾਰੀ ਨੂੰ ਆਮ ਲੋਕਾਂ ਲਈ ਪਹੁੰਚਯੋਗ, ਦਿਲਚਸਪ ਅਤੇ ਸਮਝਣਯੋਗ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਸੀਐਸਆਈਆਰ-ਨਿਸਪਰ ਅਤੇ ਸੀਐਸਆਈਆਰ ਦੀ ਡਿਜੀਟਲ ਲਾਇਬ੍ਰੇਰੀ ਯੂਨਿਟ ਵੱਲੋਂ ਚਲਾਈਆਂ ਜਾ ਰਹੀਆਂ ਬਹੁਭਾਸ਼ਾਈ ਪ੍ਰਕਾਸ਼ਨ ਅਤੇ ਨਾਗਰਿਕ-ਕੇਂਦਰਤ ਵਿਗਿਆਨ ਪਲੇਟਫਾਰਮਾਂ ਦੀ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਵਿਗਿਆਨ ਸੰਚਾਰ ਹਰ ਵਿਗਿਆਨੀ ਦੀ ਸਮਾਜਿਕ ਜ਼ਿੰਮੇਵਾਰੀ ਹੈ ਅਤੇ ਉਨ੍ਹਾਂ ਨੂੰ ਸੋਸ਼ਲ ਮੀਡੀਆ ਅਤੇ ਹੋਰ ਮਾਧਿਅਮਾਂ ਰਾਹੀਂ ਵਿਗਿਆਨਕ ਜਾਣਕਾਰੀ ਪ੍ਰਸਾਰਿਤ ਕਰਨੀ ਚਾਹੀਦੀ ਹੈ। ਦੂਜੇ ਸੈਸ਼ਨ ਵਿੱਚ, ਸ੍ਰੀ ਸ਼੍ਰੀਕੁਮਾਰਨ ਐਨ ਨੇ ਵਿਗਿਆਨ ਸੰਚਾਰ ਬਾਰੇ ਇੱਕ ਪੱਤਰਕਾਰ ਦੇ ਨਜ਼ਰੀਏ ਨੂੰ ਪੇਸ਼ ਕੀਤਾ। ਉਨ੍ਹਾਂ ਦੱਸਿਆ ਕਿ ਕਿਵੇਂ ਮੁੱਖ ਧਾਰਾ ਦਾ ਮੀਡੀਆ ਵਿਗਿਆਨੀਆਂ ਅਤੇ ਆਮ ਜਨਤਾ ਵਿਚਕਾਰ ਪੁਲ ਦਾ ਕੰਮ ਕਰ ਸਕਦਾ ਹੈ। ਉਨ੍ਹਾਂ ਪੱਤਰਕਾਰਾਂ ਦੀਆਂ ਨੈਤਿਕ ਜ਼ਿੰਮੇਵਾਰੀਆਂ, ਨਿਰਪੱਖ ਰਿਪੋਰਟਿੰਗ ਅਤੇ ਰਿਪੋਰਟਿੰਗ ਦੌਰਾਨ ਦਰਪੇਸ਼ ਚੁਣੌਤੀਆਂ — ਜਿਵੇਂ ਕਿ ਸਮੇਂ ਦੀ ਘਾਟ — ਬਾਰੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਵਿਦਿਆਰਥੀਆਂ ਨੂੰ ਲੇਆਉਟ, ਡਿਜ਼ਾਈਨ, ਸਿਰਲੇਖ, ਕੈਪਸ਼ਨ ਲਿਖਣ ਅਤੇ ਫੋਟੋਆਂ ਅਤੇ ਇਨਫੋਗ੍ਰਾਫਿਕਸ ਰਾਹੀਂ ਵਿਜ਼ੂਅਲ ਕਹਾਣੀ ਦਰਸ਼ਾਉਣ ਵਿੱਚ ਕੁਸ਼ਲਤਾ ਹਾਸਲ ਕਰਨ ਲਈ ਪ੍ਰੇਰਿਤ ਕੀਤਾ।ਵਾਈਸ ਚਾਂਸਲਰ ਪ੍ਰੋ.ਰਾਘਵੇਂਦਰ ਪ੍ਰਸਾਦ ਤਿਵਾਰੀ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਗਿਆਨ-ਅਧਾਰਤ ਸਮਾਜ ਦੇ ਨਿਰਮਾਣ ਵਿੱਚ ਵਿਗਿਆਨ ਸੰਚਾਰ ਦੀ ਭੂਮਿਕਾ 'ਤੇ ਚਾਨਣ ਪਾਇਆ। ਉਨ੍ਹਾਂ ਵਿਗਿਆਨੀਆਂ, ਅਧਿਆਪਕਾਂ ਅਤੇ ਖੋਜਕਰਤਾਵਾਂ ਨੂੰ ਵਿਦਿਆਰਥੀਆਂ ਵਿੱਚ ਵਿਗਿਆਨਕ ਦ੍ਰਿਸ਼ਟੀਕੋਣ ਵਿਕਸਤ ਕਰਨ ਅਤੇ ਆਪਣੇ ਖੋਜਕਾਰਜ ਦੀ ਜਾਣਕਾਰੀ ਆਮ ਜਨਤਾ ਤੱਕ ਪਹੁੰਚਾਉਣ ਲਈ ਪ੍ਰੇਰਿਤ ਕਰਨ 'ਤੇ ਜ਼ੋਰ ਦਿੱਤਾ।ਸਮਾਗਮ ਦੀ ਸ਼ੁਰੂਆਤ ਵਿੱਚ ਡੀਨ ਇੰਚਾਰਜ ਅਕਾਦਮਿਕ, ਪ੍ਰੋ.ਆਰ. ਕੇ. ਵੁਸੀਰਿਕਾ ਨੇ ਸਵਾਗਤੀ ਭਾਸ਼ਣ ਦਿੱਤਾ। ਇਸ ਤੋਂ ਬਾਅਦ ਜਨ ਸੰਚਾਰ ਅਤੇ ਮੀਡੀਆ ਅਧਿਐਨ ਵਿਭਾਗ ਦੇ ਮੁਖੀ ਡਾ. ਰੁਬਲ ਕਨੌਜੀਆ ਨੇ ਮਹਿਮਾਨਾਂ ਦੀ ਜਾਣ-ਪਛਾਣ ਕਰਵਾਈ। ਸਮਾਗਮ ਦਾ ਸੰਚਾਲਨ ਡਾ.ਅਲੀਮ ਖਾਨ ਨੇ ਕੀਤਾ। ਅੰਤ ਵਿੱਚ ਆਈਕਿਊਏਸੀ ਡਾਇਰੈਕਟਰ ਪ੍ਰੋ.ਮੋਨੀਸ਼ਾ ਧੀਮਾਨ, ਨੇ ਸਾਰਿਆਂ ਦਾ ਧੰਨਵਾਦ ਕੀਤਾ।

# ਅਕਾਲ ਕਾਲਜ ਆਫ਼ ਐਜੂਕੇਸ਼ਨ ਵਿਖੇ ਇਕ ਰੋਜ਼ਾ ਵਰਕਸ਼ਾਪ ਦਾ ਆਯੋਜਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com




ਮਸਤੂਆਣਾ ਸਾਹਿਬ,17 ਅਪ੍ਰੈਲ (ਜਗਸੀਰ ਲੌਂਗੋਵਾਲ)- ਅਕਾਲ ਕਾਲਜ ਆਫ਼ ਐਜੂਕੇਸ਼ਨ ਮਸਤੂਆਣਾ ਸਾਹਿਬ ਵਿਖੇ ਰਿਜ਼ਿਊਮ ਰਾਇਟਿੰਗ ਅਤੇ ਇੰਟਰਵਿਊ ਵਾਰੇ ਵਿਚਾਰ ਚਰਚਾ ਕਰਨ ਦੇ ਸੰਦਰਭ ਵਿੱਚ ਇਕ ਰੋਜ਼ਾ ਵਰਕਸ਼ਾਪ ਦੀ ਵਿਵਸਥਾ ਕੀਤੀ ਗਈ। ਜਿਸਦਾ ਆਯੋਜਨ ਅਕਾਲ ਕਾਲਜ ਆਫ਼ ਐਜੂਕੇਸ਼ਨ ਦੇ ਹਾਲ ਵਿੱਚ ਕੀਤਾ ਗਿਆ। ਜਿਸ ਵਿੱਚ ਡਾ. ਸੁਮਨ ਮਿੱਤਲ( ਪ੍ਰਿੰਸੀਪਲ ਗੰਗਾ ਡਿਗਰੀ ਕਾਲਜ ਧਾਬੀ ਗੁੱਜਰਾਂ, ਪਟਿਆਲਾ) ਅਤੇ ਡਾ. ਕਵਿਤਾ ਮਿੱਤਲ ( ਪ੍ਰਿੰਸੀਪਲ ਦੇਸ਼ ਭਗਤ ਕਾਲਜ ਆਫ਼ ਐਜੂਕੇਸ਼ਨ ਬਰੜਵਾਲ) ਵਰਕਸ਼ਾਪ ਵਿੱਚ ਰਿਸੋਰਸ ਪਰਸਨ ਵਜੇ ਆਏ । ਵਰਕਸ਼ਾਪ ਵਿੱਚ ਆਉਣ ਤੇ ਪ੍ਰਿੰਸੀਪਲ ਡਾ. ਸੁਖਦੀਪ ਕੌਰ ਵੱਲੋਂ ਕਾਲਜ ਵਿੱਚ ਆਉਣ ਤੇ ਓਹਨਾ ਦਾ ਨਿੱਘਾ ਸਵਾਗਤ ਕੀਤਾ ਗਿਆ। ਵਰਕਸ਼ਾਪ ਵਿੱਚ ਡਾ. ਸੁਮਨ ਮਿੱਤਲ ਦੁਬਾਰਾ ਰਿਜ਼ਿਊਮ ਰਾਇਟਿੰਗ ਤਹਿਤ ਆਉਣ ਵਾਲੀਆਂ ਰਣਨੀਤੀਆਂ ਵਾਰੇ ਵਿਸ਼ੇਸ਼ ਤੌਰ 'ਤੇ ਵਿਦਿਆਰਥੀਆਂ ਨਾਲ ਚਰਚਾ ਕੀਤੀ ਗਈ। ਜਿਸ ਦੌਰਾਨ ਉਹਨਾਂ ਨੇ ਰਿਜ਼ਿਊਮ ਤਿਆਰ ਕਰਨ ਸਮੇਂ ਧਿਆਨ ਵਿੱਚ ਰੱਖੀਆਂ ਜਾਣ ਵਾਲੀਆਂ ਗੱਲਾਂ ਬਾਰੇ ਜਾਣਕਾਰੀ ਦਿੱਤੀ ।ਨਾਲ ਹੀ ਡਾ. ਕਵਿਤਾ ਮਿੱਤਲ ਨੇ ਇੰਟਰਵਿਊ ਦੀ ਤਿਆਰੀ ਦੇ ਸੰਦਰਭ ਵਿੱਚ ਦੱਸਿਆ। ਜਿਸ ਅਧੀਨ ਉਹਨਾਂ ਨੇ ਇੰਟਰਵਿਊ ਸਕਿੱਲਜ਼, ਉਚਾਰਣ ਵਿਧੀ , ਇੰਟਰਵਿਊ ਪੈਨਲ ਨਾਲ ਕਿਵੇਂ ਵਿਚਾਰ ਵਟਾਂਦਰਾ ਕਰਨਾ ਹੈ, ਬਾਰੇ ਜਾਣਕਾਰੀ ਦਿੱਤੀ। ਅੰਤ ਵਿੱਚ ਪ੍ਰਿੰਸੀਪਲ ਡਾ. ਸੁਖਦੀਪ ਕੌਰ ਨੇ ਆਏ ਹੋਏ ਮਹਿਮਾਨਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ ਅਤੇ ਨਾਲ ਹੀ ਉਹਨਾਂ ਵੱਲੋਂ ਪੂਰੇ ਸਟਾਫ਼ ਸਮੇਤ ਮਾਣ ਸਨਮਾਨ ਕੀਤਾ ਗਿਆ।

# ਪੰਜਾਬ ਦੇ ਰਾਜਪਾਲ ਵੱਲੋਂ ਪ੍ਰਵਾਨਿਤ ਕਮੇਟੀ ਵਿੱਚ ਪੰਜਾਬੀ ਯੂਨੀਵਰਸਿਟੀ ਤੋਂ ਤਿੰਨ ਮੈਂਬਰ ਸ਼ਾਮਿਲ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com

ਪਟਿਆਲਾ, 17 ਅਪ੍ਰੈਲ (ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੁਲਾਰ)- ਪੰਜਾਬ ਦੇ ਮਾਣਯੋਗ ਰਾਜਪਾਲ ਵੱਲੋਂ ਪ੍ਰਵਾਨਿਤ ਕੀਤੀ ਗਈ ਇੱਕ ਛੇ ਮੈਂਬਰੀ ਕਮੇਟੀ ਵਿੱਚ ਤਿੰਨ ਮੈਂਬਰ ਪੰਜਾਬੀ ਯੂਨੀਵਰਸਿਟੀ ਨਾਲ ਸਬੰਧਤ ਹਨ। ਯੂਨੀਵਰਸਿਟੀ ਦੇ ਮਨੋਵਿਗਿਆਨ ਵਿਭਾਗ ਤੋਂ ਪ੍ਰੋ. ਮਮਤਾ ਸ਼ਰਮਾ ਅਤੇ ਪ੍ਰੋ.ਮਨਦੀਪ ਕੌਰ ਨੂੰ ਇਸ ਕਮੇਟੀ ਵਿੱਚ ਮੈਂਬਰ ਅਤੇ ਮਲਟੀਮੀਡੀਆ ਰਿਸਰਚ ਸੈਂਟਰ ਦੇ ਡਾਇਰੈਕਟਰ ਦਲਜੀਤ ਅਮੀ ਨੂੰ ਟੈਕਨੀਕਲ ਮੈਂਬਰ ਵਜੋਂ ਸ਼ਾਮਿਲ ਕੀਤਾ ਗਿਆ ਹੈ। ਇਹ ਕਮੇਟੀ ਸਕੂਲ ਵਿਦਿਆਰਥੀਆਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਲੋੜੀਂਦੀ ਵਿਸ਼ਾ ਸਮੱਗਰੀ ਦਾ ਨਿਰਮਾਣ ਕਰੇਗੀ। ਯੂਨੀਵਰਸਿਟੀ ਅਥਾਰਿਟੀਜ਼ ਵੱਲੋਂ ਇਨ੍ਹਾਂ ਤਿੰਨਾਂ ਮੈਂਬਰਾਂਨੂੰਵਧਾਈਦਿੱਤੀਗਈ।

# ਜਲ ਸਪਲਾਈ ਅਤੇ ਸੈਨੀਟੇਸ਼ਨ ਤਾਲਮੇਲ ਸੰਘਰਸ਼ ਕਮੇਟੀ ਦੀ ਡਿਪਟੀ ਡਾਇਰੈਕਟਰ ਪ੍ਰਸ਼ਾਸਨ ਨਾਲ ਹੋਈ ਮੀਟਿੰਗ

## ਤਰਸ ਦੇ ਅਧਾਰ ਤੇ ਨੌਕਰੀਆਂ ਅਤੇ ਪ੍ਰਮੋਸ਼ਨਾਂ ਕਰਨ ਦਾ ਦਿੱਤਾ ਭਰੋਸਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com



ਮੋਰਿੰਡਾ 17 ਅਪ੍ਰੈਲ ( ਪਤਰ ਪ੍ਰੇਰਕ) ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਫੀਲਡ ਮੁਲਾਜ਼ਮਾਂ ਦੀਆਂ ਵੱਖ-ਵੱਖ ਜਥੇਬੰਦੀਆਂ ਅਧਾਰਤ ਪੀ ਡਬਲਿਊ ਡੀ ਜਲ ਸਪਲਾਈ ਅਤੇ ਸੈਨੀਟੇਸ਼ਨ ਤਾਲਮੇਲ ਸੰਘਰਸ਼ ਕਮੇਟੀ ਪੰਜਾਬ ਦੀ ਮੀਟਿੰਗ ਡਿਪਟੀ ਡਾਇਰੈਕਟਰ ਪ੍ਰਸ਼ਾਸਨ ਸਿਮਰਨਪ੍ਰੀਤ ਕੌਰ ਪੀ ਸੀ ਐਸ ਨਾਲ ਮੀਟਿੰਗ ਹੋਈ। ਮੀਟਿੰਗ ਦੌਰਾਨ ਹੋਏ ਫੈਸਲਿਆਂ ਬਾਰੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਸੰਘਰਸ਼ ਕਮੇਟੀ ਦੇ ਕਨਵੀਨਰ ਮਹਿਮਾ ਸਿੰਘ ਧਨੌਲਾ, ਮਨਜੀਤ ਸਿੰਘ ਧਾਲੀਵਾਲ ,ਕੋ ਕਨਵੀਨਰ ਮਲਾਗਰ ਸਿੰਘ ਖਮਾਣੋ ਨੇ ਦੱਸਿਆ ਕਿ ਮੀਟਿੰਗ ਵਿੱਚ ਤਰਸ ਦੇ ਅਧਾਰ ਤੇ ਨੌਕਰੀ ਦੇ ਕੇਸ ਮੁਕੰਮਲ ਹੋ ਚੁੱਕੇ ਹਨ, ਪੁਲਿਸ ਵੈਰੀਫਿਕੇਸ਼ਨ ਉਪਰੰਤ ਜੂਨ ਦੇ ਪਹਿਲੇ ਹਫਤੇ ਨਿਯੁਕਤੀ ਪੱਤਰ ਦਿੱਤੇ ਜਾਣਗੇ ,ਵਿਕਰਮਜੀਤ ਸਿੰਘ ਨੂੰ ਨਿਯੁਕਤੀ ਪੱਤਰ ਪਹਿਲ ਦੇ ਅਧਾਰ ਤੇ ਜਾਰੀ ਕੀਤਾ ਜਾਵੇਗਾ ,ਬਾਕੀ ਉਕਤ ਪੋਲਸੀ ਤਹਿਤ ਕਾਰਵਾਈ ਕੀਤੀ ਜਾਵੇਗੀ। ਪ੍ਰਮੋਸ਼ਨਾਂ ਸਬੰਧੀ 6% ਤੇ 15% ਕੋਟੇ ਤਹਿਤ ਟੈਕਨੀਸ਼ੀਅਨ ਦੀ ਸੇਵਾ ਮੁਕਤ ਤੋਂ ਪਹਿਲਾਂ ਖਾਲੀ ਹੋਈਆਂ ਪੋਸਟਾਂ ਤੇ ਜੂਨੀਅਰ ਇੰਜੀਨੀਅਰ ਦੇ ਹੁਕਮ ਜਾਰੀ ਕੀਤੇ ਜਾਣਗੇ। ਜੇ ਡੀ ਐਮ ਸਬੰਧੀ 58 ਸਾਲਾ ਉਮਰ ਹੋਣ ਸਬੰਧੀ ਵਿੱਤ ਵਿਭਾਗ ਨੂੰ ਕੇਸ ਭੇਜਿਆ ਜਾਵੇਗਾ। ਦਰਜਾ ਚਾਰ ਦੀਆਂ ਪ੍ਰਮੋਸ਼ਨਾਂ ਸਬੰਧੀ ਇਹਨਾਂ ਦੱਸਿਆ ਕਿ 4 ਮਈ ਦੇ ਵਿਭਾਗੀ ਪ੍ਰੀਖਿਆ ਵਿੱਚ ਕੋਈ ਵੀ ਮੁਲਾਜ਼ਮ ਪਾਸ ਨਹੀਂ ਹੋਇਆ। ਜਿਸ ਕਾਰਨ ਦਰਜਾ ਮੁਲਾਜ਼ਮਾਂ ਦੀ ਕੋਈ ਪ੍ਰਮੋਸ਼ਨ ਨਹੀਂ ਕੀਤੀ ਜਾ ਰਹੀ। ਕੈਬਨਿਟ ਮੰਤਰੀ ਦੇ ਫੈਸਲੇ ਮੁਤਾਬਕ ਅਗਲੀ ਪ੍ਰੀਖਿਆ 40% ਨੰਬਰਾਂ ਦੀ ਹੋਵੇਗੀ। ਫੀਲਡ ਮੁਲਾਜ਼ਮਾਂ ਦੀਆਂ ਬਕਾਇਆ ਵਰਦੀਆਂ,20/30/ 50 ਟੈਕਨੀਸ਼ੀਅਨ ਸਕੇਲਾਂ ਦੇ ਬਕਾਏ ਆਦਿ ਸਬੰਧੀ ਈ ਡੀ ਐਫ ਦੇ ਨਾਲ ਮੀਟਿੰਗ ਕਰਵਾਈ ਜਾਵੇਗੀ, ਪਾਵਰਾਂ ਦੀ ਵੰਡ ਸਬੰਧੀ ਉਹਨਾਂ ਨੇ ਦੱਸਿਆ ਕਿ 30 ਦਿਨਾਂ ਦੀ ਛੁੱਟੀ ਸੰਬੰਧਿਤ ਡੀ ਡੀ ਓ ਹੀ ਦੇਣਗੇ, ਐਨ ਓ ਸੀ, ਮੈਡੀਕਲ, ਵਿਦੇਸ਼ ਛੁੱਟੀ ਲਈ ਵਿਭਾਗੀ ਪ੍ਰਮੁੱਖ ਸਕੱਤਰ ਕੋਲ ਫਾਇਲ ਵਿਚਾਰ ਅਧੀਨ ਹੈ । ਕਮੇਟੀ ਆਗੂਆਂ ਨੇ ਦਰਜਾ ਚਾਰ ਮੁਲਾਜ਼ਮਾਂ ਨੂੰ ਸਾਰੀ ਨੌਕਰੀ ਦੌਰਾਨ ਘੱਟੋ ਘੱਟ ਇੱਕ ਪ੍ਰਮੋਸ਼ਨ ਦੇਣ ਦੀ ਮੰਗ ਨੂੰ ਰੱਦ ਕਰ ਦਿੱਤਾ, ਜੋ ਫੀਲਡ ਮੁਲਾਜ਼ਮ ਦਫਤਰਾਂ ਵਿੱਚ ਤੈਨਾਤ ਕੀਤੇ ਗਏ ਹਨ ਉਹਨਾਂ ਤੇ 12% ਹਾਊਸ ਰੈਂਟ ਲਾਗੂ ਕਰਨ ਸਬੰਧੀ ਵੀ ਵਿੱਤ ਵਿਭਾਗ ਤੋਂ ਦਿਸ਼ਾ ਨਿਰਦੇਸ਼ ਮੰਗਣ ਲਈ ਫਾਇਲ ਭੇਜੀ ਜਾਵੇਗੀ, । ਬਰਾਬਰ ਕੰਮ ਬਰਾਬਰ ਤਨਖਾਹ ਸਮੇਤ ਅਦਾਲਤੀ ਫ਼ੈਸਲਿਆਂ ਸਬੰਧੀ ਦਿਸ਼ਾ ਨਿਰਦੇਸ਼ ਦਿੱਤੇ ਗਏ ਹਨ । ਆਈ ਐਚ ਆਰ ਐਮ ਚ ਤਰੁੱਟੀਆਂ ਸਬੰਧੀ ਸਾਰੇ ਡੀ ਡੀ ਓ ਨੂੰ ਹਦਾਇਤਾਂ ਜਾਰੀ ਕੀਤੀਆਂ ਜਾਣਗੀਆਂ, ਇਨਲਿਸਟਮੈਂਟ, ਆਊਟਸੋਰਸਿੰਗ ਕਾਮਿਆਂ ਦੀ ਪੋਲਸੀ ਸਬੰਧੀ ਪਰਸੋਨਲ ਵਿਭਾਗ ਦੇ ਇਤਰਾਜ਼ ਮੁਤਾਬਿਕ ਰਜਿਸਟ੍ਰੇਸ਼ਨ ਨੀਤੀ ਨੂੰ ਲਾਗੂ ਕਰਨ ਲਈ ਸਮਾਜ ਭਲਾਈ ਵਿਭਾਗ ਨਾਲ ਮੀਟਿੰਗ ਕੀਤੀ ਜਾਵੇਗੀ। ਮੀਟਿੰਗ ਵਿੱਚ ਡਿਪਟੀ ਡਾਇਰੈਕਟਰ ਤੋਂ ਇਲਾਵਾ ਸਤਨਾਮ ਸਿੰਘ ਸੁਪਰਡੈਂਟ, ਜਸਵਿੰਦਰ ਸਿੰਘ ਸੀਨੀਅਰ ਸਹਾਇਕ ,ਸੁਰੇਸ਼ ਕੁਮਾਰ ਤੋਂ ਇਲਾਵਾ ਤੋਂ ਹਰਜੀਤ ਸਿੰਘ ਬਾਲੀਆ, ਬਿਕਰ ਸਿੰਘ ਮਾਖਾ, ਹਰਦੀਪ ਕੁਮਾਰ ਸੰਗਰੂਰ, ਗੁਰਚਰਨ ਸਿੰਘ ਅਕੋਈ ਸਾਹਿਬ, ਸੁੱਖ ਰਾਮ ਕਾਲੇਵਾਲ, ਹਰਦੀਪ ਸਿੰਘ ਲਹਿਰਾਂ ਆਦਿ ਹਾਜ਼ਰ ਸਨ।

# ਪੰਜਾਬੀ ਯੂਨੀਵਰਸਿਟੀ ਵਿਖੇ ਵਰਿਆਮ ਸਿੰਘ ਸੰਧੂ ਦੀ ਕਾਵਿ-ਕਿਤਾਬ 'ਵਰ੍ਹਿਆਂ ਪਿੱਛੋਂ' ਉੱਤੇ ਗੋਸ਼ਟੀ ਕਰਵਾਈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 17 ਅਪ੍ਰੈਲ
INTERNATIONAL PAPER, 94636 01616
hardipchumber57@gmail.com

ਪਟਿਆਲਾ, 17 ਅਪ੍ਰੈਲ (ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੇਟਗੁਰੁ) -ਪੰਜਾਬੀ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੀ ਸਾਹਿਤ ਸਭਾ ਵੱਲੋਂ ਉੱਘੇ ਕਥਾਕਾਰ, ਵਾਰਤਕਕਾਰ ਅਤੇ ਇਤਿਹਾਸ ਖੋਜੀ ਡਾ. ਵਰਿਆਮ ਸਿੰਘ ਸੰਧੂ ਦੀ ਕਵਿਤਾ ਦੀ ਪਹਿਲੀ ਕਿਤਾਬ ਵਰ੍ਹਿਆਂ ਪਿੱਛੋਂ ਦਾ ਲੋਕ ਅਰਪਣ ਸਮਾਗਮ ਕੀਤਾ ਗਿਆ। ਲੋਕ ਅਰਪਣ ਉਪਰੰਤ ਇਸ ਕਿਤਾਬ ਬਾਰੇ ਇੱਕ ਵਿਚਾਰ ਗੋਸ਼ਟੀ ਵੀ ਕੀਤੀ ਗਈ।

ਵਿਭਾਗ ਮੁਖੀ ਪ੍ਰੋ.ਗੁਰਮੁਖ ਸਿੰਘ ਨੇ ਸਵਾਗਤੀ ਸ਼ਬਦਾਂ ਦੌਰਾਨ ਵਰਿਆਮ ਸਿੰਘ ਸੰਧੂ ਦੀ ਇੱਕ ਕਵਿਤਾ 'ਗੁਰ ਦੇ ਘਰ ਵਿੱਚ ਕਾਹਦਾ ਡਰ' ਪੜ੍ਹ ਕੇ ਸੁਣਾਈ। ਆਲੋਚਕ ਪ੍ਰੋ. ਰਾਜਿੰਦਰ ਪਾਲ ਸਿੰਘ ਨੇ ਕਿਹਾ ਕਿ ਵਰਿਆਮ ਸਿੰਘ ਸੰਧੂ ਪੰਜਾਬੀ ਦੇ ਸਿਰਮੌਰ ਕਥਾਕਾਰ ਹਨ ਅਤੇ ਉਹਨਾਂ ਨੇ ਆਪਣੀਆਂ ਰਚਨਾਵਾਂ ਅਤੇ ਸਰਗਰਮੀਆਂ ਨਾਲ ਸਾਬਤ ਕੀਤਾ ਹੈ ਕਿ ਉਹ ਕਦੇ ਵੀ ਪ੍ਰਗਤੀਸ਼ੀਲ ਕਦਰਾਂ ਕੀਮਤਾਂ ਤੋਂ ਡੋਲੇ ਨਹੀਂ ਤੇ ਉਹਨਾਂ ਪੰਜਾਬੀ ਸਮਾਜ ਵਿੱਚ ਸੰਪਰਦਾਇਕਤਾ ਦੇ ਉਭਾਰ ਅਤੇ ਸੱਤਾ ਦੇ ਦਮਨ ਦਾ ਡੱਟ ਕੇ ਵਿਰੋਧ ਕੀਤਾ ਹੈ। ਉਹਨਾਂ ਕਿਹਾ ਕਿ ਵਰਿਆਮ ਸਿੰਘ



ਸੰਧੂ ਹੋਰਾਂ ਦੀ ਇਸ ਕਿਤਾਬ ਵਿੱਚ ਜੋ ਕਵਿਤਾ ਸ਼ਾਮਿਲ ਕੀਤੀ ਗਈ ਹੈ ਉਹ ਉਹਨਾਂ ਦੀ ਰਚਨਾਤਮਕ ਯਾਤਰਾ ਦੇ ਦੇ ਪੜਾਵਾਂ ਨੂੰ ਚਿੰਨ੍ਹਤ ਕਰਦੀ ਹੈ।ਬਲਵਿੰਦਰ ਗਰੇਵਾਲ ਨੇ ਆਪਣੇ ਰਸ਼ਨਾਤਮਕ ਅੰਦਾਜ਼ ਵਿੱਚ ਵਰਿਆਮ ਸਿੰਘ ਸੰਧੂ ਹੋਰਾਂ ਦੀ ਸ਼ਖ਼ਸੀਅਤ ਅਤੇ ਰਚਨਾ ਬਾਰੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਉਹਨਾਂ ਦੀ ਕਵਿਤਾ 'ਅੰਬਾਂ ਵਾਲੀ ਬਾਲਟੀ' ਦਾ ਪਾਠਗਤ ਵਿਸ਼ਲੇਸ਼ਣ ਪੇਸ਼ ਕਰਦਿਆਂ ਪਰਵਾਸੀ ਸਥਿਤੀਆਂ ਵਿੱਚ ਮਾਨਵੀ ਮੁੱਲਾਂ ਨੂੰ ਪਹੁੰਚ ਰਹੀ ਜਰਬ ਵੱਲ ਇਸ਼ਾਰਾ ਕੀਤਾ।

ਕਥਾਕਾਰ ਜਸਬੀਰ ਰਾਣਾ ਨੇ ਕਵਿਤਾ ਬਾਰੇ ਆਪਣੇ ਨਿੱਜੀ ਪ੍ਰਤਿਕਰਮ ਅਤੇ ਉਹਨਾਂ ਦੀ ਮਾਨਸਿਕਤਾ ਉੱਪਰ ਪਏ ਪ੍ਰਭਾਵ ਨੂੰ ਉਲੀਕਿਆ।

ਪ੍ਰੋਫੈਸਰ ਸੁਰਿੰਦਰ ਸਿੰਘ ਮੰਡ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਵਰਿਆਮ ਸਿੰਘ ਸੰਧੂ ਹੋਰਾਂ ਦੀ ਸ਼ਖ਼ਸੀਅਤ ਅਤੇ ਉਹਨਾਂ ਦੀ ਰਚਨਾ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ।ਬਲਵਿੰਦਰ ਸਿੰਘ ਸੰਧੂ ਨੇ ਵਰਿਆਮ ਸਿੰਘ ਸੰਧੂ ਹੋਰਾਂ ਦੀ ਕਵਿਤਾ ਦੀ ਨਫਾਸਤ, ਗਹਿਰਾਈ, ਪ੍ਰਮਾਣਿਕਤਾ ਅਤੇ ਸੁਹਜਾਤਮਕ ਬਣਤਰ ਬਾਰੇ ਗੱਲ ਕੀਤੀ।ਡਾ. ਬਲਦੇਵ ਸਿੰਘ ਧਾਲੀਵਾਲ ਇਸ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ। ਉਹਨਾਂ ਨੇ ਵਰਿਆਮ ਸਿੰਘ ਸੰਧੂ ਨੂੰ ਇੱਕ ਸ਼ੈਲੀਕਾਰ ਵਜੋਂ ਵਿਚਾਰਦਿਆਂ ਉਹਨਾਂ ਦੀਆਂ ਕਵਿਤਾਵਾਂ ਵਿੱਚ ਜੁਝਾਰ ਵਿਦਰੋਹੀ ਭਾਵਾਂ ਦੇ ਨਾਲ ਨਾਲ ਅਸਤਿਤਵਾਦੀ ਮਾਨਵਵਾਦ ਦੇ ਦਖ਼ਲ ਨਾਲ ਸਿਰਜੀ ਜਾਂਦੀ ਕਵਿਤਾ ਦੀ ਵਿਲੱਖਣਤਾ ਨੂੰ ਉਭਾਰਿਆ ।ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਉੱਘੇ ਕਵੀ ਦਰਸ਼ਨ ਬੁੱਟਰ ਹੋਰਾਂ ਨੇ ਵਰਿਆਮ ਸਿੰਘ ਸੰਧੂ ਹੋਰਾਂ ਦੀ ਕਵਿਤਾ ਅਤੇ ਸਿਰਜਣਾਤਮਕ ਸ਼ਖ਼ਸੀਅਤ ਦੇ ਮੁੱਖ ਪਹਿਲੂਆਂ ਨੂੰ ਪੇਸ਼ ਕੀਤਾ ਅਤੇ ਵਰਿਆਮ ਸਿੰਘ ਸੰਧੂ ਦੀ ਇੱਕ ਕਵਿਤਾ ਤਰੰਨੁਮ ਵਿੱਚ ਸੁਣਾਈ।

ਵਰਿਆਮ ਸਿੰਘ ਸੰਧੂ ਨੇ ਇਸ ਮੌਕੇ ਆਪਣੇ ਵਿਲੱਖਣ ਅੰਦਾਜ਼ ਵਿੱਚ ਬੋਲਦਿਆਂ ਦੱਸਿਆ ਕਿ ਉਹਨਾਂ ਨੇ ਸਕੂਲ ਸਮੇਂ ਤੋਂ ਹੀ ਆਪਣੇ ਪ੍ਰਾਇਮਰੀ ਅਧਿਆਪਕ ਅਵਤਾਰ ਸਿੰਘ ਸੋਢੀ ਹੋਰਾਂ ਦੀ ਨਿਰਦੇਸ਼ਨਾ ਹੇਠ ਕਵਿਤਾ ਪੜ੍ਹਨੀ ਸਿੱਖੀ ਸੀ ਜਿਸ ਕਾਰਨ ਉਹ ਪਹਿਲਾਂ ਪਹਿਲ ਸਕੂਲ ਦੀ ਬਾਲ ਸਭਾ ਵਿੱਚ ਪੇਸ਼ ਕਰਨ ਲਈ ਕਵਿਤਾ ਲਿਖਣ ਲੱਗੇ ਅਤੇ ਹੌਲੀ ਹੌਲੀ ਮੌਲਿਕ ਕਵਿਤਾ ਰਚਨਾ ਵੱਲ ਗਏ ਜਦੋਂ ਜੁਝਾਰ ਵਿਦਰੋਹੀ ਕਵਿਤਾ ਦਾ ਦੌਰ ਚੱਲ ਰਿਹਾ ਸੀ ਅਤੇ ਸੱਤਾ ਵੱਲੋਂ ਜੁਝਾਰ ਕਵੀਆਂ ਉੱਤੇ ਤਸ਼ੱਦਦ ਹੋ ਰਹੇ ਸਨ।

ਸਮਾਗਮ ਦੀ ਪ੍ਰਧਾਨਗੀ ਕਰਦਿਆਂ ਉੱਘੇ ਕਵੀ ਅਤੇ ਭਾਸ਼ਾ ਵਿਭਾਗ ਦੇ ਨਿਰਦੇਸ਼ਕ ਜਸਵੰਤ ਸਿੰਘ ਜਫਰ ਨੇ ਵਰਿਆਮ ਸਿੰਘ ਸੰਧੂ ਹੋਰਾਂ ਦੀ ਕਵਿਤਾ ਨੂੰ ਸਮਕਾਲ ਵਿੱਚ ਸਾਰਥਕ ਕਵਿਤਾ ਦੇ ਤੌਰ ਤੇ ਉਭਾਰਿਆ।ਅਖੀਰ ਵਿੱਚ ਵਿਭਾਗ ਦੇ ਪ੍ਰੋਫੈਸਰ ਡਾ.ਸੁਰਜੀਤ ਸਿੰਘ ਨੇ ਸਰੋਤਿਆਂ ਦਾ ਧੰਨਵਾਦ ਕੀਤਾ ਅਤੇ ਵਰਿਆਮ ਸਿੰਘ ਸੰਧੂ ਦੀ ਕਵਿਤਾ ਵਿਚਲੀ ਉਦਾਸੀ ਦੀ ਸੁਰ ਨੂੰ ਸਮਕਾਲੀ ਸੰਕਟਾਂ ਦੇ ਹੁੰਗਾਰੇ ਵਜੋਂ ਪੇਸ਼ ਕੀਤਾ।ਵਰਿਆਮ ਸਿੰਘ ਸੰਧੂ ਦੇ ਅਧਿਆਪਕ ਅਵਤਾਰ ਸਿੰਘ ਸੋਢੀ ਦੇ ਸਪੁੱਤਰ ਪ੍ਰਿੰਸੀਪਲ ਐੱਸ. ਐੱਸ.ਸੋਢੀ ਵਿਸ਼ੇਸ਼ ਤੌਰ ਉੱਤੇ ਇਸ ਸਮਾਗਮ ਵਿੱਚ ਆਪਣੇ ਸਪੁੱਤਰ ਸਮੇਤ ਸ਼ਾਮਿਲ ਹੋਏ ।ਇਸ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਸ਼ਾਇਰ ਸਤਪਾਲ ਭੀਖੀ, ਵਿਭਾਗ ਦੇ ਸਾਬਕਾ ਪ੍ਰੋਫੈਸਰ ਡਾ.ਚਰਨਜੀਤ ਕੌਰ,ਚਿੱਟਾ ਸਿੱਧੂ ਆਦਿ ਨੇ ਸ਼ਮੂਲੀਅਤ ਕੀਤੀ।

# ਰਾਸ਼ਟਰੀ ਪੰਜਾਬੀ ਸੱਭਿਆਚਾਰਿਕ ਬਾਲ ਲੇਖਕ ਕਾਨਫਰੰਸ 18 ਮਈ ਨੂੰ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 17 ਅਪ੍ਰੈਲ
INTERNATIONAL PAPER, 94636 01616
hardipchumber57@gmail.com

ਜ਼ੀਰਾ 17 ਅਪ੍ਰੈਲ (ਅੰਗਰੇਜ਼ ਬਰਾੜ)- ਪੰਜਾਬ ਭਵਨ ਸਰੀ ਕਨੇਡਾ ਦੀ ਰਹਿਨੁਮਾਈ ਹੇਠ ਨਵੀਆਂ ਕਲਮਾਂ ਨਵੀਂ ਉਡਾਨ ਦੇ ਤਹਿਤ ਮੁੰਬਈ ਟੀਮ ਦੇ ਸਹਿਯੋਗ ਨਾਲ ਰਾਸ਼ਟਰੀ ਬਾਲ ਲੇਖਕ ਸੱਭਿਆਚਾਰਕ ਕਾਨਫਰੰਸ 18 ਮਈ ਦਿਨ ਐਤਵਾਰ ਨੂੰ ਮਹਾਰਾਸ਼ਟਰ ਵਿਖੇ ਹੋ ਰਹੀ ਹੈ। ਇਸ ਸਬੰਧੀ ਮਨਪ੍ਰੀਤ ਕੌਰ ਸੰਧੂ ਮੁੰਬਈ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪ੍ਰੋਗਰਾਮ ਦੇ ਮੁੱਖ ਮਹਿਮਾਨ ਸੁਖੀ ਬਾਠ ਸੰਸਥਾਪਕ ਪੰਜਾਬ ਭਵਨ ਸਰੀ ਕਨੇਡਾ ਹੋਣਗੇ! ਓਂਕਾਰ ਸਿੰਘ ਤੇਜੇ ਪ੍ਰੋਜੈਕਟ ਇਨਚਾਰਜ ਨਵੀਆਂ ਕਲਮਾਂ ਨਵੀਂ ਉਡਾਣ ਵਿਸ਼ੇਸ਼ ਤੌਰ ਤੇ ਹਿੱਸਾ ਲੈਣਗੇ! ਇਸ ਕਾਨਫਰੰਸ ਦੌਰਾਨ ਬਚਿਆਂ ਦੇ ਗੀਤ ਮੁਕਾਬਲੇ, ਕਵਿਤਾ ਮੁਕਾਬਲੇ, ਅਲੋਪ ਹੋ ਰਹੇ ਸ਼ਬਦ ਅਤੇ ਪੰਜਾਬੀ ਵਿਰਸੇ ਨਾਲ ਸੰਬੰਧਤ ਮੁਕਾਬਲੇ ਕਰਵਾਏ ਜਾਣਗੇ! ਇਸ ਪ੍ਰੋਗਰਾਮ ਦੇ ਵਿੱਚ ਵਿਸ਼ੇਸ਼ ਤੌਰ ਤੇ ਮੁੰਬਈ ਤੋਂ ਮਨਪ੍ਰੀਤ ਕੌਰ ਸੰਧੂ ਇੰਚਾਰਜ ਮਹਾਰਾਸ਼ਟਰ, ਸਿਮਰ ਕੌਰ, ਚਮਕੌਰ ਸਿੰਘ ਸੰਧੂ, ਗੁਰਬੇ ਸਿੰਘ ਭਲਾਈਆਣਾ,



ਸੁਰੀਆ ਕਾਂਤ ਵਰਮਾ, ਪਰਮਿੰਦਰ ਸਿੰਘ ਮੁੰਬਈ ਆਦਿ ਪ੍ਰੋਗਰਾਮ ਵਿੱਚ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨਗੇ!

# ਸਿੱਖਿਆ ਮੰਤਰੀ ਵੱਲੋਂ 3704 ਸਾਰੇ ਅਧਿਆਪਕਾਂ ਦੇ ਹਿੱਤ ਸੁਰੱਖਿਅਤ ਰੱਖਣ ਦਾ ਭਰੋਸਾ

## 3704 ਅਧਿਆਪਕ ਯੂਨੀਅਨ ਪੰਜਾਬ ਦੀ ਰਿਕਾਸਟ ਲਿਸਟਾਂ ਦੇ ਮਸਲੇ ਸਬੰਧੀ ਸਿੱਖਿਆ ਮੰਤਰੀ ਨਾਲ ਹੋਈ ਅਹਿਮ ਮੀਟਿੰਗ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 17 ਅਪ੍ਰੈਲ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਚੰਡੀਗੜ੍ਹ, 17 ਅਪ੍ਰੈਲ, 2025: 3704 ਅਧਿਆਪਕ ਯੂਨੀਅਨ ਪੰਜਾਬ ਵੱਲੋਂ ਅੱਜ ਪੰਜਾਬ ਸਿਵਲ ਸਕੱਤਰੇਤ ਵਿਖੇ ਸਿੱਖਿਆ ਮੰਤਰੀ ਨਾਲ ਅਹਿਮ ਮੀਟਿੰਗ ਹੋਈ। ਇਸ ਦੌਰਾਨ ਸਿੱਖਿਆ ਮੰਤਰੀ ਹਰਜੋਤ ਬੈਂਸ ਨੇ ਆਗੂਆਂ ਨੂੰ ਭਰੋਸਾ ਦਿੱਤਾ ਕਿ ਕਿਸੇ ਇੱਕ ਵੀ ਅਧਿਆਪਕ ਦਾ ਨੁਕਸਾਨ ਨਹੀਂ ਹੋਵੇਗਾ ਅਤੇ ਉਹਨਾਂ ਇਸ ਮਸਲੇ ਦੇ ਹੱਲ ਵਾਸਤੇ ਤੁਰੰਤ 18 ਅਪ੍ਰੈਲ ਦੀ ਉੱਚ ਅਧਿਕਾਰੀਆਂ ਨਾਲ ਮੀਟਿੰਗ ਬੁਲਾਈ ਹੈ। ਇਸ ਸੰਬੰਧੀ ਜਾਣਕਾਰੀ



ਦਿੰਦਿਆਂ ਅਧਿਆਪਕ ਯੂਨੀਅਨ ਦੇ ਪ੍ਰਧਾਨ ਹਰਜਿੰਦਰ ਸਿੰਘ ਨੇ ਸਥਾਨਕ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਕਨੌਮੀਕਲੀ ਵੀਕਰ ਸੈਕਸ਼ਨ (EWS) ਕੇਸ ਵਿੱਚ ਮਾਣਯੋਗ ਹਾਈ ਕੋਰਟ ਵੱਲੋਂ ਆਏ ਫੈਸਲੇ ਤੋਂ ਬਾਅਦ ਵਿਭਾਗ ਵੱਲੋਂ ਮੈਰਿਟ ਲਿਸਟਾਂ ਰਿਵਾਈਜ਼ ਕਰ ਦਿੱਤੀਆਂ ਗਈਆਂ। ਜਿਸ ਨਾਲ ਸਾਡੀ ਭਰਤੀ ਦੇ 04 ਸਾਲ ਤੋਂ ਸੇਵਾਵਾਂ ਨਿਭਾਅ ਰਹੇ ਰੈਗੂਲਰ 117 ਅਧਿਆਪਕਾਂ ਨੂੰ ਸੇਵਾਵਾਂ ਖ਼ਤਮ ਕਰ ਦੇਣ ਸਬੰਧੀ ਨਿੱਜੀ ਸੁਣਵਾਈ ਲਈ ਬੁਲਾਇਆ ਗਿਆ ਸੀ। ਜਿਸ ਨਾਲ 117 ਅਧਿਆਪਕ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਸਨ। ਜਦੋਂ ਕਿ ਉਹਨਾਂ ਅਧਿਆਪਕਾਂ ਦਾ ਇਸ ਵਿੱਚ ਕੋਈ ਦੋਸ਼ ਵੀ ਨਹੀਂ।

ਆਗੂਆਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਅੱਜ ਦੀ ਮੀਟਿੰਗ ਵਿੱਚ ਮਿਲੇ ਭਰੋਸੇ ਤੋਂ ਬਾਅਦ ਸਾਨੂੰ ਉਮੀਦ ਹੈ ਕਿ ਵਿਭਾਗ ਇਸ ਮਸਲੇ ਦਾ ਜਲਦ ਤੋਂ ਜਲਦ ਹੱਲ ਕੱਢੇਗਾ। ਪ੍ਰੰਤੂ ਫਿਰ ਵੀ ਜੇਕਰ ਵਿਭਾਗ ਵੱਲੋਂ ਸਾਡੇ ਅਧਿਆਪਕਾਂ ਦਾ ਨੁਕਸਾਨ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਇਸ ਵਾਸਤੇ ਤਿੱਖਾ ਸੰਘਰਸ਼ ਕੀਤਾ ਜਾਵੇਗਾ ਤੇ ਕਿਸੇ ਵੀ ਅਧਿਆਪਕ ਦੇ ਭਵਿੱਖ ਨਾਲ ਖਿਲਵਾੜ ਨਹੀਂ ਹੋਣ ਦਿੱਤਾ ਜਾਵੇਗਾ।

ਇਸ ਮੌਕੇ ਜਗਜੀਵਨਜੋਤ ਸਿੰਘ, ਰਾਜੇਸ਼ਵਰ ਰਾਏ, ਗੁਰਪ੍ਰੀਤ ਸਿੰਘ, ਬੇਅੰਤ ਕੌਰ, ਅਮਨਪ੍ਰੀਤ ਕੌਰ, ਸੁਖਮਨੀ ਕੌਰ, ਵੀਰਕਰਨ ਸਿੰਘ ਆਦਿ ਅਧਿਆਪਕ ਮੌਜੂਦ ਸਨ।

# "ਜਦੋਂ ਮਾਂ, ਬੱਚਾ ਤੇ ਸਿਹਤ ਆਈ ਪਹਿਲੇ ਪੱਧਰ 'ਤੇ – ਆਸ਼ਾ ਦੀ ਆਵਾਜ਼ ਭਰਤਗੜ੍ਹ ਤੋਂ"

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 17 ਅਪ੍ਰੈਲ
INTERNATIONAL PAPER, 94636 01616
hardipchumber57@gmail.com

ਭਰਤਗੜ੍ਹ, 17 ਅਪ੍ਰੈਲ 2025 – ਕਮਿਊਨਿਟੀ ਹੈਲਥ ਸੈਂਟਰ ਭਰਤਗੜ੍ਹ ਵਿਖੇ ਆਸ਼ਾ ਵਰਕਰਾਂ ਦੀ ਮਾਸਿਕ ਮੀਟਿੰਗ ਆਯੋਜਿਤ ਕੀਤੀ ਗਈ, ਜੋ ਸੀਨੀਅਰ ਮੈਡੀਕਲ ਅਫਸਰ ਡਾ. ਆਨੰਦ ਘਈ ਦੀ ਅਗਵਾਈ ਹੇਠ ਹੋਈ।

ਮੀਟਿੰਗ ਦੌਰਾਨ ਸਿਹਤ ਸੇਵਾਵਾਂ ਦੀ ਕੁਆਲਟੀ ਨੂੰ ਹੋਰ ਬਿਹਤਰ ਬਣਾਉਣ, ਗਰਭਵਤੀ ਮਹਿਲਾਵਾਂ ਦੀ ਦੇਖਭਾਲ, ਨਵ ਜੰਮੇ ਬੱਚਿਆਂ ਦੀ ਟੀਕਾਕਰਨ, ਟੀ.ਬੀ ਅਤੇ ਕੈਂਸਰ ਜਾਗਰੂਕਤਾ, ਪੈਦਲ ਜਨਸੰਪਰਕ ਮੁਹਿੰਮਾਂ ਆਦਿ ਵਿਸ਼ਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।



ਡਾ. ਆਨੰਦ ਘਈ ਨੇ ਕਿਹਾ ਕਿਆਸ਼ਾ ਵਰਕਰਾਂ ਦੇ ਬੇਹੱਦ ਅਹੰਕਾਰਪੂਰਕ ਤੇ ਸਮਰਪਿਤ ਯਤਨਾਂ ਕਰਕੇ ਹੀ ਸਿਹਤ ਵਿਭਾਗ ਪਿੰਡ ਪੱਧਰ 'ਤੇ ਜਨਤਾ ਤੱਕ ਪਹੁੰਚ ਸਕਦਾ ਹੈ। ਉਨ੍ਹਾਂ ਦੀ ਭੂਮਿਕਾ ਨਿਰਣਾਇਕ ਹੈ – ਚਾਹੇ ਗਰਭਵਤੀ ਮਾਂ ਹੋਵੇ, ਨਵਜਾਤ ਬੱਚਾ ਜਾਂ ਵੈਕਸੀਨੇਸ਼ਨ ਦੀ ਜਾਣਕਾਰੀ। ਅਸੀਂ ਉਨ੍ਹਾਂ ਦੀ ਸੇਵਾ ਦੀ ਸ਼ਲਾਘਾ ਕਰਦੇ ਹਾਂ ਤੇ ਉਮੀਦ ਕਰਦੇ ਹਾਂ ਕਿ ਉਹ ਭਵਿੱਖ ਵਿੱਚ ਵੀ ਇਸੇ ਜੋਸ਼ ਨਾਲ ਕੰਮ ਜਾਰੀ ਰੱਖਣਗੇ।

ਇਸ ਮੌਕੇ ਨਰਸਿੰਗ ਸਿਸਟਰ ਬੰਦਨਾ ਸ਼ਰਮਾ ਵੱਲੋਂ 'ਹੀਟ ਵੇਵ ਤੋਂ ਬਚਾਅ' ਬਾਰੇ ਲੈਕਚਰ ਦਿੱਤਾ ਗਿਆ। ਹੈਲਥ ਸੁਪਰਵਾਈਜ਼ਰ ਪ੍ਰੋਮੀਲਾ ਵੱਲੋਂ 'ਅਕਾਲ ਜਨਮ, ਮਾਂ ਦੀ ਸੰਭਾਲ, ਨਵਜਾਤ ਬੱਚਿਆਂ ਦੀ ਦੇਖਭਾਲ ਅਤੇ ਬੱਚਿਆਂ ਦੀ ਮੌਤ ਦੀ ਦਰ' ਬਾਰੇ ਲੈਕਚਰ ਦਿੱਤਾ ਗਿਆ। ਕਮਿਊਨਿਟੀ ਹੈਲਥ ਅਫਸਰ ਨਵਰੀਤ ਕੌਰ ਵੱਲੋਂ 'ਨੈਸ਼ਨਲ ਕਵਾਲਟੀ ਅਸ਼ੋਰੈਂਸ ਸਟੈਂਡਰਡ' ਸੰਬੰਧੀ ਰਾਹਨਮਾਈ ਦਿੱਤੀ ਗਈ। ਬਲਾਕ ਇਕਸਟੈਂਸ਼ਨ ਐਜੂਕੇਟਰ ਸਾਹਿਲ ਸੁਖੇਰਾ ਵੱਲੋਂ 'ਵੈਕਟਰ ਬੋਰਨ ਬਿਮਾਰੀਆਂ' ਬਾਰੇ ਲੈਕਚਰ ਦਿੱਤਾ ਗਿਆ, ਜਿਸ ਵਿੱਚ ਡੇਂਗੂ, ਮਲੇਰੀਆ ਆਦਿ ਤੋਂ ਬਚਾਅ ਦੇ ਤਰੀਕੇ ਸਮਝਾਏ ਗਏ।

ਇਸ ਮੀਟਿੰਗ ਦੌਰਾਨ ਇੱਕ ਇੰਟਰੈਕਟਿਵ ਸੈਸ਼ਨ ਵੀ ਕਰਵਾਇਆ ਗਿਆ, ਜਿਸ ਵਿੱਚ ਆਸ਼ਾ ਵਰਕਰਾਂ ਨੇ ਆਪਣੇ ਫੀਲਡ ਅਨੁਭਵ ਸਾਂਝੇ ਕੀਤੇ। ਉਨ੍ਹਾਂ ਨੇ ਮੈਦਾਨੀ ਦੌਰੇ ਦੌਰਾਨ ਆ ਰਹੀਆਂ ਚੁਣੌਤੀਆਂ ਅਤੇ ਲੋਕਾਂ ਨਾਲ ਸੰਪਰਕ ਵਿਚ ਹੋ ਰਹੀਆਂ ਸਿੱਖਣਯੋਗ ਘਟਨਾਵਾਂ ਬਾਰੇ ਦੱਸਿਆ।

# ਸਿੱਖਿਆ ਤੇ ਸਿਹਤ ਦੇ ਖੇਤਰ 'ਚ ਸੁਧਾਰ ਲਿਆਉਣ ਲਈ ਜ਼ਮੀਨੀ ਪੱਧਰ 'ਤੇ ਉਪਰਾਲੇ ਜਾਰੀ : ਜਗਸੀਰ ਸਿੰਘ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 17 ਅਪ੍ਰੈਲ
INTERNATIONAL PAPER, 94636 01616
hardipchumber57@gmail.com

ਬਠਿੰਡਾ 17 ਅਪ੍ਰੈਲ (ਅੰਗਰੇਜ ਸਿੰਘ ਵਿੱਕੀ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਸਿੱਖਿਆ ਤੇ ਸਿਹਤ ਦੇ ਖੇਤਰਾਂ ਵਿੱਚ ਸੁਧਾਰ ਲਿਆਉਣ ਲਈ ਜ਼ਮੀਨੀ ਪੱਧਰ ਉੱਤੇ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ । ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਿਧਾਇਕ ਭੁੱਚੋ ਮੰਡੀ ਮਾਸਟਰ ਜਗਸੀਰ ਸਿੰਘ ਨੇ ਜ਼ਿਲ੍ਹੇ ਦੇ ਪਿੰਡ ਮਹਿਮਾ ਸਰਕਾਰੀ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਕਰਵਾਏ ਗਏ "ਪੰਜਾਬ



ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ" ਸਮਾਗਮ 'ਚ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਮੌਕੇ ਕੀਤਾ।ਇਸ ਦੌਰਾਨ ਮਾਸਟਰ ਜਗਸੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਨਿਰੰਤਰ ਯਤਨਾਂ ਸਦਕਾ ਜਿੱਥੇ ਸਕੂਲਾਂ ਵਿੱਚ ਬੁਨਿਆਦੀ ਢਾਂਚਾ ਮਜ਼ਬੂਤ ਹੋਇਆ ਹੈ ਉਥੇ ਹੀ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਦੀ ਪੜ੍ਹਾਉਣ ਸ਼ੈਲੀ 'ਚ ਸੁਧਾਰ ਲਿਆਉਣ ਲਈ ਆਈ ਆਈ ਟੀ ਅਹਿਮਦਾਬਾਦ, ਸਿੰਘਾਪੁਰ, ਫਿਨਲੈਂਡ ਵਿੱਚ ਉੱਚ ਪੱਧਰੀ ਸਿਖਲਾਈ ਦਿਵਾਈ ਗਈ।ਇਸ ਦੌਰਾਨ ਵਿਧਾਇਕ ਜਗਸੀਰ ਸਿੰਘ ਨੇ ਕਿਹਾ ਕਿ ਸਰਕਾਰੀ ਸਕੂਲਾਂ ਅੰਦਰ ਭਾਰੀ ਬਦਲਾਅ ਤੋਂ ਬਾਅਦ ਲੋਕਾਂ ਦੀ ਸੋਚ ਬਦਲੀ ਹੈ ਅਤੇ ਸਰਕਾਰੀ ਸਕੂਲਾਂ ਅੰਦਰ ਬੱਚਿਆਂ ਦੀ ਸੰਖਿਆਂ ਵਿੱਚ ਵੀ ਭਾਰੀ ਵਾਧਾ ਹੋਇਆ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨ੍ਹਾਂ ਵਿੱਚ ਸਿੱਖਿਆ ਕ੍ਰਾਂਤੀ ਅਧੀਨ ਹੋਰ ਵੀ ਕਾਰਜ ਕੀਤੇ ਜਾਣਗੇ।

ਇਸ ਤੋਂ ਪਹਿਲਾ ਸਰਕਾਰੀ ਪ੍ਰਾਇਮਰੀ ਸਕੂਲ ਨਥਿਆਣਾ, ਸਰਕਾਰੀ ਪ੍ਰਾਇਮਰੀ ਸਕੂਲ ਮਹਿਮਾ ਸਰਜਾ, ਸਰਕਾਰੀ ਪ੍ਰਾਇਮਰੀ ਸਕੂਲ ਮਹਿਮਾ ਸਰਕਾਰੀ, ਸਰਕਾਰੀ ਪ੍ਰਾਇਮਰੀ ਸਕੂਲ ਮਹਿਮਾ ਸਵਾਈ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਮਾ ਸਰਜਾ ਵਿਖੇ ਵੱਖ-ਵੱਖ ਸਕੂਲ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਵੀ ਕੀਤਾ ਗਿਆ।

ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਅਤੇ ਪਿੰਡ ਦੇ ਪਤਵੰਤੇ ਆਦਿ ਹਾਜ਼ਰ ਸਨ।

# ਸਿੱਖਿਆ ਹੀ ਬੱਚਿਆਂ ਦੇ ਭਵਿੱਖ ਦੀਆਂ ਜੜ੍ਹਾਂ ਨੂੰ ਕਰਦੀ ਹੈ ਮਜ਼ਬੂਤ : ਪ੍ਰੋ.ਬਲਜਿੰਦਰ ਕੌਰ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com

ਬਠਿੰਡਾ 17 ਅਪ੍ਰੈਲ (ਅੰਗਰੇਜ ਸਿੰਘ ਵਿੱਕੀ)- ਸਿੱਖਿਆ ਹੀ ਬੱਚਿਆਂ ਦੇ ਭਵਿੱਖ ਦੀਆਂ ਜੜ੍ਹਾਂ ਨੂੰ ਮਜ਼ਬੂਤ ਕਰਕੇ ਉਨ੍ਹਾਂ ਨੂੰ ਸਮੇਂ ਦੇ ਹਾਣੀ ਬਣਾਉਂਦੀ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਚੀਫ ਵਿੱਪ ਅਤੇ ਤਲਵੰਡੀ ਸਾਬੋ ਦੇ ਵਿਧਾਇਕ ਪ੍ਰੋ: ਬਲਜਿੰਦਰ ਕੌਰ ਨੇ ਜ਼ਿਲ੍ਹੇ ਅਧੀਨ ਪੈਂਦੇ ਪਿੰਡ ਨੱਤ ਦੇ ਸਰਕਾਰੀ ਹਾਈ ਸਕੂਲ ਵਿਖੇ ਕਰਵਾਏ ਗਏ “ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ” ਸਮਾਗਮ ’ਚ ਸ਼ਿਰਕਤ ਕਰਨ ਮੌਕੇ ਕੀਤਾ।ਇਸ ਮੌਕੇ ਵਿਧਾਇਕ



ਪ੍ਰੋ: ਬਲਜਿੰਦਰ ਕੌਰ ਨੇ ਕਿਹਾ ਕਿ ਸੂਬਾ ਸਰਕਾਰ ਬੱਚਿਆਂ ਦੇ ਭਵਿੱਖ ਲਈ ਲਗਾਤਾਰ ਕੰਮ ਕਰਦੀ ਰਹੇਗੀ। ਇਸ ਦੌਰਾਨ ਉਨ੍ਹਾਂ ਇਹ ਵੀ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਪੰਜਾਬ ਸਰਕਾਰ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਵਾਸਤੇ ਕੋਈ ਕਸਰ ਬਾਕੀ ਨਹੀਂ ਛੱਡ ਰਹੀ। ਉਨ੍ਹਾਂ ਕਿਹਾ ਕਿ ਰਾਜ ਅੰਦਰ ਬਣਾਈਆਂ ਗਈਆਂ ਸਕੂਲਾਂ ਦੀਆਂ ਇਮਾਰਤਾਂ ਪ੍ਰਾਈਵੇਟ ਸਕੂਲਾਂ ਨੂੰ ਵੀ ਮਾਤ ਪਾਉਂਦੀਆਂ ਹਨ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਨੇ ਰਾਜ ਦੀ ਕਮਾਨ ਸੰਭਾਲਣ ਉਪਰੰਤ ਹੀ ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀ ਲਿਆਉਣ ਲਈ ਕੰਮ ਕਰਨਾ ਸ਼ੁਰੂ ਕਰ ਦਿੱਤਾ ਸੀ।

ਵਿਧਾਇਕ ਪ੍ਰੋ ਬਲਜਿੰਦਰ ਕੌਰ ਨੇ ਕਿਹਾ ਕਿ ਲੋਕ ਪੱਖੀ ਯੋਜਨਾਵਾਂ ਨੂੰ ਜ਼ਮੀਨੀ ਪੱਧਰ ਉੱਤੇ ਲਾਗੂ ਕਰਨ ਲਈ ਹੀ ਇਸ ਵਾਰ ਬਜਟ ਵਿੱਚ ਸਿੱਖਿਆ, ਸਿਹਤ, ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਸਮੇਤ ਹੋਰ ਲੋੜੀਂਦੇ ਖੇਤਰਾਂ ਵਿੱਚ ਸੁਧਾਰਾਂ ਲਈ ਵੱਡਾ ਵਾਧਾ ਕੀਤਾ ਗਿਆ ਹੈ। ਇਸ ਮੌਕੇ ਚੀਫ ਵਿੱਪ ਪ੍ਰੋ.ਬਲਜਿੰਦਰ ਕੌਰ ਨੇ ਸਰਕਾਰੀ ਹਾਈ ਸਕੂਲ ਜੀਵਨ ਸਿੰਘ ਵਾਲਾ, ਸਰਕਾਰੀ ਹਾਈ ਸਕੂਲ ਨਸੀਬਪੁਰਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਾਗੀਬਾਂਦਰ ਵਿਖੇ ਸਕੂਲ ਦੇ ਵੱਖ-ਵੱਖ ਵਿਕਾਸ ਕਾਰਜਾਂ ਉਦਘਾਟਨ ਵੀ ਕੀਤਾ।ਇਸ ਮੌਕੇ ਸਕੂਲਾਂ ਦੇ ਸਟਾਫ ਤੋਂ ਇਲਾਵਾ ਪਿੰਡਾਂ ਦੀਆਂ ਪੰਚਾਇਤਾਂ ਦੇ ਨੁਮਾਇੰਦੇ ਤੇ ਹੋਰ ਪਤਵੰਤੇ ਹਾਜ਼ਰ ਸਨ।

# ਸਿੱਖਿਆ ਕ੍ਰਾਂਤੀ ਨਾਲ ਪੰਜਾਬ ਪੁੱਟ ਰਿਹਾ ਹੈ ਨਵੀਆਂ ਪੁਲਾਂਘਾਂ : ਨਵਦੀਪ ਜੀਦਾ

## ਸਕੂਲ ਦੇ ਵੱਖ-ਵੱਖ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com

ਬਠਿੰਡਾ, 17 ਅਪ੍ਰੈਲ (ਅੰਗਰੇਜ ਸਿੰਘ ਵਿੱਕੀ)- ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਦੇ ਯਤਨਾਂ ਸਦਕਾ ਪੰਜਾਬ ਸਿੱਖਿਆ ਦੇ ਖੇਤਰ ’ਚ ਨਵੀਆਂ ਪੁਲਾਂਘਾ ਪੁੱਟ ਰਿਹਾ ਹੈ। ਇਨ੍ਹਾਂ ਗੱਲਾ ਦਾ ਪ੍ਰਗਟਾਵਾਂ ਸ਼ੂਗਰਫੈੱਡ ਦੇ ਚੇਅਰਮੈਨ ਨਵਦੀਪ ਸਿੰਘ ਜੀਦਾ ਨੇ ਜ਼ਿਲ੍ਹੇ ਅੰਦਰ ਪੈਂਦੇ ਪਿੰਡ ਵਿਰਕ ਖੁਰਦ ਦੇ ਸਰਕਾਰੀ ਹਾਈ ਸਕੂਲ ਵਿਖੇ ਸਾਇੰਸ ਲੈਬ ਅਤੇ



ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਆਧੁਨਿਕ ਕਲਾਸ ਰੂਮਾਂ ਦਾ ਕੰਮ ਮੁਕੰਮਲ ਹੋਣ ਉਪਰੰਤ ਉਦਘਾਟਨ ਕਰਨ ਮੌਕੇ ਕੀਤਾ। ਇਸ ਮੌਕੇ ਚੇਅਰਮੈਨ ਨਵਦੀਪ ਸਿੰਘ ਜੀਦਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਵਲੋਂ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਆਧੁਨਿਕ ਯੋਜਨਾਵਾਂ ਉਲੀਕੀਆਂ ਜਾ ਰਹੀਆਂ ਹਨ, ਜਿਨ੍ਹਾਂ ਦੇ ਸਾਰਥਿਕ ਨਤੀਜ਼ੇ ਸਾਹਮਣੇ ਆ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਕਿਸੇ ਤਰ੍ਹਾਂ ਦੀ ਵੀ ਕਮੀ ਪੰਜਾਬ ਦੇ ਸਕੂਲਾਂ ਅੰਦਰ ਨਹੀਂ ਰਹਿਣ ਦਿੱਤੀ ਜਾਵੇ।ਇਸ ਦੌਰਾਨ ਚੇਅਰਮੈਨ ਜੀਦਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖਿਆ ਹੀ ਸਫਲਤਾ ਦੀ ਪੂੰਜੀ ਹੈ ਜਿਸ ਨਾਲ ਹਰ ਉਚ ਮੰਜ਼ਿਲ ਤੱਕ ਪਹੁੰਚਿਆਂ ਜਾ ਸਕਦਾ ਹੈ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਹੋਰ ਸਖਤ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਚੇਅਰਮੈਨ ਜੀਦਾ ਨੇ ਸਰਕਾਰੀ ਪ੍ਰਾਇਮਰੀ ਸਕੂਲ ਭਿਸੀਆਣਾ ਅਤੇ ਸਰਕਾਰੀ ਹਾਈ ਸਕੂਲ ਵਿਰਕ ਖੁਰਦ ਵਿਖੇ ਵੱਖ-ਵੱਖ ਸਕੂਲਾਂ ਦਾ ਵਿਕਾਸ ਕਾਰਜਾਂ ਦਾ ਉਦਘਾਟਨ ਵੀ ਕੀਤਾ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ, ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪੇ ਆਦਿ ਹਾਜ਼ਰ ਸਨ।

# ਦੱਧਾਹੂਰ ਬੱਸ ਅੱਡੇ ਤੇ ਬੱਸ ਰੁਕਣ ਨੂੰ ਯਕੀਨੀ ਬਣਾਇਆ ਗਿਆ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com

ਬਠਿੰਡਾ 17 ਅਪ੍ਰੈਲ (ਅੰਗਰੇਜ ਸਿੰਘ ਵਿੱਕੀ)- ਬਰਨਾਲਾ ਬਠਿੰਡਾ ਰੋਡ ਤੇ ਸਥਿਤ ਪਿੰਡ ਦੱਧਾਹੂਰ ਬੱਸ ਅੱਡੇ ਤੇ ਕਾਫੀ ਲੰਮੇ ਸਮੇਂ ਤੋਂ ਬੱਸਾਂ ਨਾ ਰੁਕਣ ਕਾਰਨ ਇਸਦੀ ਹਦੂਦ ਨਾਲ ਲੱਗਦੇ ਪਿੰਡਾਂ ਨੂੰ ਕਾਫੀ ਮੁਸਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਵਾਰ ਵਾਰ ਮਹਿਕਮੇ ਨੂੰ ਦਰਖਾਸਤਾਂ ਦੇਣ ਅਤੇ ਸਵਾਰੀਆਂ ਦੀਆਂ ਸਮੱਸਿਆ ਨੂੰ ਧਿਆਨ ਵਿਚ ਰੱਖਦੇ ਹੋਏ ਤੇ ਨਵੇਂ ਸਿਰੇ ਤੋਂ ਫਿਰ ਪੰਚਾਇਤ




ਦੀ ਇਸ ਮੰਗ ਨੂੰ ਪੂਰਾ ਕਰਦੇ ਹੋਏ ਡੀਪੂ ਨੇ ਹਰ ਬੱਸ ਨੂੰ ਪਿੰਡ ਦੱਧਾਹੂਰ ਦੇ ਬੱਸ ਅੱਡੇ ਤੇ ਬੱਸਾਂ ਰੁਕਣ ਦੇ ਹੁਕਮ ਜਾਰੀ ਕੀਤੇ ਹਨ। ਬੱਸਾਂ ਨਾ ਰੁਕਣ ਦੀ ਸੂਰਤ ਚ ਮਹਿਕਮੇ ਨੇ ਕਾਰਵਾਈ ਦਾ ਭਰੋਸਾ ਦੁਆਇਆ। ਇੱਥੇ ਬੱਸ ਰੁਕਣ ਨਾਲ ਲਾਗਲੇ ਪਿੰਡ ਗੋਬਿੰਦਗੜ੍ਹ, ਬਾਮ੍ਹਣੀਆ, ਕੁਤਬਾ, ਨਿਹਾਲੂਵਾਲ,ਕਾਲਸਾਂ ਅਤੇ ਦੱਧਾਹੂਰ ਨਾਲ ਸੰਬੰਧਿਤ ਲੋਕਾਂ ਦੀ ਖਜਲ ਖੁਆਰੀ ਰੁਕੇਗੀ ਸਕੂਲਾਂ, ਕਾਲਜਾਂ ‘ਚ ਪੜ੍ਹਨ ਜਾਣ ਵਾਲੇ ਬੱਚਿਆਂ ਦਾ ਟਾਇਮ ਬੱਚੇਗਾ ਹਰ ਕਿਸੇ ਨੂੰ ਸਮੇਂ ਸਿਰ ਪੁਹੰਚਣ ਵਿਚ ਸਹਾਈ ਹੋਵੇਗੀ ਇਹ ਸਹੂਲਤ। ਇਸ ਮੌਕੇ ਤੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਸੰਬੰਧਿਤ ਮਹਿਕਮੇ ਨੇ ਲਿਖਤੀ ਰੂਪ ਚ ਭਰੋਸਾ ਦੁਆਇਆ। ਦੱਧਾਹੂਰ ਦੇ ਸਰਪੰਚ ਅਮ੍ਰਿੰਤਪਾਲ ਸਿੰਘ,ਮਨਦੀਪ ਸਿੰਘ ਤੂਰ ਪੰਚ, ਜਗਰੂਪ ਸਿੰਘ, ਕਾਮਰੇਡ ਕਰਨੈਲ ਸਿੰਘ ਪੰਚ, ਜਗਰਾਜ ਸਿੰਘ, ਜਗਸੀਰ ਸਿੰਘ ਪੰਚ, ਕਾਲਸਾਂ ਤੋਂ ਗੁਰਦੇਵ ਸਿੰਘ ਸਰਪੰਚ, ਗੋਬਿੰਦਗੜ੍ਹ ਤੋਂ ਸਰਪੰਚ ਜਗਜੀਤ ਸਿੰਘ, ਪੰਚ ਰਣਜੀਤ ਸਿੰਘ ਫੌਜ਼ੀ, ਸੂਬੇਦਾਰ ਜਿੰਦਰ ਸਿੰਘ ਪੰਚ ਤੇ ਨਿਹਾਲੂਵਾਲ ਤੋਂ ਸੁਖਵਿੰਦਰ ਸਿੰਘ ਮੌਜੂਦ ਸਨ। ਸਮੁੱਚੇ ਇਲਾਕੇ ਦੇ ਲੋਕਾਂ ਨੇ ਮਹਿਕਮੇ ਦਾ ਧੰਨਵਾਦ ਕੀਤਾ

# ਓਟ ਸੈਂਟਰਾਂ ਦੀ ਓਟ ‘ਚ ਪੰਜਾਬੀ: ਮੁਫ਼ਤ ਗੋਲੀਆਂ ਦਾ ਲਾਲਚ ਜਾਂ ਸਹੀ ਇਲਾਜ ਦੀ ਤਲਾਸ਼?

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com

(ਜੇਕਰ ਓਟ ਸੈਂਟਰ ਸਿਰਫ਼ ਮੁਫ਼ਤ ਗੋਲੀਆਂ ਵੰਡਣ ਤੱਕ ਹੀ ਸੀਮਤ ਰਹਿ ਜਾਣਗੇ ਤਾਂ ਨਸ਼ੇ ਦੇ ਆਦੀ ਲੋਕਾਂ ਦਾ ਪੂਰੀ ਤਰ੍ਹਾਂ ਠੀਕ ਹੋਣਾ ਅਤੇ ਸਮਾਜ ਦੀ ਮੁੱਖ ਧਾਰਾ ਵਿੱਚ ਵਾਪਸ ਆਉਣਾ ਬਹੁਤ ਮੁਸ਼ਕਲ ਹੋ ਜਾਵੇਗਾ)

ਪੰਜਾਬ, ਜੋ ਕਦੇ ਆਪਣੀ ਖੁਸ਼ਹਾਲੀ ਅਤੇ ਜਵਾਨੀ ਦੇ ਜੋਸ਼ ਲਈ ਜਾਣਿਆ ਜਾਂਦਾ ਸੀ, ਅੱਜਕੱਲ੍ਹ ਨਸ਼ਿਆਂ ਦੀ ਇੱਕ ਗੰਭੀਰ ਸਮੱਸਿਆ ਨਾਲ ਸੰਘਰਸ਼ ਕਰ ਰਿਹਾ ਹੈ। ਇਸ ਮਾਰੂ ਬਿਮਾਰੀ ਨੇ ਅਣਗਿਣਤ ਘਰਾਂ ਨੂੰ ਉਜਾੜ ਦਿੱਤਾ ਹੈ ਅਤੇ ਨੌਜਵਾਨ ਪੀੜ੍ਹੀ ਨੂੰ ਹਨੇਰੇ ਭਵਿੱਖ ਵੱਲ ਧੱਕ ਦਿੱਤਾ ਹੈ। ਇਸ ਸੰਕਟ ਦੀ ਗੰਭੀਰਤਾ ਨੂੰ ਸਮਝਦੇ ਹੋਏ, ਪੰਜਾਬ ਸਰਕਾਰ ਨੇ ਓਟ ਸੈਂਟਰਾਂ (ਨਸ਼ਾ ਛੁਡਾਊ ਕੇਂਦਰ) ਦੀ ਸਥਾਪਨਾ ਕੀਤੀ ਹੋਈ ਹੈ, ਜੋ ਨਸ਼ੇ ਦੇ ਆਦੀ ਲੋਕਾਂ ਨੂੰ ਮੁਫ਼ਤ ਇਲਾਜ ਅਤੇ ਸਹਾਇਤਾ ਪ੍ਰਦਾਨ ਕਰਦੇ ਹਨ। ਇਹ ਕੇਂਦਰ ਬਹੁਤ ਸਾਰੇ ਲੋਕਾਂ ਲਈ ਉਮੀਦ ਦੀ ਇੱਕ ਕਿਰਨ ਸਾਬਿਤ ਹੋਏ ਹਨ, ਜਿਨ੍ਹਾਂ ਨੂੰ ਨਸ਼ੇ ਦੀ ਭਿਆਨਕ ਲਤ ਨੇ ਆਪਣੀ ਜਕੜ ਵਿੱਚ ਲੈ ਲਿਆ ਸੀ। ਇਨ੍ਹਾਂ ਕੇਂਦਰਾਂ ਵਿੱਚ ਮੁਫ਼ਤ ਦਵਾਈਆਂ, ਡਾਕਟਰੀ ਜਾਂਚ ਅਤੇ ਸਲਾਹ ਪ੍ਰਦਾਨ ਕੀਤੀ ਜਾਂਦੀ ਹੈ, ਜਿਸ ਕਾਰਨ ਨਸ਼ਾ ਛੱਡਣ ਦੇ ਚਾਹਵਾਨ ਲੋਕ ਵੱਡੀ ਗਿਣਤੀ ਵਿੱਚ ਇੱਥੇ ਪਹੁੰਚ ਰਹੇ ਹਨ।

ਇਹ ਇੱਕ ਸਕਾਰਾਤਮਕ ਸੰਕੇਤ ਹੈ ਕਿ ਲੋਕ ਹੁਣ ਨਸ਼ੇ ਦੀ ਇਸ ਬੁਰਾਈ ਤੋਂ ਛੁਟਕਾਰਾ ਪਾਉਣ ਲਈ ਅੱਗੇ ਆ ਰਹੇ ਹਨ ਅਤੇ ਸਰਕਾਰੀ ਸਹਾਇਤਾ ਲੈ ਰਹੇ ਹਨ। ਓਟ ਸੈਂਟਰਾਂ ਨੇ ਉਨ੍ਹਾਂ ਗਰੀਬ ਅਤੇ ਲੋੜਵੰਦ ਲੋਕਾਂ ਲਈ ਇਲਾਜ ਦੇ ਦਰਵਾਜ਼ੇ ਖੋਲ੍ਹ ਦਿੱਤੇ ਹਨ ਜੋ ਮਹਿੰਗੇ ਪ੍ਰਾਈਵੇਟ ਨਸ਼ਾ ਛੁਡਾਊ ਕੇਂਦਰਾਂ ਦਾ ਖਰਚਾ ਨਹੀਂ ਚੁੱਕ ਸਕਦੇ ਸਨ। ਇਸ ਕਾਰਨ ਇਨ੍ਹਾਂ ਕੇਂਦਰਾਂ ਵਿੱਚ ਮਰੀਜ਼ਾਂ ਦੀ ਸੰਖਿਆ ਵਿੱਚ ਤੇਜ਼ੀ ਨਾਲ ਵਾਧਾ ਹੋਇਆ ਹੈ। ਬਹੁਤ ਸਾਰੇ ਲੋਕ ਇਨ੍ਹਾਂ ਕੇਂਦਰਾਂ ਵਿੱਚ ਮੁਫ਼ਤ ਦਵਾਈਆਂ ਅਤੇ ਸਹੀ ਮਾਰਗਦਰਸ਼ਨ ਪ੍ਰਾਪਤ ਕਰਕੇ ਨਸ਼ਾ ਛੱਡਣ ਲਈ ਆ ਰਹੇ ਹਨ ਤਾਂ ਕਿ ਉਹ ਇੱਕ ਸਨਮਾਨਜਨਕ ਅਤੇ ਸਿਹਤਮੰਦ ਜੀਵਨ ਵੀ ਜਿਉਣਾ ਸ਼ੁਰੂ ਕਰ ਸਕਣ। ਇਸ ਨਾਲ ਉਨ੍ਹਾਂ ਪਰਿਵਾਰਾਂ ਨੂੰ ਵੀ ਇੱਕ ਵੱਡੀ ਰਾਹਤ ਮਿਲ ਸਕਦੀ ਹੈ ਜਿਨ੍ਹਾਂ ਦੇ ਮੈਂਬਰ ਨਸ਼ੇ ਦੀ ਲਤ ਤੋਂ ਪੀੜਤ ਹਨ।

ਪਰ ਇਸ ਸਫਲਤਾ ਦੇ ਨਾਲ-ਨਾਲ ਕੁਝ ਚਿੰਤਾਵਾਂ ਵੀ ਜੁੜੀਆਂ ਹੋਈਆਂ ਹਨ। ਕਈ ਮਾਹਿਰਾਂ ਅਤੇ ਸਥਾਨਕ ਲੋਕਾਂ ਦਾ ਮੰਨਣਾ ਹੈ ਕਿ ਓਟ ਸੈਂਟਰਾਂ ਵਿੱਚ ਮੁਫ਼ਤ ਗੋਲੀਆਂ ਦੀ ਉਪਲਬਧਤਾ ਵੀ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਆਕਰਸ਼ਿਤ ਕਰ ਰਹੀ ਹੈ। ਇਸ ਵਿੱਚ ਕੁਝ ਅਜਿਹੇ ਵਿਅਕਤੀ ਵੀ ਸ਼ਾਮਲ ਹੋ ਸਕਦੇ ਹਨ ਜਿਨ੍ਹਾਂ ਨੂੰ ਅਜੇ ਨਸ਼ੇ ਦੀ ਗੰਭੀਰ ਲਤ ਨਹੀਂ ਲੱਗੀ ਹੈ, ਪਰ ਉਹ ਸਿਰਫ਼ ਮੁਫ਼ਤ ਦਵਾਈਆਂ ਪ੍ਰਾਪਤ ਕਰਨ ਦੇ ਇਰਾਦੇ ਨਾਲ ਇਨ੍ਹਾਂ ਕੇਂਦਰਾਂ ਦਾ ਰੁਖ਼ ਕਰ ਰਹੇ ਹਨ। ਇਸ ਨਾਲ ਅਸਲ ਲੋੜਵੰਦ ਮਰੀਜ਼ਾਂ ਲਈ ਮੁਸ਼ਕਲਾਂ ਪੈਦਾ ਹੋ ਸਕਦੀਆਂ ਹਨ ਅਤੇ ਦਵਾਈਆਂ ਦੇ ਗਲਤ ਇਸਤੇਮਾਲ ਦਾ ਖ਼ਤਰਾ ਵੀ ਵੱਧ ਜਾਂਦਾ ਹੈ। ਇਹ ਵੀ ਸੰਭਵ ਹੈ ਕਿ ਕੁਝ ਲੋਕ ਇਨ੍ਹਾਂ ਮੁਫ਼ਤ ਦਵਾਈਆਂ ਨੂੰ ਪ੍ਰਾਪਤ ਕਰਕੇ ਬਾਜ਼ਾਰ ਵਿੱਚ ਵੇਚਣ ਦੀ ਕੋਸ਼ਿਸ਼ ਕਰਨ, ਜਿਸ ਨਾਲ ਨਸ਼ਿਆਂ ਦੀ ਸਮੱਸਿਆ ਹੋਰ ਵੀ ਗੰਭੀਰ ਹੋ ਸਕਦੀ ਹੈ।

ਇਸ ਤੋਂ ਇਲਾਵਾ, ਇਹ ਸਮਝਣਾ ਬਹੁਤ ਜ਼ਰੂਰੀ ਹੈ ਕਿ ਸਿਰਫ਼ ਦਵਾਈਆਂ ਦੇ ਆਸਰੇ ਰਹਿਣਾ ਨਸ਼ੇ ਦੀ ਸਮੱਸਿਆ ਦਾ ਇੱਕ ਅਧੂਰਾ ਹੱਲ ਹੈ। ਨਸ਼ੇ ਦੀ ਲਤ ਇੱਕ ਗੁੰਝਲਦਾਰ ਮਾਨਸਿਕ, ਸਰੀਰਕ ਅਤੇ ਸਮਾਜਿਕ ਬਿਮਾਰੀ ਹੈ। ਮਰੀਜ਼ਾਂ ਨੂੰ ਦਵਾਈਆਂ ਦੇ ਨਾਲ-ਨਾਲ ਮਨੋਵਿਗਿਆਨਕ ਸਲਾਹ, ਪਰਿਵਾਰਕ ਸਹਾਇਤਾ, ਕਿੱਤਾਮੁਖੀ ਸਿਖਲਾਈ ਅਤੇ ਸਮਾਜਿਕ ਮੁੜ-ਸਥਾਪਨਾ ਦੀ ਵੀ ਸਖ਼ਤ ਲੋੜ ਹੁੰਦੀ ਹੈ। ਜੇਕਰ ਓਟ ਸੈਂਟਰ ਸਿਰਫ਼ ਮੁਫ਼ਤ ਗੋਲੀਆਂ ਵੰਡਣ ਤੱਕ ਹੀ ਸੀਮਤ ਰਹਿ ਜਾਣਗੇ ਤਾਂ ਨਸ਼ੇ ਦੇ ਆਦੀ ਲੋਕਾਂ ਦਾ ਪੂਰੀ ਤਰ੍ਹਾਂ ਠੀਕ ਹੋਣਾ ਅਤੇ ਸਮਾਜ ਦੀ ਮੁੱਖ ਧਾਰਾ ਵਿੱਚ ਵਾਪਸ ਆਉਣਾ ਬਹੁਤ ਮੁਸ਼ਕਲ ਹੋ ਜਾਵੇਗਾ। ਉਨ੍ਹਾਂ ਨੂੰ ਇੱਕ ਅਜਿਹੇ ਸਹਾਇਕ ਵਾਤਾਵਰਨ ਦੀ ਲੋੜ ਹੈ ਜਿੱਥੇ ਉਹ ਆਪਣੇ ਅੰਦਰ ਵਿਸ਼ਵਾਸ ਪੈਦਾ ਕਰ ਸਕਣ ਅਤੇ ਇੱਕ ਨਵਾਂ ਸਿਹਤਮੰਦ ਜੀਵਨ ਸ਼ੁਰੂ ਕਰ ਸਕਣ।

ਸਰਕਾਰ ਅਤੇ ਸਿਹਤ ਵਿਭਾਗ ਨੂੰ ਇਸ ਮਾਮਲੇ ਵਿੱਚ ਇੱਕ ਸੰਤੁਲਿਤ ਪਹੁੰਚ ਅਪਣਾਉਣ ਦੀ ਲੋੜ ਹੈ। ਓਟ ਸੈਂਟਰਾਂ ਵਿੱਚ ਆਉਣ ਵਾਲੇ ਹਰ ਮਰੀਜ਼ ਦੀ ਸਹੀ ਢੰਗ ਨਾਲ ਜਾਂਚ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਉਨ੍ਹਾਂ ਨੂੰ ਅਸਲ ਵਿੱਚ ਇਲਾਜ ਦੀ ਲੋੜ ਹੈ ਜਾਂ ਨਹੀਂ। ਇਸ ਦੇ ਨਾਲ ਹੀ ਇਨ੍ਹਾਂ ਕੇਂਦਰਾਂ ਵਿੱਚ ਸਿਰਫ਼ ਦਵਾਈਆਂ ਹੀ ਨਹੀਂ ਸਗੋਂ ਮਨੋਵਿਗਿਆਨਕ ਸਲਾਹ, ਸਮੂਹ ਥੈਰੇਪੀ ਅਤੇ ਮੁੜ-ਵਸੇਬੇ ਦੀਆਂ ਸਹੂਲਤਾਂ ਵੀ ਪ੍ਰਦਾਨ ਕੀਤੀਆਂ ਜਾਣੀਆਂ ਚਾਹੀਦੀਆਂ ਹਨ। ਸਟਾਫ਼ ਦੀ ਗਿਣਤੀ ਵਧਾਉਣ ਅਤੇ ਉਨ੍ਹਾਂ ਨੂੰ ਸਹੀ ਸਿਖਲਾਈ ਦੇਣ ਦੀ ਵੀ ਜ਼ਰੂਰਤ ਹੈ ਤਾਂ ਜੋ ਉਹ ਮਰੀਜ਼ਾਂ ਨੂੰ ਬਿਹਤਰ ਢੰਗ



ਨਾਲ ਸੇਵਾਵਾਂ ਪ੍ਰਦਾਨ ਕਰ ਸਕਣ।

ਅੰਤ ਵਿੱਚ, ਇਹ ਕਿਹਾ ਜਾ ਸਕਦਾ ਹੈ ਕਿ ਓਟ ਸੈਂਟਰ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਨਾਲ ਲੜਨ ਲਈ ਇੱਕ ਮਹੱਤਵਪੂਰਨ ਕਦਮ ਹਨ ਅਤੇ ਮੁਫ਼ਤ ਦਵਾਈਆਂ ਮਿਲਣ ਕਾਰਨ ਲੋੜਵੰਦ ਲੋਕਾਂ ਤੱਕ ਇਨ੍ਹਾਂ ਦੀ ਪਹੁੰਚ ਵਧੀ ਹੈ। ਪਰ ਇਸ ਸਮੱਸਿਆ ਦਾ ਪੱਕਾ ਹੱਲ ਸਿਰਫ਼ ਉਦੋਂ ਹੀ ਸੰਭਵ ਹੋਵੇਗਾ ਜਦੋਂ ਅਸੀਂ ਸਿਰਫ਼ ਦਵਾਈਆਂ ‘ਤੇ ਹੀ ਧਿਆਨ ਕੇਂਦਰਿਤ ਨਾ ਕਰੀਏ, ਸਗੋਂ ਨਸ਼ੇ ਦੇ ਆਦੀ ਲੋਕਾਂ ਨੂੰ ਇੱਕ ਸੰਪੂਰਨ ਇਲਾਜ ਅਤੇ ਸਹਾਰਾ ਪ੍ਰਦਾਨ ਕਰੀਏ। ਸਾਨੂੰ ਇਹ ਯਕੀਨੀ ਬਣਾਉਣਾ ਹੋਵੇਗਾ ਕਿ ਕੋਈ ਵੀ ਵਿਅਕਤੀ ਸਿਰਫ਼ ਮੁਫ਼ਤ ਦਵਾਈਆਂ ਦੇ ਲਾਲਚ ਵਿੱਚ ਇਨ੍ਹਾਂ ਕੇਂਦਰਾਂ ਦਾ ਗਲਤ ਇਸਤੇਮਾਲ ਨਾ ਕਰੇ ਅਤੇ ਅਸਲ ਲੋੜਵੰਦ ਮਰੀਜ਼ਾਂ ਨੂੰ ਸਹੀ ਢੰਗ ਨਾਲ ਇਲਾਜ ਮਿਲ ਸਕੇ। ਇਸ ਦੇ ਨਾਲ ਹੀ ਨਸ਼ਿਆਂ ਦੀ ਸਪਲਾਈ ਨੂੰ ਰੋਕਣ ਅਤੇ ਨੌਜਵਾਨਾਂ ਨੂੰ ਇਸ ਬੁਰਾਈ ਤੋਂ ਬਚਾਉਣ ਲਈ ਹੋਰ ਸਖ਼ਤ ਕਦਮ ਚੁੱਕਣ ਦੀ ਲੋੜ ਹੈ ਤਾਂ ਜੋ ਪੰਜਾਬ ਇੱਕ ਵਾਰ ਫਿਰ ਤੋਂ ਖੁਸ਼ਹਾਲ ਅਤੇ ਨਸ਼ਾ-ਮੁਕਤ ਸੂਬਾ ਬਣ ਸਕੇ।

ਚਾਨਣਦੀਪ ਸਿੰਘ ਔਲਖ,
ਪਿੰਡ ਗੁਰਨੇ ਖ਼ੁਰਦ (ਮਾਨਸਾ),
ਸੰਪਰਕ: 9876888177,
Email: chanandeep-aulakh@gmail.com



# ਜ਼ਿਲ੍ਹੇ ਅੰਦਰ ਸ਼ੁਰੂ ਕੀਤਾ ਜਾਵੇਗਾ ਯੂਥ ਸੰਪਰਕ ਪ੍ਰੋਗਰਾਮ : ਡਿਪਟੀ ਕਮਿਸ਼ਨਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ
INTERNATIONAL PAPER, 9463601616
hardipchumber57@gmail.com



ਬਠਿੰਡਾ, 17 ਅਪ੍ਰੈਲ (ਅੰਗਰੇਜ ਸਿੰਘ ਵਿੱਕੀ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਦੇ ਸਾਰਥਿਕ ਨਤੀਜੇ ਵੀ ਸਾਹਮਣੇ ਆ ਰਹੇ ਹਨ, ਇਸ ਲੜੀ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਜ਼ਿਲ੍ਹੇ ਅੰਦਰ ਯੂਥ ਸੰਪਰਕ ਪ੍ਰੋਗਰਾਮ ਸ਼ੁਰੂ ਕੀਤਾ ਜਾਵੇਗਾ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਅਧਿਕਾਰੀਆਂ ਨਾਲ ਕੀਤੀ ਗਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਾਂਝੀ ਕੀਤੀ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਅੰਦਰ 8 ਜ਼ਿਲ੍ਹਾ ਪੱਧਰੀ ਟੀਮਾਂ ਦਾ ਗਠਨ ਕਰਕੇ ਜ਼ਿਲ੍ਹੇ ਦੇ ਨੌਜਵਾਨਾਂ ਨਾਲ ਸਿੱਧਾ ਸੰਪਰਕ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਨੌਜਵਾਨਾਂ ਦੇ ਸੁਝਾਅ ਲੈ ਕੇ ਨੌਜਵਾਨਾਂ ਦੀਆਂ ਜ਼ਰੂਰਤਾਂ ਅਨੁਸਾਰ ਲਾਇਬ੍ਰੇਰੀਆਂ, ਖੇਡ ਮੈਦਾਨ, ਸਕਿੱਲ ਕੋਰਸ ਤੇ ਖੇਡ ਸਮਾਨ ਆਦਿ ਮੁਹੱਈਆ ਕਰਵਾਇਆ ਜਾਵੇਗਾ।ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਗਠਿਤ ਕੀਤੀਆਂ ਗਈਆਂ ਟੀਮਾਂ ਵਲੋਂ ਹਰ ਹਫਤੇ ਜ਼ਿਲ੍ਹੇ ਦੇ 5-5 ਪਿੰਡਾਂ ਅਤੇ ਸ਼ਹਿਰ ਦੇ 5-5 ਵਾਰਡਾਂ ਚ ਸਾਂਝੇ ਤੌਰ ਤੇ ਸਮਾਗਮ ਕਰਕੇ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਇਸ ਮੁਹਿੰਮ ਵਿੱਚ ਵੱਧ ਤੋਂ ਵੱਧ ਨੌਜਵਾਨਾਂ, ਪਿੰਡਾਂ ਦੀਆਂ ਪੰਚਾਇਤਾਂ, ਯੂਥ ਕਲੱਬਾਂ, ਸਮਾਜ ਸੇਵੀ ਸੰਸਥਾਵਾਂ ਆਦਿ ਨੂੰ ਨਾਲ ਜੋੜਿਆ ਜਾਵੇ। ਇਸ ਤੋਂ ਇਲਾਵਾ ਸਕੂਲਾਂ ਅਤੇ ਕਾਲਜਾਂ ਵਿੱਚ ਵੱਧ ਤੋਂ ਵੱਧ ਜਾਗਰੂਕਤਾ ਪ੍ਰੋਗਰਾਮਾਂ ਦੇ ਨਾਲ-ਨਾਲ ਨੁਕੜ ਨਾਟਕ, ਬਾਲ ਪੇਟਿੰਗ, ਪ੍ਰਤੀ ਯੋਗਤਾ ਮੁਕਾਬਲਿਆਂ ਤੋਂ ਇਲਾਵਾ ਮੈਰਾਥਨ ਅਤੇ ਵੱਖ-ਵੱਖ ਤਰ੍ਹਾਂ ਦੇ ਖੇਡ ਮੁਕਾਬਲੇ ਵੀ ਕਰਵਾਏ ਜਾਣ ਤਾਂ ਜੋ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਿਆ ਜਾ ਸਕੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਮੈਡਮ ਪੂਨਮ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਮੈਡਮ ਕੰਚਨ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਨਰਿੰਦਰ ਸਿੰਘ, ਐਸਡੀਐਮ ਬਠਿੰਡਾ ਬਲਕਰਨ ਸਿੰਘ ਮਾਹਲ, ਐਸਡੀਐਮ ਮੌੜ ਸੁਖਰਾਜ ਸਿੰਘ, ਐਸਡੀਐਮ ਤਲਵੰਡੀ ਸਾਬੋ ਪੰਕਜ ਕੁਮਾਰ, ਐਸਡੀਐਮ ਰਾਮਪੁਰਾ ਗਗਨਦੀਪ ਸਿੰਘ ਤੋਂ ਇਲਾਵਾ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਉਨ੍ਹਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।

# ਪੰਜਾਬੀ ਯੂਨੀਵਰਸਿਟੀ ਵਿਖੇ ਤਿੰਨ ਦਿਨਾ ਵਿਸ਼ਵ ਸਿੱਖ ਕਾਨਫ਼ਰੰਸ ਆਰੰਭ

## -'ਸਿੱਖ ਅਧਿਐਨ ਵਿੱਚ ਮੌਜੂਦਾ ਰੁਝਾਨ' ਵਿਸ਼ੇ ਉੱਤੇ ਹੋਵੇਗੀ ਚਰਚਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ
INTERNATIONAL PAPER, 9463601616
hardipchumber57@gmail.com



ਪਟਿਆਲਾ, 16 ਅਪ੍ਰੈਲ (ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੋਟਗੁਰੂ)- ਪੰਜਾਬੀ ਯੂਨੀਵਰਸਿਟੀ ਦੇ ਗੁਰੂ ਗੋਬਿੰਦ ਸਿੰਘ ਧਰਮ ਅਧਿਐਨ ਵਿਭਾਗ ਵਿਖੇ ਸਥਾਪਿਤ ਗੁਰੂ ਗੋਬਿੰਦ ਸਿੰਘ ਚੇਅਰ ਵੱਲੋਂ ਕਰਵਾਈ ਜਾ ਰਹੀ ਤਿੰਨ ਦਿਨਾ ਵਿਸ਼ਵ ਸਿੱਖ ਕਾਨਫ਼ਰੰਸ ਸ਼ੁਰੂ ਹੋ ਗਈ ਹੈ। ਚੇਅਰ ਦੇ ਪ੍ਰੋਫ਼ੈਸਰ ਇੰਚਾਰਜ ਡਾ.ਗੁਰਮੀਤ ਸਿੰਘ ਨੇ ਸਵਾਗਤੀ ਸ਼ਬਦਾਂ ਦੌਰਾਨ ਦੱਸਿਆ ਕਿ ਸਿੱਖ ਅਧਿਐਨ ਨਾਲ ਇਸ ਕਾਨਫ਼ਰੰਸ ਵਿੱਚ 'ਸਿੱਖ ਅਧਿਐਨ ਵਿੱਚ ਮੌਜੂਦਾ ਰੁਝਾਨ' ਵਿਸ਼ੇ ਉੱਤੇ ਵਿਚਾਰ ਚਰਚਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਹ ਕਾਨਫ਼ਰੰਸ ਹਰ ਸਾਲ ਵੱਡੇ ਪੱਧਰ 'ਤੇ ਕਰਵਾਉਣ ਦਾ ਫ਼ੈਸਲਾ ਕੀਤਾ ਗਿਆ ਹੈ ਤਾਂ ਜੋ ਸਿੱਖ ਅਧਿਐਨ ਬਾਰੇ ਗੱਲ ਕੀਤੀ ਜਾ ਸਕੇ। ਡੀਨ ਅਕਾਦਮਿਕ ਮਾਮਲੇ ਪ੍ਰੋ.ਨਰਿੰਦਰ ਕੌਰ ਮੁਲਤਾਨੀ ਨੇ ਆਪਣੇ ਕਾਨਫ਼ਰੰਸ ਦਾ ਪ੍ਰਧਾਨਗੀ ਭਾਸ਼ਣ ਦਿੰਦਿਆਂ ਸਿੱਖ ਫ਼ਿਲਾਸਫ਼ੀ ਦੇ ਤਿੰਨ ਸਿਧਾਂਤਾਂ ਨਾਮ ਜਪੋ, ਕਿਰਤ ਕਰੋ, ਵੰਡ ਛਕੋ ਬਾਰੇ ਵਿਚਾਰ ਪੇਸ਼ ਕੀਤੇ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿਚ ਅੰਤਰ-ਅਨੁਸ਼ਾਸ਼ਨ ਅਧਿਐਨ ਦੀ ਲੋੜ ਹੈ। ਵੱਖ-ਵੱਖ ਵਿਸ਼ਿਆਂ ਨੂੰ ਆਪਸ ਵਿੱਚ ਜੋੜ ਕੇ ਅਧਿਐਨ ਕੀਤੇ ਜਾਣਾ ਸਮੇਂ ਦੀ ਲੋੜ ਹੈ। ਉਨ੍ਹਾਂ ਇਸ ਮੌਕੇ ਆਪਣੇ ਨਿੱਜੀ ਅਨੁਭਵ ਸਾਂਝੇ ਕਰਦਿਆਂ ਦੱਸਿਆ ਕਿ ਕਿਸ ਤਰ੍ਹਾਂ ਉਨ੍ਹਾਂ ਦੇ ਪਰਿਵਾਰ ਦੇ ਧਾਰਮਿਕ ਮਾਹੌਲ ਨੇ ਉਨ੍ਹਾਂ ਨੂੰ ਗੁਰਬਾਣੀ ਜ਼ਰੀਏ ਪੰਜਾਬੀ ਨਾਲ ਜੋੜਿਆ ਅਤੇ ਹਰ ਸੰਕਟ ਜਾਂ ਵੱਡੇ ਫ਼ੈਸਲੇ ਸਮੇਂ ਗੁਰੂ ਤੋਂ ਹੁਕਮਨਾਮਾ ਲੈਣ ਲਈ ਪ੍ਰੇਰਿਆ।ਕਾਨਫ਼ਰੰਸ ਦਾ ਉਦਘਾਟਨੀ ਭਾਸ਼ਣ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਸਾਬਕਾ ਪ੍ਰੋਫੈਸਰ ਅਤੇ ਡੀਨ ਭਾਸ਼ਾਵਾਂ ਡਾ.ਧਰਮ ਸਿੰਘ ਵੱਲੋਂ ਦਿੱਤਾ ਗਿਆ। ਉਨ੍ਹਾਂ ਆਪਣੇ ਉਦਘਾਟਨੀ ਭਾਸ਼ਣ ਵਿਚ ਭਾਈ ਗੁਰਦਾਸ ਜੀ ਤੋਂ ਲੈ ਕੇ ਅੱਜ ਦੇ ਸਿੱਖ ਅਧਿਐਨ ਬਾਰੇ ਵਿਚਾਰ ਪ੍ਰਸਤੁਤ ਕੀਤੇ। ਉਨ੍ਹਾਂ ਕਿਹਾ ਕਿ ਸਾਇੰਸ ਅਤੇ ਸੋਸ਼ਲ ਸਾਇੰਸ ਦੇ ਵੱਖੋ-ਵੱਖ ਵਿਸ਼ਿਆਂ ਨੂੰ ਗੁਰਬਾਣੀ ਦੇ ਸੰਦਰਭ ਵਿਚ ਹੋਰ ਵੀ ਗੰਭੀਰਤਾ ਨਾਲ ਸਮਝਿਆ ਜਾ ਸਕਦਾ ਹੈ। ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਤੋਂ ਧਰਮ ਅਧਿਐਨ ਵਿਭਾਗ ਦੇ ਮੁਖੀ ਪ੍ਰੋ.ਗੁਰਪਾਲ ਸਿੰਘ ਨੇ ਆਪਣੇ ਮੁੱਖ-ਸੁਰ ਭਾਸ਼ਣ ਦੌਰਾਨ ਕਿਹਾ ਕਿ ਕਿ ਸਿੱਖ ਅਧਿਐਨ ਨੂੰ ਇਤਿਹਾਸ ਅਤੇ ਸਮਾਜਕ ਵਿਧੀਆਂ ਤੱਕ ਰੱਖਣਾ ਸਹੀ ਨਹੀਂ ਹੈ, ਸਗੋਂ ਸਿੱਖ ਅਧਿਐਨ ਲਈ ਪਵਿੱਤਰਤਾ ਦੇ ਨੁਕਤੇ ਨੂੰ ਹਮੇਸ਼ਾ ਧਿਆਨ ਵਿੱਚ ਰੱਖਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਕਿ ਗੁਰਬਾਣੀ ਭਾਸ਼ਾ ਦਰਅਸਲ ਸੰਕਲਪਾਂ ਦੀ ਭਾਸ਼ਾ ਹੈ ਅਤੇ ਸਿੱਖ ਅਧਿਐਨ ਸੰਕਲਪਾਂ ਦੀ ਭਾਸ਼ਾ ਦਾ ਮਾਧਿਅਮ ਹੈ।ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਤੋਂ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ ਡਾ.ਸਰਬਜਿੰਦਰ ਸਿੰਘ ਨੇ ਆਪਣੇ ਭਾਸ਼ਣ ਦੌਰਾਨ ਅਜੋਕੇ ਸਮੇਂ ਵਿਚ ਨੌਜਵਾਨਾਂ ਦੇ ਸਿੱਖ ਅਧਿਐਨ ਵੱਲ ਘਟਦੇ ਰੁਝਾਨ ਬਾਰੇ ਚਿੰਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਸਿੱਖ ਅਧਿਐਨ ਦਾ ਉਦੇਸ਼ ਅਤੇ ਇਸ ਦੇ ਖੇਤਰ ਦਾ ਨਿਰਧਾਰਨ ਕਰਨ ਲਈ ਸਿੱਖਮਤਿ ਅਤੇ ਸਿੱਖਾਂ ਨਾਲ ਸੰਬੰਧਤ ਮਾਮਲਿਆਂ ਦਾ ਅਧਿਐਨ ਕਰਨ ਵਾਲੇ ਵਿਸ਼ਿਆਂ ਬਾਰੇ ਸਪਸ਼ਟ ਸਮਝ ਅਤੇ ਪਹੁੰਚ ਅਪਣਾਉਣ ਦੀ ਲੋੜ ਹੈ।ਉਦਘਾਟਨੀ ਸੈਸ਼ਨ ਉਪਰੰਤ ਅਕਾਦਮਿਕ ਸੈਸ਼ਨ ਵਿਚ ਡਾ.ਮੁਹੰਮਦ ਹਬੀਬ,ਡਾ. ਪਵਨ ਕੁਮਾਰ, ਜਗਸੀਰ ਸਿੰਘ, ਵਿਕਰਮਜੀਤ ਸਿੰਘ, ਡਾ.ਸਰਵਨ ਸਿੰਘ ਆਦਿ ਵਿਦਵਾਨਾਂ ਵਲੋਂ ਖੋਜ ਪਰਚੇ ਪੇਸ਼ ਕੀਤੇ ਗਏ। ਇਸ ਸੈਸ਼ਨ ਦੀ ਪ੍ਰਧਾਨਗੀ ਡਾ.ਦਲਵਿੰਦਰ ਸਿੰਘ ਗਰੇਵਾਲ, ਸਾਬਕਾ ਡੀਨ ਅਤੇ ਪ੍ਰੋਫੈਸਰ, ਦੇਸ਼ ਭਗਤ ਯੂਨੀਵਰਸਿਟੀ, ਗੋਬਿੰਦਗੜ੍ਹ,ਡਾ.ਪਰਮਵੀਰ ਸਿੰਘ, ਪ੍ਰੋਫੈਸਰ,ਸਿੱਖ ਵਿਸ਼ਵਕੋਸ਼ ਵਿਭਾਗ ਵਲੋਂ ਸਵਾਗਤ, ਡਾ.ਜਸਵਿੰਦਰ ਸਿੰਘ,ਅਸਿਸਟੈਂਟ ਪ੍ਰੋਫੈਸਰ, ਗੁਰੂ ਗੋਬਿੰਦ ਸਿੰਘ ਧਰਮ ਅਧਿਐਨ ਵਿਭਾਗ ਨੇ ਕਨਵੀਨਰ ਦੀ ਜ਼ਿੰਮੇਵਾਰੀ ਸੰਭਾਲੀ ਅਤੇ ਡਾ. ਰਜਵਿੰਦਰ ਸਿੰਘ, ਅਸਿਸਟੈਂਟ ਪ੍ਰੋਫੈਸਰ, ਡਿਸਟੈਂਸ ਐਜੂਕੇਸ਼ਨ ਵਿਭਾਗ ਨੇ ਸਟੇਜ ਸੰਚਾਲਨ ਕੀਤਾ।

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ
INTERNATIONAL PAPER, 9463601616
hardipchumber57@gmail.com

# ਮਾਂ

- ਤਮੰਨਾ
ਬਾਬਾ ਫ਼ਰੀਦ ਕਾਲਜ ਆਫ਼ ਐਜੂਕੇਸ਼ਨ ਦਿਉਣ (ਬਠਿੰਡਾ)



ਮਾਂ ਜੱਗ ਤੋਂ ਸੋਹਣੀ ਏ....
ਮਾਂ ਰੱਬ ਤੋਂ ਸੋਹਣੀ ਏ..!!
ਮਾਂ ਜਿਹਾ ਕੋਈ ਹੋਰ ਨੀ ...
ਮਾਂ ਸੱਭ ਤੋਂ ਸੋਹਣੀ ਏ।
ਮਾਂ ਕੋਮਲ ਫੁੱਲਾਂ ਤੋਂ....
ਮਾਂ ਨਾਜ਼ੁਕ ਕਲੀਆ ਤੋਂ..!!
ਮਾਂ ਸੁੱਚੀ ਸੱਚ ਨਾਲੋ.... ਮਿੱਠੀ ਮਿਸ਼ਰੀ ਰਲੀਆ ਤੋਂ ।
ਸੱਚ ਆਖੇ ਤਾਂ ਮਾਂ ਸੱਭ ਤੋਂ ਸੋਹਣੀ ਏ।।
ਮਾਂ ਜੱਗ ਤੋਂ ਸੋਹਣੀ ਏ...।। ਮਾਂ ਰੱਬ ਤੋਂ ਸੋਹਣੀ ਏ।
ਮਾਂ ਸਚਿਓ ਬਹੁਤ ਸੋਹਣੀ ਏ..!! ਇਹ ਗੱਲ ਆਪਾ ਕਦੇ ਆਪਣੀ ਮਾਂ ਨੂੰ ਲਫ਼ਜ਼ਾਂ ਵਿੱਚ ਨਹੀਂ ਦਸ ਸਕੇ ਤੇ ਨਾ ਹੀ ਦੱਸ ਸਕਦੇ ਹਾਂ।। ਮਾਂ ਲੜਦੀ ਵੀ ਹੈ ਪਰ ਪਿਆਰ ਵੀ ਤਾਂ ਕਰਦੀ ਹੈ।। ਹਰ ਨਿੱਕੀ ਮੋਟੀ ਗੱਲ ਤੇ ਫ਼ਿਕਰ ਵੀ ਕਰਦੀ ਹੈ।।ਇਹ ਗੱਲਾਂ ਜਾਦਾਤਰ ਮਾਂ ਤੋਂ ਦੂਰ ਰਹਿ ਕੇ ਹੀ ਪਤਾ ਲਗਦੀਆਂ ਨੇ।। ਕਿਉਂਕਿ ਘਰ ਵਿੱਚ ਸੱਭ ਕੁੱਛ ਆਪਣੇ ਕੋਲ ਹੁੰਦਾ ਹੈ .. ਤੇ ਜਦੋਂ ਹਰ ਚੀਜ਼ ਕੋਲ ਹੁੰਦੀ ਹੈ ਤਾਂ ਆਮ ਜਿਹੀ ਗੱਲ ਆ ਕੋਈ ਐਨੀ ਕਦਰ ਨਹੀਂ ਕਰਦਾ ।ਮਾਂ ਨੇ ਆਪਾ ਨੂੰ ਐਥੇ ਤਕ ਪਹੁੰਚਾਉਣ ਲਈ ਆਪਣੀ ਜ਼ਿੰਦਗੀ ਵਿੱਚ ਬਹੁਤ ਕੁਝ ਦੇਖਿਆ ਹੈ... ਬਹੁਤ ਕੁਝ ਸੋਹਾ ਹੁੰਦਾ ।।
ਦੇਖ ਮਾਂ ਮੈ ਤੇਰੇ ਵਾਂਗੂੰ ਜੀਣਾ ਸਿੱਖ ਰਿਹਾ ਹਾਂ....
ਖਾਰੇ ਹੰਜੂ ਪੀਣਾ ਸਿੱਖ ਰਿਹਾ ਹਾ ...!!
ਪਰ ਮਾਂ ਦੁਨੀਆਂ ਤੇਰੇ ਵਰਗੀ ਨਹੀਂ...
ਤੇਰੇ ਵਾਂਗੂੰ ਮੇਰਾ ਕਰਦੀ ਨਹੀਂ...!!
ਮੈਨੂੰ ਵੱਧਦਾ ਦੇਖ ਕੇ ਜਰਦੀ ਨਹੀਂ....
ਤਾਂ ਵੀ ਤੇਰੀਆਂ ਪੈੜਾਂ ਚੱਲ ਰਿਹਾ ਹਾਂ..!!
ਤੇਰੇ ਨਾਲ ਹਰ ਪਲ ਕੱਟ ਰਿਹਾ ਹਾਂ...
ਤੇਰੇ ਵਾਂਗੂੰ ਮੈਂ ਵੀ ਹੁਣ ਥੱਕਦਾ ਨਹੀਂ।।
ਕਿਸੇ ਦਾ ਮਾੜਾ ਤੱਕਦਾ ਨਹੀਂ..
ਤੇਰੇ ਵਾਂਗੂੰ ਸਭ ਦਾ ਸੋਚਦਾ..
ਤੇ ਆਪਣੀਆਂ ਰੀਜਾਂ ਬੋਚਦਾ ਹਾਂ।।
ਕੋਈ ਖੇਡੇ ਜਜ਼ਬਾਤਾਂ ਨਾਲ ਸਹਿ ਲੈਂਦਾ ਹਾਂ।।
ਹੁਣ ਕੱਲਾ ਜਿਹਾ ਵੀ ਰਹਿ ਲੈਨਾ ਹਾਂ।
ਸਭ ਦੀ ਜੁਦਾਈ ਦੇ ਟਕਾਂ ਨੂੰ ਵੀ ਸੀਣਾ ਸਿੱਖ ਰਿਹਾ ਹਾਂ...
ਦੇਖ ਮਾਂ ਮੈਂ ਜੀਣਾ ਸਿੱਖ ਰਿਹਾ।

ਪੇਸ਼ਕਸ਼ - ਅੰਗਰੇਜ ਸਿੰਘ ਵਿੱਕੀ, ਕੋਟਗੁਰੂ
ਮੋਬਾਇਲ 98888-70822,

# ਸਬ ਡਵੀਜ਼ਨ ਦਿੜ੍ਹਬਾ ਵਿੱਚ 'ਬਿਨਾਂ ਵਿਰੋਧ ਵਾਲੇ ਇੰਤਕਾਲਾਂ ਦੀ ਤਸਦੀਕ' ਦੇ ਬਕਾਇਆ ਮਾਮਲਿਆਂ ਦਾ ਸੌ ਫੀਸਦੀ ਨਿਪਟਾਰਾ: ਐਸ.ਡੀ.ਐਮ ਰਾਜੇਸ਼ ਸ਼ਰਮਾ

### ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਕੀਤੀ ਫੌਰੀ ਕਾਰਵਾਈ

### ਮਾਲ ਵਿਭਾਗ ਨਾਲ ਸਬੰਧਤ ਕੰਮਾਂ ਵਿੱਚ ਪਾਰਦਰਸ਼ਤਾ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ: ਰਾਜੇਸ਼ ਸ਼ਰਮਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ
INTERNATIONAL PAPER, 9463601616
hardipchumber57@gmail.com

ਦਲਜੀਤ ਕੌਰ

ਦਿੜ੍ਹਬਾ/ਸੰਗਰੂਰ, 17 ਅਪ੍ਰੈਲ, 2025: ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਜਾਣਕਾਰੀ ਦਿੰਦਿਆਂ ਐਸ.ਡੀ. ਐਮ ਦਿੜ੍ਹਬਾ ਰਾਜੇਸ਼ ਸ਼ਰਮਾ ਨੇ ਦੱਸਿਆ ਕਿ ਸਬ ਡਵੀਜ਼ਨ ਦਿੜ੍ਹਬਾ ਵਿੱਚ 'ਬਿਨਾਂ ਵਿਰੋਧ ਵਾਲੇ ਇੰਤਕਾਲਾਂ ਦੀ ਤਸਦੀਕ' ਸਬੰਧੀ ਬਕਾਇਆ ਪਏ ਸਾਰੇ ਮਾਮਲਿਆਂ ਦਾ ਨਿਪਟਾਰਾ ਕਰ ਦਿੱਤਾ ਗਿਆ ਹੈ। ਉਨ੍ਹਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਮਾਲ ਵਿਭਾਗ ਦੇ ਨਾਲ ਸੰਬੰਧਿਤ ਕੰਮਾਂ ਨੂੰ ਪਾਰਦਰਸ਼ਤਾ ਨਾਲ ਪੂਰਾ ਕੀਤਾ ਜਾ ਰਿਹਾ ਹੈ।

ਐਸ.ਡੀ.ਐਮ ਰਾਜੇਸ਼ ਸ਼ਰਮਾ ਨੇ ਦੱਸਿਆ ਕਿ ਬੀਤੇ ਦਿਨੀ ਪੰਜਾਬ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਸੂਬੇ ਵਿੱਚ 'ਬਿਨਾਂ ਵਿਰੋਧ ਵਾਲੇ ਇੰਤਕਾਲਾਂ ਦੀ ਤਸਦੀਕ' ਸਬੰਧੀ ਬਕਾਇਆ ਕੇਸਾਂ ਦਾ 30 ਅਪ੍ਰੈਲ ਤੱਕ ਨਿਪਟਾਰਾ ਕਰਨ ਦੇ ਆਦੇਸ਼ ਦਿੱਤੇ ਗਏ ਸਨ ਜਿਸ ਦੀ ਪਾਲਣਾ ਨੂੰ ਦਿੜ੍ਹਬਾ ਡਵੀਜ਼ਨ ਵਿੱਚ ਪਹਿਲ ਦੇ ਅਧਾਰ ਉਤੇ ਯਕੀਨੀ ਬਣਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਮਾਲ ਵਿਭਾਗ ਨਾਲ ਸੰਬੰਧਿਤ ਪ੍ਰਸ਼ਾਸਨਿਕ ਸੇਵਾਵਾਂ ਨੂੰ ਨਿਰਧਾਰਿਤ ਸਮੇਂ ਅੰਦਰ ਲੋਕਾਂ ਨੂੰ ਉਪਲਬਧ ਕਰਵਾਉਣ ਲਈ ਅਸੀਂ ਵਚਨਬੱਧ ਹਾਂ ਅਤੇ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਵੀ ਹਦਾਇਤ ਕੀਤੀ ਗਈ ਹੈ ਕਿ ਉਹ ਨਾਗਰਿਕਾਂ ਦੀ ਸੁਵਿਧਾ ਨੂੰ ਯਕੀਨੀ ਬਣਾਉਣ ਲਈ ਤਨਦੇਹੀ ਨਾਲ ਕਾਰਜ ਕਰਨ।

ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 1 ਮਈ ਤੋਂ 'ਬਿਨਾਂ ਵਿਰੋਧ ਵਾਲੇ ਇੰਤਕਾਲਾਂ ਦੀ ਤਸਦੀਕ' ਲਈ ਨਿਰਧਾਰਿਤ ਸਮਾਂ 45 ਦਿਨਾਂ ਤੋਂ ਘਟਾ ਕੇ 30 ਦਿਨ ਕਰਨ ਦਾ ਐਲਾਨ ਕੀਤਾ ਗਿਆ ਹੈ ਤਾਂ ਜੋ ਪ੍ਰਾਪਤ ਹੋਣ ਵਾਲੀਆਂ ਅਰਜ਼ੀਆਂ ਦਾ ਸਮੇਂ ਸਿਰ ਨਿਪਟਾਰਾ ਯਕੀਨੀ ਬਣਾਇਆ ਜਾ ਸਕੇ ਅਤੇ ਲੋਕਾਂ ਨੂੰ ਮਾਲ ਵਿਭਾਗ ਨਾਲ ਸੰਬੰਧਿਤ ਸੇਵਾਵਾਂ ਲੈਣ ਲਈ ਕਿਸੇ ਕਿਸਮ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

# ਨਸ਼ਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ
INTERNATIONAL PAPER, 9463601616
hardipchumber57@gmail.com

ਨਸ਼ਾ ਸ਼ਬਦ ਜੋ ਕਿ ਤੁਸੀਂ ਆਮ ਹੀ ਸੁਣਿਆ ਹੋਵੇਗਾ। ਪਰ ਕੀ ਤੁਸੀਂ ਜਾਣਦੇ ਹੋ ਕਿ ਨਸ਼ਾ ਇਕ ਤਰ੍ਹਾਂ ਦਾ ਨਹੀਂ ਹੁੰਦਾ। ਸਗੋਂ ਇਹ ਕਈ ਤਰ੍ਹਾਂ ਦਾ ਹੁੰਦਾ ਹੈ। ਕਾਮਯਾਬੀ ਦਾ ਨਸ਼ਾ, ਤਰੱਕੀ ਦਾ ਨਸ਼ਾ, ਆਪਣੇ ਸੁਪਨੇ ਪੂਰੇ ਕਰਨ ਦਾ ਨਸ਼ਾ, ਸ਼ਰਾਬ ਦਾ ਨਸ਼ਾ ਆਦਿ। ਕਾਮਯਾਬੀ ਦਾ ਨਸ਼ਾ ਇਨਸਾਨ ਨੂੰ ਜ਼ਿੰਦਗੀ ਵਿਚ ਸਫ਼ਲ ਬਣਾ ਦਿੰਦਾ ਹੈ। ਉੱਥੇ ਹੀ ਸ਼ਰਾਬ ਮਾਏ ਨਸ਼ਾ ਇਨਸਾਨ ਦੀ ਜ਼ਿੰਦਗੀ ਬਰਬਾਦ ਕਰ ਦਿੰਦਾ ਹੈ।ਪਰ ਅੱਜ ਕੱਲ੍ਹ ਦੀ ਪੀੜ੍ਹੀ ਜੋ ਨਸ਼ਾ ਕਰ ਰਹੀ ਹੈ ਉਹ ਨਸ਼ਾ ਸ਼ਰਾਬ ਦਾ ਹੈ ਜੋ ਸਿਰਫ ਉਨ੍ਹਾਂ ਨੂੰ ਬਰਬਾਦੀ ਵੱਲ ਲੈ ਕੇ ਜਾ ਸਕਦਾ ਹੈ।ਸਾਰੇ ਹੀ ਜਾਣਦੇ ਹਨ ਕਿ ਨਸ਼ਾ ਇਕ ਮਾੜੀ ਚੀਜ਼ ਹੈ ਪਰ ਲੋਕ ਫਿਰ ਵੀ ਕਿਉਂ ਨਸ਼ਾ ਕਰਦੇ ਹਨ? ਹੈਰਾਨੀ ਤਾਂ ਉਸ ਸਮੇਂ ਸਭ ਤੋਂ ਵੱਧ ਹੁੰਦੀ ਹੈ ਜਦੋਂ ਇਹ ਪਤਾ ਲੱਗਦਾ ਹੈ ਕਿ ਨਸ਼ਾ ਸਭ ਤੋਂ ਵੱਧ ਉਹ ਲੋਕ ਹਨ ਜੋ ਕਿ ਪੜ੍ਹੇ ਲਿਖੇ ਤੇ ਚੰਗੇ ਘਰਾਂ ਤੋਂ ਸੰਬੰਧ ਰੱਖਦੇ ਹਨ। ਅਜਿਹਾ ਕਿਉਂ ਕੀ ਉਹ ਮਾਨਸਿਕ ਰੂਪ ਤੋਂ ਬਿਮਾਰ ਹਨ? ਕਿ ਕਾਰਨ ਹੈ ਜੋ ਲੋਕਾਂ ਨਸ਼ਿਆਂ ਵੱਲ ਜਾ ਰਹੇ ਹਨ ਦੱਸੋ? ਮੈਂ ਨਹੀਂ ਜਾਣਦੀ ਕਿ ਅਜਿਹਾ ਕਿਉਂ ਹੈ?

ਪਰ ਮੈਨੂੰ ਜ਼ਰੂਰ ਜਾਣਦੀ ਹਾਂ ਕਿ ਜੇ ਇਸ ਨਸ਼ੇ ਦੇ ਕਹਿਰ ਨੂੰ ਨਾ ਰੋਕਿਆ ਗਿਆ ਤਾਂ ਇਹ ਨਸ਼ਾ ਪੰਜਾਬ ਦੇ ਪਤਨ ਦਾ ਪਹਿਲਾ ਕਾਰਨ ਬਣੇਗਾ।ਜੇ ਤੁਸੀਂ ਚਾਹੁੰਦੇ ਹੋ ਕਿ ਤੁਹਾਡੇ ਬੱਚੇ ਇੱਕ ਖੁਸ਼ਹਾਲ ਜ਼ਿੰਦਗੀ ਜਿਉਣ ਤਾਂ ਉਹਨਾਂ ਨੂੰ ਨਸ਼ਿਆਂ ਤੋਂ ਦੂਰ ਰੱਖੋ। ਕਦੇ ਇਹ ਨਾ ਸੋਚੋ ਕਿ ਨਸ਼ਾ ਤਾਂ ਗੁਆਂਢੀ ਦਾ ਮੁੰਡਾ ਕਰਦਾ ਹੈ ਸਾਨੂੰ ਉਸ ਤੋਂ ਕਿ ਮਤਲਬ ਪਰ ਇੱਕ ਗੱਲ ਹਮੇਸ਼ਾ ਯਾਦ ਰੱਖੋ ਕਿ ਜੇ ਨਸ਼ਾ ਗੁਆਂਢੀ ਦਾ ਮੁੰਡਾ ਕਰ ਸਕਦਾ ਹੈ ਤਾਂ ਤੁਹਾਡਾ ਕਿਉਂ ਨਹੀਂ ਕਰ ਸਕਦਾ। ਨਸ਼ਾ ਕਰਨ ਵਾਲਿਆਂ ਨੂੰ ਠੱਲ੍ਹ ਪਾਉ ਤੇ ਨਸ਼ਾ ਛਡਾਓ ਕੇਂਦਰ ਵਿਚ ਭੇਜਿਆ ਜਾਵੇ। ਇੱਕ ਗੱਲ ਅਸੀਂ ਮਿੱਥ ਕੇ ਚੱਲਣੀ ਹੈ।(ਨਾ ਨਸ਼ਾ ਕਰਾਂਗੇ ਨਾ ਹੀ ਕਰਨ ਦਿਆਂਗੇ)

ਮੰਜੂ ਰਾਇਕਾ ਭਿੰਡਰਾਂ
ਰਣਬੀਰ ਕਾਲਜ
ਸੰਗਰੂਰ
(7626053712)

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com

# ਕੀੜੀ-ਸ਼ੇਰ ਦੇ ਜੈਵਿਕ ਵਿਵਹਾਰ ਤੇ ਆਧਾਰਿਤ ਬੇਮਿਸਾਲ ਪ੍ਰੇਰਣਾ: ਮਨੁੱਖਤਾ ਲਈ ਇੱਕ ਸੰਦੇਸ਼



ਡਾ. ਅਮਰ ਪ੍ਰਤਾਪ ਸਿੰਘ ਫਰਵਾਹਾ, ਪ੍ਰੋਫੈਸਰ, ਈਸੀਈ ਵਿਭਾਗ, ਸੰਤ ਲੌਂਗੋਵਾਲ ਇੰਜੀਨੀਅਰਿੰਗ ਅਤੇ ਤਕਨੀਕੀ ਸੰਸਥਾਨ, ਲੌਂਗੋਵਾਲ-148106, ਜਿਲਾ ਸੰਗਰੂਰ, ਪੰਜਾਬ।

ਪ੍ਰਕ੍ਰਿਤਿ ਆਪਣੇ ਆਪ ਵਿਚ ਇੱਕ ਮਹਾਨ ਅਧਿਆਪਕ ਹੈ। ਮਨੁੱਖ ਨੇ ਹਰ ਯੁੱਗ ਵਿੱਚ ਕੁਝ ਨ ਕੁਝ ਪ੍ਰੇਰਣਾ, ਪ੍ਰਕ੍ਰਿਤਿਕ ਜੀਵਨ ਤੋਂ ਲੈਕੇ, ਆਪਣੀ ਵਿਗਿਆਨਿਕ ਤੇ ਤਕਨੀਕੀ ਯਾਤਰਾ ਨੂੰ ਅੱਗੇ ਵਧਾਇਆ ਹੈ। ਇਨ੍ਹਾਂ ਵਿੱਚੋਂ ਇੱਕ ਵਿਲੱਖਣ ਜੀਵ ਹੈ, ਕੀੜੀ-ਸ਼ੇਰ, ਜਿਸਦੇ ਜੈਵਿਕ ਵਿਵਹਾਰ ਨੂੰ ਦੇਖਦਿਆਂ ਗਣਿਤ ਅਤੇ ਕਮਪਿਊਟਰ ਵਿਗਿਆਨੀਆਂ ਨੇ ਇੱਕ ਅਨੋਖਾ ਅਪਟੀਮਾਈਜੇਸ਼ਨ ਐਲਗੋਰਿਦਮ ਵਿਕਸਤ ਕੀਤਾ ਹੈ, ਜਿਸਨੂੰ “ਐਂਟ-ਲਾਇਨ ਆਪਟੀਮਾਈਜੇਸ਼ਨ ਐਲਗੋਰਿਦਮ” ਆਖਿਆ ਜਾਂਦਾ ਹੈ। ਕੀੜੀ-ਸ਼ੇਰ ਨੂੰ ਅੰਗਰੇਜ਼ੀ ਵਿੱਚ ਐਂਟ-ਲਾਇਨ ਕਿਹਾ ਜਾਂਦਾ ਹੈ।

### ਐਂਟ-ਲਾਇਨ ਦਾ ਵਿਵਹਾਰ:

ਐਂਟ-ਲਾਇਨ ਇੱਕ ਛੋਟਾ ਪਰ ਬਹੁਤ ਹੀ ਚਤੁਰ ਕੀਟ ਹੁੰਦਾ ਹੈ, ਜੋ ਆਪਣੇ ਸ਼ਿਕਾਰ ਨੂੰ ਫੜਨ ਲਈ ਰੇਤ ਵਿੱਚ ਇੱਕ ਗਹਿਰੀ, ਨੁਕੀਲੀ ਅਤੇ ਆਵਰਤੀ ਖੱਡ ਬਣਾਉਂਦਾ ਹੈ। ਜਦੋਂ ਕੋਈ ਛੋਟਾ ਜੀਵ, ਖਾਸ ਕਰਕੇ ਕੀੜੀ, ਇਸ ਖੱਡ ਵਿੱਚ ਡਿੱਗਦੀ ਹੈ, ਤਾਂ ਉਹ ਰੇਤ ਦੇ ਢੀਲੇ ਕਣਾਂ ਕਾਰਨ ਉਪਰ ਨਹੀਂ ਚੜ੍ਹ ਸਕਦੀ। ਐਂਟ-ਲਾਇਨ ਇਸ ਸਮੇਂ ਉਤੇ ਤੇਜ਼ੀ ਨਾਲ ਰੇਤ ਸੁੱਟਦਾ ਹੈ, ਜਿਸ ਨਾਲ ਕੀੜੀ ਹੋਰ ਥੱਲੇ ਵੱਲ ਸੁੱਟੀ ਜਾਂਦੀ ਹੈ ਤੇ ਅੰਤ ਵਿੱਚ ਥਕਨ ਕਾਰਨ ਸ਼ਿਕਾਰ ਬਣ ਜਾਂਦੀ ਹੈ। ਇਹ ਪ੍ਰਕਿਰਿਆ ਕਾਇਮ ਰਹਿਣ ਵਾਲੀ ਉਮੀਦ, ਧੀਰਜ ਅਤੇ ਚਤੁਰਾਈ ਦਾ ਪ੍ਰਤੀਕ ਹੈ। ਇਸ ਪ੍ਰਕਿਰਿਆ ਵਿੱਚ ਹੇਠ ਲਿਖਿਆਂ ਤਿੰਨ ਪ੍ਰਮੁੱਖ ਗਤੀਵਿਧੀਆਂ ਹੁੰਦੀਆਂ ਹਨ:

### (a) ਕੀੜੀ (ਕੀਟ) ਦੀ ਚਲਚਲਣ ਪ੍ਰਕਿਰਿਆ:

ਕੀੜੀ ਜਦੋਂ ਕਿਸੇ ਖਾਣੇ ਦੀ ਭਾਲ ਕਰਦੀ ਹੈ, ਤਾਂ ਉਹ ਕਿਸੇ ਨਿਰਧਾਰਿਤ ਰਸਤੇ ਉਤੇ ਨਹੀਂ ਚੱਲਦੀ। ਕਈ ਵਾਰੀ ਉਹ ਖੱਬੇ ਜਾਂਦੀ ਹੈ, ਕਈ ਵਾਰੀ ਸੱਜੇ ਜਾਂਦੀ ਹੈ, ਜਾਂ ਕਦੇ ਪਿੱਛੇ ਮੁੜ ਜਾਂਦੀ ਹੈ। ਇਹ ਅਣਯੋਜਿਤ ਚਲਣ ਨੂੰ “ਰੈਂਡਮ ਵਾਕ” ਕਿਹਾ ਜਾਂਦਾ ਹੈ।

### (b) ਐਂਟ-ਲਾਇਨ ਵਲੋਂ ਖੱਡ ਦਾ ਬਣਾਉਣਾ:

ਐਂਟ-ਲਾਇਨ ਆਪਣੇ ਸ਼ਿਕਾਰ (ਕੀੜੀ ਜਾਂ ਹੋਰ ਛੋਟੇ ਕੀੜੇ) ਨੂੰ ਫੜਨ ਲਈ ਰੇਤ ਵਿੱਚ ਇੱਕ ਖੱਡ (ਪਿਟ) ਬਣਾਉਂਦਾ ਹੈ। ਇਹ ਖੱਡ, ਸ਼ੰਕੂ ਆਕਾਰ ਦੀ ਹੁੰਦੀ ਹੈ, ਜਿਸਦਾ ਮੂੰਹ ਚੌੜਾ ਅਤੇ ਹੇਠਲਾ ਹਿੱਸਾ ਨੁਕਤਾ ਵਾਲਾ ਹੁੰਦਾ ਹੈ। ਜਦੋਂ ਕੋਈ ਕੀੜੀ ਇਸ ਵਿੱਚ ਡਿੱਗਦੀ ਹੈ, ਤਾਂ ਉਹ ਥੱਲੇ ਵੱਲ ਸੁੱਟੀ ਜਾਂਦੀ ਹੈ ਅਤੇ ਉਹ ਖੱਡ ਵਿੱਚੋਂ ਨਹੀਂ ਨਿਕਲ ਸਕਦੀ।






### (c) ਚੁਣਿੰਦਾ ਰਣਨੀਤੀਆਂ ਨਾਲ ਐਂਟ-ਲਾਇਨ ਵਲੋਂ ਸ਼ਿਕਾਰ ਕਰਨਾ:

ਐਂਟ-ਲਾਇਨ ਹਰ ਆਉਣ ਵਾਲੀ ਕੀੜੀ ਜਾਂ ਛੋਟੇ ਕੀੜੇ ਨੂੰ ਨਹੀਂ ਫੜਦਾ। ਉਹ ਉਨ੍ਹਾਂ ਦੀ ਚਾਲ, ਭਾਰ ਅਤੇ ਦਿਸ਼ਾ ਨੂੰ ਦੇਖ ਕੇ ਇਹ ਫੈਸਲਾ ਕਰਦਾ ਹੈ ਕਿ ਕਿਹੜਾ ਸ਼ਿਕਾਰ ਉਸਦੇ ਲਈ ਆਸਾਨ ਅਤੇ ਲਾਭਦਾਇਕ ਹੋਵੇਗਾ। ਇਹ ਇੱਕ ਸੋਚ ਸਮਝ ਕੇ ਬਣਾਈ ਗਈ ਰਣਨੀਤੀ ਹੁੰਦੀ ਹੈ।

ਇਹ ਤਿੰਨ ਪ੍ਰਕਿਰਿਆਵਾਂ, ਜਦੋਂ ਮਿਲਕੇ ਕੰਮ ਕਰਦੀਆਂ ਹਨ, ਤਾਂ ਐਂਟ-ਲਾਇਨ ਆਪਟੀਮਾਈਜੇਸ਼ਨ ਤਕਨੀਕ ਨੂੰ ਜਨਮ ਦਿੰਦੀਆਂ ਹਨ ਜੋ ਕਿ ਇੱਕ ਬਹੁਤ ਹੀ ਪ੍ਰਭਾਵਸ਼ਾਲੀ ਤਕਨੀਕ ਬਣ ਜਾਂਦੀ ਹੈ ਅਤੇ ਇਹ ਜਟਿਲ ਸਮੱਸਿਆਵਾਂ ਲਈ ਤੇਜ਼, ਚੁਸਤ ਅਤੇ ਹੋਸ਼ਿਆਰ ਹੱਲ ਪੇਸ਼ ਕਰਦੀ ਹੈ।

### ਐਂਟ ਲਾਇਨ ਆ ਪ ਟੀ ਮਾ ਈ ਜੇ ਸ਼ ਨ ਐਲਗੋਰਿਦਮ:

ਐਂਟ-ਲਾਇਨ ਆਪਟੀਮਾਈਜੇਸ਼ਨ ਐਲਗੋਰਿਦਮ ਨੂੰ 2015 ਵਿੱਚ ਆਸਟਰੇਲੀਆ ਦੇ ਇੱਕ ਪ੍ਰੋਫੈਸਰ ਮਿਰਜ਼ਾਅਲੀ ਨਾਮਕ ਵਿਗਿਆਨੀ ਵਲੋਂ ਤਿਆਰ ਕੀਤਾ ਗਿਆ ਸੀ। ਇਹ ਗਣਿਤਕ ਤਰੀਕਾ ਕੁਝ ਅਜਿਹੀਆਂ ਸਮੱਸਿਆਵਾਂ ਦਾ ਹੱਲ ਲੱਭਣ ਲਈ ਵਰਤਿਆ ਜਾਂਦਾ ਹੈ ਜਿੱਥੇ ਸਹੀ ਹੱਲ ਲੱਭਣਾ ਮੁਸ਼ਕਲ ਹੋਵੇ, ਪਰ ਇਕ ਉੱਤਮ ਸੰਭਾਵਨਾ ਵਾਲਾ ਹੱਲ ਲੱਭਣਾ ਜਰੂਰੀ ਹੋਵੇ। ਇਸ ਐਲਗੋਰੇਦਮ ਦੀ ਵਰਤੋਂ, ਇੰਜੀਨੀਅਰਿੰਗ ਡਿਜ਼ਾਈਨ, ਫੀਚਰ ਚੋਣ, ਨਿਊਰਲ ਨੈੱਟਵਰਕ ਟ੍ਰੇਨਿੰਗ, ਰੂਟ ਪਲੈਨਿੰਗ, ਆਦਿ ਵਿੱਚ ਬਹੁਤ ਪ੍ਰਭਾਵਸ਼ਾਲੀ ਸਾਬਤ ਹੋ ਰਹੀ ਹੈ।

### ਮਨੁੱਖਤਾ ਲਈ ਸੰਦੇਸ਼:

ਐਂਟ-ਲਾਇਨ ਸਾਨੂੰ ਇਹ ਸਿਖਾਉਂਦਾ ਹੈ ਕਿ:

ਸਬਰ ਅਤੇ ਰਣਨੀਤੀ ਨਾਲ, ਬਹੁਤ ਵੱਡੇ ਟੀਚੇ ਹਾਸਿਲ ਕੀਤੇ ਜਾ ਸਕਦੇ ਹਨ।

ਚੁਪ ਚਾਪ ਕੰਮ ਕਰਦੇ ਹੋਏ ਵੀ, ਵੱਡੀ ਸਫਲਤਾ ਹਾਸਲ ਕੀਤੀ ਜਾ ਸਕਦੀ ਹੈ।

ਹਰ ਜੀਵ ਦੀ ਆਪਣੀ ਵਿਅਕਤੀਗਤ ਤਕਨੀਕ ਹੁੰਦੀ ਹੈ, ਜਿਸਦੇ ਆਧਾਰ ਤੇ ਉਹ ਆਪਣੀ ਜ਼ਿੰਦਗੀ ਚੱਲਾਉਂਦਾ ਹੈ।

ਮਨੁੱਖ ਜੇਕਰ ਐਂਟ-ਲਾਇਨ ਵਰਗੇ ਧੀਰਜ ਅਤੇ ਚਤੁਰਾਈ ਵਾਲੇ ਗੁਣ ਆਪਣੇ ਜੀਵਨ ਵਿੱਚ ਲਿਆਉਣ, ਤਾਂ ਉਹ ਆਪਣੇ ਜੀਵਨ ਦੀਆਂ ਕਈ “ਅਪਟੀਮਾਈਜੇਸ਼ਨ ਸਮੱਸਿਆਵਾਂ” ਦਾ ਹੱਲ ਲੱਭ ਸਕਦਾ ਹੈ।

### ਨਿਸ਼ਕਰਸ਼:

ਅਸੀਂ ਜੇਕਰ ਪ੍ਰਕ੍ਰਿਤਿ ਦਾ ਧਿਆਨ ਨਾਲ ਅੱਧੇ ਅਧਿਅਨ ਕਰੀਏ, ਤਾਂ ਸਾਨੂੰ ਹਰ ਜੀਵ ਵਿੱਚ ਇੱਕ ਨਵੀਂ ਪ੍ਰੇਰਣਾ, ਇੱਕ ਨਵੀਂ ਯੋਜਨਾ, ਅਤੇ ਇੱਕ ਨਵਾਂ ਸੰਦੇਸ਼ ਮਿਲਦਾ ਹੈ। ਐਂਟ-ਲਾਇਨ ਤੋਂ ਪ੍ਰੇਰਿਤ ਇਹ ਤਕਨੀਕ ਸਿਰਫ਼ ਕਮਪਿਊਟਰ ਪ੍ਰੋਗਰਾਮਿੰਗ ਦੀ ਜਿੱਤ ਨਹੀਂ, ਬਲਕਿ ਮਨੁੱਖਤਾ ਵਾਸਤੇ ਵੀ ਇੱਕ ਸਿਖਲਾਈ ਵੀ ਹੈ — “ਚੁਪ ਰਹੋ, ਅਸਰਦਾਰ ਬਣੋ। ਐਂਟ-ਲਾਇਨ ਆਪਟੀਮਾਈਜੇਸ਼ਨ ਐਲਗੋਰਿਦਮ ਦੀ ਵਰਤੋਂ ਇੰਜੀਨੀਅਰਿੰਗ ਅਤੇ ਸਾਇੰਸ ਦੇ ਖੇਤਰ ਵਿੱਚ ਬਹੁਤ ਪ੍ਰਭਾਵਸ਼ਾਲੀ ਸਾਬਤ ਹੋ ਰਹੀ ਹੈ।

# ਪੰਜਾਬੀ ਯੂਨੀਵਰਸਿਟੀ ਵਿਖੇ ਚੱਲ ਰਹੀ ‘ਵਿਸ਼ਵ ਸਿੱਖ ਕਾਨਫ਼ਰੰਸ’ ਦੇ ਦੂਜੇ ਦਿਨ ਵਿਦਵਾਨਾਂ ਨੇ ਪ੍ਰਗਟਾਏ ਅਹਿਮ ਵਿਚਾਰ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com



ਪਟਿਆਲਾ, 17 ਮਾਰਚ (ਅੰਗਰੇਜ ਸਿੰਘ ਵਿੱਕੀ/ਬਲਜੀਤ ਸਿੰਘ ਕੁਲਾਰ)-ਪੰਜਾਬੀ ਯੂਨੀਵਰਸਿਟੀ ਵਿਖੇ ਗੁਰੂ ਗੋਬਿੰਦ ਸਿੰਘ ਧਰਮ ਅਧਿਐਨ ਵਿਭਾਗ ਵਿੱਚ ਸਥਾਪਿਤ ਗੁਰੂ ਗੋਬਿੰਦ ਸਿੰਘ ਚੇਅਰ ਵੱਲੋਂ ਕਰਵਾਈ ਜਾ ਰਹੀ ‘ਵਿਸ਼ਵ ਸਿੱਖ ਕਾਨਫ਼ਰੰਸ’ ਦੇ ਦੂਜੇ ਦਿਨ ਵੱਖ-ਵੱਖ ਵਿਦਵਾਨਾਂ ਅਤੇ ਖੋਜਾਰਥੀਆਂ ਵੱਲੋਂ ਆਪਣੇ ਵਿਚਾਰ ਪ੍ਰਗਟਾਏ ਗਏ।ਦੂਜੇ ਦਿਨ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਵਿਚ ਡਾ.ਗੁਰਮੀਤ ਸਿੰਘ ਸਿੱਧੂ,ਪ੍ਰੋਫ਼ੈਸਰ ਇੰਚਾਰਜ, ਗੁਰੂ ਗੋਬਿੰਦ ਸਿੰਘ ਚੇਅਰ ਨੇ ਕਿਹਾ ਕਿ ਸਿੱਖ ਅਧਿਐਨ ਦੇ ਵਿਚ ਗੁਰਬਾਣੀ ਕਥਾ ਤੇ ਵਿਆਖਿਆ ਇਕ ਵੱਡਾ ਅਤੇ ਪ੍ਰਮੁੱਖ ਪੱਖ ਹੈ। ਜਿਸ ਨਾਲ ਸੰਬੰਧਿਤ ਪੈਦਾ ਹੋ ਰਹੇ ਮਸਲਿਆਂ ਬਾਰੇ ਸੰਗਤੀ ਵਿਚਾਰ ਸਮੇਂ ਦੀ ਲੋੜ ਹੈ।ਗੁਰਬਾਣੀ ਕਥਾ ਵਿਚਾਰ-ਚਰਚਾ ਦੇ ਪਹਿਲੇ ਬੁਲਾਰੇ ਗਿਆਨੀ ਸਾਹਿਬ ਸਿੰਘ ਜੀ ਮਾਰਕੰਡਾ ਸ਼ਾਹਬਾਦ ਨੇ ਕਿਹਾ ਕਿ ਗੁਰਬਾਣੀ ਦਾ ਗਿਆਨ ਅਜਿਹੀ ਪੂੰਜੀ ਹੈ, ਜੋ ਵੱਧਦਾ ਹੀ ਹੈ, ਪਰ ਇਸ ਕਾਰਜ ਦੀ ਮਹੱਤਤਾ ਸਿਰਫ ਉਹ ਹੀ ਸਮਝ ਸਕਦਾ ਹੈ ਜੋ ਗੁਰਬਾਣੀ ਦਾ ਅਦਬ-ਸਤਿਕਾਰ ਨਾਲ ਪਾਠ ਕਰਦਾ ਹੈ।ਗਿਆਨੀ ਸ਼ੇਰ ਸਿੰਘ ਜੀ ਅੰਬਾਲਾ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸ਼ਬਦ ਵਿਆਖਿਆ ਸ਼ਰਧਾਵਾਨ ਦੁਆਰਾ ਹੀ ਕੀਤੀ ਜਾ ਸਕਦੀ ਹੈ,ਕਿਉਂਕਿ ਗੁਰਬਾਣੀ ਵਿਆਖਿਆ ਲਈ ਅਨੁਭਵੀ ਹੋਣਾ ਜ਼ਰੂਰੀ ਹੈ। ਗਿਆਨੀ ਹਰਪਾਲ ਸਿੰਘ ਜੀ ਸ੍ਰੀ ਫਤਿਹਗੜ੍ਹ ਸਾਹਿਬ ਨੇ ਰੀਤੀ-ਰਿਵਾਜਾਂ ਤੋਂ ਮੁਕਤ ਗੁਰਬਾਣੀ ਵਿਆਖਿਆ ਦੀ ਗੱਲ ’ਤੇ ਜ਼ੋਰ ਦਿਤਾ। ਇਸ ਤੋਂ ਇਲਾਵਾ ਦੋ ਸੈਸ਼ਨਾਂ ਵਿਚ ਦੋ ਦਰਜਨ ਦੇ ਕਰੀਬ ਖੋਜ ਪਰਚੇ ਪੜ੍ਹੇ ਗਏ।ਇਹ ਪੇਪਰ ਵਕਤਾ ਡਾ. ਮਨਵਿੰਦਰ ਸਿੰਘ, ਡਾ.ਰਸਵਿੰਦਰ ਸਿੰਘ, ਨਵਦੀਪ ਸਿੰਘ,ਸ਼ਮਸ਼ੇਰ ਸਿੰਘ, ਪ੍ਰੋ.ਸ਼ਰਨਜੀਤ ਸਿੰਘ, ਸੁਖਵਿੰਦਰ ਸਿੰਘ,ਡਾ. ਤੇਜਿੰਦਰਪਾਲ ਸਿੰਘ,ਡਾ. ਜਸਵਿੰਦਰ ਕੌਰ, ਨਵਜੋਤ ਸਿੰਘ, ਡਾ.ਖੁਸ਼ਹਾਲ ਸਿੰਘ, ਡਾ.ਗੁਰਵੀਰ ਸਿੰਘ ਆਦਿ ਡਾ.ਮੋਹਨ ਸਿੰਘ, ਸਾਬਕਾ ਪ੍ਰੋਫੈਸਰ,ਗੌਰਮਿੰਟ ਕਾਲਜ, ਲੁਧਿਆਣਾ ਨੇ ਮੁਖ ਬੁਲਾਰੇ ਅਤੇ ਡਾ.ਸ਼ਮਸ਼ੇਰ ਸਿੰਘ, ਸਾਬਕਾ ਪ੍ਰੋਫੈਸਰ, ਸ੍ਰੀ ਗੁਰੂ ਗ੍ਰੰਥ ਸਾਹਿਬ ਅਧਿਐਨ ਵਿਭਾਗ ਵਲੋਂ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ।

ਇਨ੍ਹਾਂ ਸੈਸ਼ਨਾਂ ਵਿਚ ਪ੍ਰਧਾਨਗੀ ਭਾਸ਼ਣ ਡਾ.ਬਲਦੇਵ ਸਿੰਘ ਚੀਮਾ,ਸਾਬਕਾ ਮੁਖੀ, ਪੰਜਾਬੀ ਵਿਭਾਗ, ਪੰਜਾਬੀ ਯੂਨੀਵਰਸਿਟੀ,ਪਟਿਆਲਾ ਅਤੇ ਡਾ.ਜਸਪਾਲ ਕੌਰ ਧੰਜੂ, ਸਾਬਕਾ ਡੀਨ ਰਿਸਰਚ ਅਤੇ ਮੁਖੀ, ਇਤਿਹਾਸ ਅਧਿਐਨ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਵੱਲੋਂ ਦਿੱਤੇ ਗਏ।ਕਾਨਫਰੰਸ ਦੇ ਪੈਨਲ-ਸੈਸ਼ਨ ਵਿਚ ਧਰਮ ਅਧਿਐਨ ਅਤੇ ਸਿੱਖ ਅਧਿਐਨ ਦੇ ਅਧਿਆਪਨ ਦੀ ਸਥਿਤੀ ਬਾਰੇ ਵਿਚਾਰ ਚਰਚਾ ਹੋਈ। ਇਸ ਵਿਚ ਡਾ.ਗੁਰਮੀਤ ਸਿੰਘ, ਡਾ.ਗੁਰਮੇਲ ਸਿੰਘ, ਡਾ.ਪਰਮਵੀਰ ਸਿੰਘ, ਡਾ.ਤੇਜਿੰਦਰ ਕੌਰ ਧਾਲੀਵਾਲ, ਡਾ.ਜਸਵੰਤ ਸਿੰਘ ਬੁਗਰਾਂ, ਡਾ.ਸੁਖਜਿੰਦਰ ਕੌਰ ਵਲੋਂ ਆਪਣੇ ਵਿਚਾਰ ਅਤੇ ਸਮੱਸਿਆਵਾਂ ਨੂੰ ਪੇਸ਼ ਕੀਤਾ ਗਿਆ। ਇਸ ਸੈਸ਼ਨ ਦੀ ਪ੍ਰਧਾਨਗੀ ਡਾ.ਜਗਜੀਵਨ ਸਿੰਘ, ਸਾਬਕਾ ਪ੍ਰੋਫੈਸਰ, ਮਾਤਾ ਗੁਜਰੀ ਕਾਲਜ, ਫਤਿਹਗੜ੍ਹ ਸਾਹਿਬ ਵਲੋਂ ਕੀਤੀ ਗਈ। ਇਨ੍ਹਾਂ ਸੈਸ਼ਨਾਂ ਦੌਰਾਨ ਡਾ.ਪਰਮਵੀਰ ਸਿੰਘ, ਡਾ.ਜਸਪ੍ਰੀਤ ਕੌਰ,ਡਾ.ਪਰਦੀਪ ਕੌਰ,ਡਾ. ਰੁਪਿੰਦਰ ਕੌਰ ਅਤੇ ਖੋਜਾਰਥੀ ਤੇ ਵਿਦਿਆਰਥੀ ਮੌਜੂਦ ਰਹੇ।

# ਸ਼ਾਮ 7 ਤੋਂ ਸਵੇਰੇ 6 ਵਜੇ ਤੱਕ ਕੰਬਾਇਨਾਂ ਨਾਲ ਕਣਕ ਕੱਟਣ ’ਤੇ ਰੋਕ : ਜ਼ਿਲ੍ਹਾ ਮੈਜਿਸਟ੍ਰੇਟ

## ਹੁਕਮ 10 ਜੂਨ 2025 ਤੱਕ ਰਹਿਣਗੇ ਲਾਗੂ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com

ਬਠਿੰਡਾ, 17 ਅਪ੍ਰੈਲ (ਅੰਗਰੇਜ ਸਿੰਘ ਵਿੱਕੀ/ਬਲਜੀਤ ਸਿੰਘ ਕੇਟਗੁਰੂ)-ਜ਼ਿਲ੍ਹਾ ਮੈਜਿਸਟ੍ਰੇਟ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਭਾਰਤੀ ਨਾਗਰਿਕ ਸੁਰਖਿਆ ਸੰਹਿਤਾ ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਦੀ ਹਦੂਦ ਅੰਦਰ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।ਜਾਰੀ ਹੁਕਮ ਅਨੁਸਾਰ ਜ਼ਿਲ੍ਹਾ ਬਠਿੰਡਾ ਦੀ ਹਦੂਦ ਅੰਦਰ ਸ਼ਾਮ 7:00 ਤੋਂ ਸਵੇਰੇ 6:00 ਵਜੇ ਤੱਕ ਕੰਬਾਇਨਾਂ ਨਾਲ ਕਣਕ ਕੱਟਣ ’ਤੇ ਪਾਬੰਦੀ ਲਗਾਈ ਜਾਂਦੀ ਹੈ। ਹੁਕਮ ਅਨੁਸਾਰ ਜੇਕਰ ਕੋਈ ਕੰਬਾਇਨ ਇਸ ਸਮੇਂ ਦੌਰਾਨ ਕਣਕ ਦੀ ਫ਼ਸਲ ਕੱਟਦੀ ਫੜੀ ਗਈ ਤਾਂ ਉਸ ਨੂੰ ਤਰੁੰਤ ਜ਼ਬਤ ਕੀਤਾ ਜਾਵੇਗਾ।ਹੁਕਮ ਅਨੁਸਾਰ ਜ਼ਿਲ੍ਹੇ ਦੀ ਹਦੂਦ ਅੰਦਰ ਕਣਕ ਦੀ ਨਾੜ/ਪਰਾਲੀ/ਰਹਿੰਦ ਖੂੰਹਦ ਆਦਿ ਨੂੰ ਅੱਗ ਲਗਾਉਣ ਤੇ ਮੁਕੰਮਲ ਤੌਰ ਤੇ ਰੋਕ ਲਗਾਈ ਜਾਂਦੀ ਹੈ। ਹੁਕਮ 10 ਜੂਨ 2025 ਤੱਕ ਲਾਗੂ ਰਹਿਣਗੇ।



# ਵਿੱਦਿਆ ਮਨੁੱਖ ਦਾ ਤੀਜਾ ਨੇਤਰ : ਮਾਸਟਰ ਜਗਸੀਰ ਸਿੰਘ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com



ਬਠਿੰਡਾ 17 ਅਪ੍ਰੈਲ (ਅੰਗਰੇਜ ਸਿੰਘ ਵਿੱਕੀ/ਬਲਜੀਤ ਸਿੰਘ ਕੇਟਗੁਰੂ) ਵਿਧਾਇਕ ਭੁੱਚੋ ਮੰਡੀ ਮਾਸਟਰ ਜਗਸੀਰ ਸਿੰਘ ਨੇ ਜ਼ਿਲ੍ਹੇ ਦੇ ਪਿੰਡ ਬਲਾਹੜ ਵਿੰਝੂ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਕਰਵਾਏ ਗਏ “ਪੰਜਾਬ ਸਿੱਖਿਆ ਕ੍ਰਾਂਤੀ ਨਾਲ ਬਦਲਦਾ ਪੰਜਾਬ” ਸਮਾਗਮ ’ਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਵਿੱਦਿਆ ਮਨੁੱਖ ਦਾ ਤੀਜਾ ਨੇਤਰ ਹੈ।ਇਸ ਦੌਰਾਨ ਮਾਸਟਰ ਜਗਸੀਰ ਸਿੰਘ ਨੇ ਕਿਹਾ ਕਿ ਜਿੱਥੇ ਪੰਜਾਬ ਰਾਜ ਦੇ ਲੋਕਾਂ ਦਾ ਸਰਕਾਰੀ ਸਕੂਲਾਂ ’ਤੇ ਦਿਨ ਪ੍ਰਤੀ ਦਿਨ ਭਰੋਸਾ ਵੱਧ ਰਿਹਾ ਹੈ ਉਥੇ ਹੀ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਦੀ ਪੜ੍ਹਾਉਣ ਸ਼ੈਲੀ ’ਚ ਸੁਧਾਰ ਲਿਆਉਣ ਸੂਬਾ ਸਰਕਾਰ ਨਿਵੇਕਲੀਆਂ ਪਹਿਲਕਦਮੀਆਂ ਕਰ ਰਹੀ ਹੈ।ਇਸ ਮੌਕੇ ਵਿਧਾਇਕ ਜਗਸੀਰ ਸਿੰਘ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਦਾ ਸਿਲਸਿਲਾ ਲਗਾਤਾਰ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸਿੱਖਿਆ ਦੇ ਖੇਤਰ ਵਿੱਚ ਵੱਡੀ ਕ੍ਰਾਂਤੀ ਲਿਆਉਣ ਲਈ ਬਜਟ ਦਾ ਵੱਡਾ ਹਿੱਸਾ ਸਿੱਖਿਆ ਲਈ ਰੱਖਿਆ ਹੈ, ਤਾਂ ਜੋ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਪ੍ਰਦਾਨ ਕਰਕੇ ਉਨ੍ਹਾਂ ਦਾ ਭਵਿੱਖ ਰੌਸ਼ਨਾਇਆ ਜਾ ਸਕੇ।ਇਸ ਦੌਰਾਨ ਉਨ੍ਹਾਂ ਵਲੋਂ ਸਰਕਾਰੀ ਪ੍ਰਾਇਮਰੀ ਸਕੂਲ ਬਲਾਹੜ ਵਿੰਝੂ, ਸਰਕਾਰੀ ਪ੍ਰਾਇਮਰੀ ਸਕੂਲ ਗੋਨਿਆਣਾ ਕਲਾ, ਸਰਕਾਰੀ ਪ੍ਰਾਇਮਰੀ ਸਕੂਲ ਹਰਰਾਏਪੁਰ, ਸਰਕਾਰੀ ਪ੍ਰਾਇਮਰੀ ਸਕੂਲ ਗੋਨਿਆਣਾ ਖੁਰਦ, ਸਰਕਾਰੀ ਹਾਈ ਸਕੂਲ ਗੋਨਿਆਣਾ ਖੁਰਦ ਵਿਖੇ ਵੱਖ-ਵੱਖ ਸਕੂਲ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਵੀ ਕੀਤਾ ਗਿਆ।ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਅਤੇ ਪਿੰਡ ਦੇ ਪਤਵੰਤੇ ਆਦਿ ਹਾਜ਼ਰ ਸਨ।

# ਕਾਂਗਰਸ ਪਾਰਟੀ ਦੀਆਂ ਸਰਕਾਰਾਂ ਨੇ ਚਾਰ ਦਹਾਕਿਆਂ ਤੱਕ ਬਾਬਾ ਸਾਹਿਬ ਨੂੰ ਭਾਰਤ ਰਤਨ ਪੁਰਸਕਾਰ ਤੋਂ ਵਾਂਝਾ ਰੱਖਿਆ: ਸੰਜੇ ਨਿਰਮਲ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com



ਫਗਵਾੜਾ 16 ਅਪ੍ਰੈਲ (ਸ਼ਿਵ ਕੌੜਾ) ਭਾਰਤੀ ਜਨਤਾ ਪਾਰਟੀ ਐਸ.ਸੀ. ਮੋਰਚਾ ਪੰਜਾਬ ਵੱਲੋਂ ਅੱਜ ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਭਾਰਤ ਰਤਨ ਡਾ. ਬੀ.ਆਰ. ਅੰਬੇਡਕਰ ਦੇ ਜਨਮ ਦਿਵਸ ਨੂੰ ਸਮਰਪਿਤ ਇੱਕ ਸਮਾਗਮ ਸਥਾਨਕ ਡਾ. ਅੰਬੇਡਕਰ ਆਡੀਟੋਰੀਅਮ ਫਗਵਾੜਾ ਵਿਖੇ ਆਯੋਜਿਤ ਕੀਤਾ ਗਿਆ। ਭਾਜਪਾ ਐਸ.ਸੀ. ਮੋਰਚਾ ਦੇ ਪੰਜਾਬ ਉਪ ਪ੍ਰਧਾਨ ਸੰਜੀਵ ਅਟਵਾਲ ਦੀ ਅਗਵਾਈ ਹੇਠ ਆਯੋਜਿਤ ਸਮਾਗਮ ਦੌਰਾਨ ਮੁੱਖ ਮਹਿਮਾਨ ਵਜੋਂ ਭਾਜਪਾ ਐਸ.ਸੀ. ਮੋਰਚਾ ਦੇ ਕੌਮੀ ਜਨਰਲ ਸਕੱਤਰ ਸੰਜੇ ਨਿਰਮਲ ਨੇ ਹਿੱਸਾ ਲਿਆ। ਜਦਕਿ ਵਿਸ਼ੇਸ਼ ਮਹਿਮਾਨਾਂ ਵਜੋਂ ਜ਼ਿਲ੍ਹਾ ਭਾਜਪਾ ਪ੍ਰਧਾਨ ਰਣਜੀਤ ਸਿੰਘ ਖੋਜੇਵਾਲ ਤੋਂ ਇਲਾਵਾ, ਐਸ.ਸੀ. ਮੋਰਚਾ ਦੇ ਪੰਜਾਬ ਪ੍ਰਧਾਨ ਐਸ.ਆਰ. ਲੱਦੜ (ਸੇਵਾਮੁਕਤ ਆਈਏਐਸ), ਜ਼ਿਲ੍ਹਾ ਪ੍ਰਧਾਨ ਰੋਸ਼ਨ ਸੱਭਰਵਾਲ ਨੇ ਆਪਣੀ ਹਾਜ਼ਰੀ ਦਰਜ ਕਰਵਾਈ। ਸਮਾਗਮ ਦੀ ਆਰੰਭਤਾ ਬਾਬਾ ਸਾਹਿਬ ਡਾ. ਅੰਬੇਡਕਰ ਦੀ ਤਸਵੀਰ 'ਤੇ ਫੁੱਲ ਮਾਲਾਵਾਂ ਭੇਟ ਕਰਕੇ ਕੀਤੀ ਗਈ। ਜਿਸ ਤੋਂ ਬਾਅਦ ਸਕੂਲੀ ਵਿਦਿਆਰਥੀਆਂ ਨੂੰ ਲਗਨ ਨਾਲ ਪੜ੍ਹਾਈ ਕਰਨ ਦਾ ਸੰਦੇਸ਼ ਦਿੰਦਿਆਂ ਸਟੇਸ਼ਨਰੀ ਵੰਡੀ ਗਈ। ਮੁੱਖ ਮਹਿਮਾਨ ਸੰਜੇ ਨਿਰਮਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਬਾਬਾ ਸਾਹਿਬ ਡਾ. ਅੰਬੇਡਕਰ ਭਾਰਤ ਦੀ ਇੱਕ ਮਹਾਨ ਸ਼ਖਸੀਅਤ ਸਨ। ਪਰ ਇਹ ਦੇਸ਼ ਦੀ ਵਿਡੰਬਨਾ ਹੈ ਕਿ ਆਜ਼ਾਦੀ ਤੋਂ ਚਾਰ ਦਹਾਕਿਆਂ ਬਾਅਦ ਤੱਕ ਕਾਂਗਰਸ ਨੇ ਉਨ੍ਹਾਂ ਨੂੰ ਭਾਰਤ ਰਤਨ ਦੇ ਸਰਵਉੱਚ ਸਨਮਾਨ ਤੋਂ ਵਾਂਝਾ ਰੱਖਿਆ। ਉਹਨਾਂ ਦੱਸਿਆ ਕਿ ਜਦੋਂ ਭਾਜਪਾ ਦੇ ਸਮਰਥਨ ਨਾਲ ਕੇਂਦਰ ਵਿਚ ਵੀ.ਪੀ. ਸਿੰਘ ਦੀ ਸਰਕਾਰ ਬਣੀ, ਤਾਂ ਡਾ. ਅੰਬੇਡਕਰ ਨੂੰ ਭਾਰਤ ਰਤਨ ਨਾਲ ਸਨਮਾਨਿਤ ਕੀਤਾ ਗਿਆ। ਉਸ ਤੋਂ ਬਾਅਦ, ਮੌਜੂਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਕਾਰਜਕਾਲ ਦੌਰਾਨ, ਸੰਵਿਧਾਨ ਨਿਰਮਾਤਾ ਡਾ. ਅੰਬੇਡਕਰ ਨੂੰ ਉਹਨਾਂ ਦਾ ਬਣਦਾ ਮਾਣ-ਸਤਿਕਾਰ ਦਿੱਤਾ ਜਾ ਰਿਹਾ ਹੈ। ਦੇਸ਼ ਦੇ ਮੌਜੂਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਨਾ ਸਿਰਫ਼ ਭਾਰਤ ਵਿੱਚ ਸਗੋਂ ਬ੍ਰਿਟੇਨ ਵਿੱਚ ਵੀ ਉਹਨਾਂ ਦੀਆਂ ਯਾਦਗਾਰਾਂ ਨੂੰ ਸੰਭਾਲਣ ਦਾ ਕੰਮ ਕੀਤਾ ਹੈ। ਉਨ੍ਹਾਂ ਨੇ ਐਸ.ਸੀ. ਸਮਾਜ ਨੂੰ ਪੁਰਜੋਰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਉੱਚ ਸਿੱਖਿਆ ਦੁਆਉਣ ਤਾਂ ਜੋ ਉਹ ਭਾਰਤ ਦੇ ਵਿਕਾਸ ਅਤੇ ਰਾਜਨੀਤੀ ਵਿੱਚ ਵੱਧ ਤੋਂ ਵੱਧ ਯੋਗਦਾਨ ਪਾਉਣ ਦੇ ਯੋਗ ਬਣ ਸਕਣ। ਇਸ ਮੌਕੇ ਨਗਰ ਸੁਧਾਰ ਟਰੱਸਟ ਫਗਵਾੜਾ ਦੇ ਸਾਬਕਾ ਚੇਅਰਮੈਨ ਤੇਜਸਵੀ ਭਾਰਦਵਾਜ, ਪੁਰਸ਼ੋਤਮ ਸੰਧੂ, ਰੋਸ਼ਨ ਲਾਲ ਸਰਪੰਚ ਕੁਲਥਮ, ਕਸ਼ਮੀਰ ਮਾਹੀ, ਅਸ਼ਵਨੀ ਬਘਾਨੀਆ, ਸ਼ਿਵਾ ਸੰਧੂ, ਸਮਾਜ ਸੇਵੀ ਯਸ਼ਪਾਲ ਅਟਵਾਲ, ਗੁਰਦਾਵਰ ਸਿੰਘ ਕੁਲਥਮ, ਕਮਲਜੀਤ ਕੁਲਥਮ ਸਮੇਤ ਹੋਰ ਭਾਜਪਾ ਵਰਕਰ ਹਾਜ਼ਰ ਸਨ।

# ਸੰਸਦ ਮੈਂਬਰ ਨੇ ਫਗਵਾੜਾ ਵਿਖੇ ਕਣਕ ਦੀ ਖਰੀਦ ਸ਼ੁਰੂ ਕਰਵਾਈ

## *ਜ਼ਿਲ੍ਹੇ ਵਿਚ 3.38 ਲੱਖ ਮੀਟਰਕ ਟਨ ਕਣਕ ਦੀ ਖਰੀਦ ਦਾ ਟੀਚਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com




ਫਗਵਾੜਾ 16 ਅਪ੍ਰੈਲ (ਸ਼ਿਵ ਕੌੜਾ) ਸੰਸਦ ਮੈਂਬਰ ਡਾ.ਰਾਜ ਕੁਮਾਰ ਚੱਬੇਵਾਲ ਨੇ ਕਿਹਾ ਹੈ ਕਿ ਕਿਸਾਨਾਂ ਵਲੋਂ ਮੰਡੀਆਂ ਵਿਚ ਲਿਆਂਦੀ ਗਈ ਕਣਕ ਦਾ ਇਕ-ਇਕ ਦਾਣਾ ਚੁੱਕਿਆ ਜਾਣਾ ਯਕੀਨੀ ਬਣਾਇਆ ਜਾਵੇ ਅਤੇ ਉਨ੍ਹਾਂ ਨੂੰ ਆਪਣੀ ਫਸਲ ਵੇਚਣ ਵਿਚ ਕਿਸੇ ਕਿਸਮ ਦੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇ ਅੱਜ ਇੱਥ ਦਾਣਾ ਮੰਡੀ ਫਗਵਾੜਾ ਵਿਖੇ ਕਣਕ ਦੀ ਖਰੀਦ ਦਾ ਜਾਇਜ਼ਾ ਲੈਂਦਿਆਂ ਸੰਸਦ ਮੈਂਬਰ ਵਲੋਂ ਕਿਸਾਨਾਂ,ਆੜ੍ਹਤੀਆਂ ਤੇ ਮਜ਼ਦੂਰਾਂ ਨਾਲ ਵੀ ਗੱਲਬਾਤ ਕੀਤੀ ਉਨ੍ਹਾਂ ਦੱਸਿਆ ਕਿ ਕਪੂਰਥਲਾ ਜ਼ਿਲ੍ਹੇ ਵਿਚ ਕਣਕ ਦੀ ਖਰੀਦ ਦਾ 3.38 ਲੱਖ ਮੀਟਰਕ ਟਨ ਦਾ ਟੀਚਾ ਹੈ, ਜਿਸ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ 42 ਪੱਕੀਆਂ ਤੇ ਕੁਝ ਆਰਜ਼ੀ ਮੰਡੀਆਂ ਵੀ ਬਣਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨ ਨੂੰ ਮੰਡੀਆਂ ਵਿਚ ਪੁਖਤਾ ਪ੍ਰਬੰਧ ਕੀਤੇ ਸਬੰਧੀ ਲੋੜੀਂਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਖਰੀਦੀ ਗਈ ਕਣਕ ਬਦਲੇ 48 ਘੰਟੇ ਦੇ ਵਿਚ-ਵਿਚ ਅਦਾਇਗੀ ਕਰਨ ਲਈ ਰਿਜ਼ਰਵ ਬੈਂਕ ਆਫ ਇੰਡੀਆ ਵਲੋਂ ਕੈਸ਼ ਕ੍ਰੇਡਿਟ ਲਿਮ ਜਾਰੀ ਕਰ ਦਿੱਤੀ ਗਈ ਹੈ ਉਨ੍ਹਾਂ ਕਿਹਾ ਕਿ ਸੁਚਾਰੂ ਖਰੀਦ ਲਈ ਐਸ.ਡੀ.ਐਮਜ਼ ਨੂੰ ਬਤੌਰ ਨੋਡਲ ਅਫਸਰ ਨਾਮਜ਼ਦ ਕੀਤਾ ਗਿਆ ਹੈ,ਜੋਕਿ ਲਗਾਤਾਰ ਮੰਡੀਆਂ ਦਾ ਦੌਰਾ ਕਰਨਗੇ। ਉਨ੍ਹਾਂ ਕਿਹਾ ਕਿ ਖੁਰਾਕ ਤੇ ਸਿਵਲ ਸਪਲਾਈਜ਼ ਵਿਭਾਗ,ਮੰਡੀ ਬੋਰਡ ਅਤੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਵੀ ਲਗਾਤਾਰ ਮੰਡੀਆਂ ਦਾ ਦੌਰਾ ਕਰਨ ਦੇ ਹੁਕਮ ਦਿੱਤੇ ਗਏ ਹਨ ਇਸ ਆਮ ਆਦਮੀ ਪਾਰਟੀ ਦੇ ਬੁਲਾਰੇ ਹਰਨੂਰ ਸਿੰਘ ਹਰਜੀ ਮਾਨ,ਐਸ.ਡੀ.ਐਮ ਜਸ਼ਨਜੀਤ ਸਿੰਘ,ਡੀ.ਐਫ.ਐਸ.ਸੀ. ਤੇ ਹੋਰ ਅਧਿਕਾਰੀ ਹਾਜ਼ਰ ਸਨ।

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਕੰਨਿਆ) ਭਵਾਨੀਗੜ੍ਹ ਦੀਆਂ ਦੋ ਵਿਦਿਆਰਥਣਾਂ ਨੇ ਮਾਰੀਆਂ ਮੱਲਾਂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com





ਭਵਾਨੀਗੜ੍ਹ,16 ਅਪ੍ਰੈਲ (ਜਗਸੀਰ ਲੌਂਗੋਵਾਲ)-

ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਸਿੱਖਿਆ ਮੰਤਰੀ ਸ੍ਰੀ ਹਰਜੋਤ ਸਿੰਘ ਬੈਂਸ ਦੀ ਸੁਚੱਜੀ ਅਗਵਾਈ ਵਿਚ ਸੈਸ਼ਨ 2024-25 ਦੌਰਾਨ ਅੱਠਵੀਂ ਸ਼੍ਰੇਣੀ ਦੇ ਵਿਦਿਆਰਥੀਆਂ ਦੁਆਰਾ ਦਿੱਤੀ ਗਈ ਪੰਜਾਬ ਸਟੇਟ ਨਿਪੁੰਨਤਾ ਖੋਜ ਪ੍ਰੀਖਿਆ ਦੌਰਾਨ ਸੂਬੇ ਭਰ ਵਿੱਚੋਂ 500 ਵਿਦਿਆਰਥੀ ਸਫਲ ਹੋਏ ਅਤੇ ਇਹਨਾਂ ਵਿੱਚ ਪ੍ਰਿੰਸੀਪਲ ਡਾਕਟਰ ਬਲਵਿੰਦਰ ਸਿੰਘ ਬੇਪਾਰਾਏ ਦੀ ਸੁਚੱਜੀ ਅਗਵਾਈ ਹੇਠ ਅਧਿਆਪਕਾਂ ਅਨੀਤਾ ਬਾਂਸਲ,ਜਸਬੀਰ ਕੌਰ,ਸੰਦੀਪ ਕੌਰ,ਸ਼ਹਿਨਾਜ਼ ਖਾਨਮ ਅਤੇ ਵਿਦਿਆਰਥਣਾਂ ਦੀ ਮਿਹਨਤ ਰੰਗ ਲਿਆਈ ਅਤੇ ਪੀ.ਐੱਮ.ਸ੍ਰੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਭਵਾਨੀਗੜ੍ਹ ਦੀਆਂ ਦੋ ਵਿਦਿਆਰਥਣਾਂ ਰੂਪੀ ਅਤੇ ਗੁਰਜੋਤ ਨੇ ਪੀਐਸਟੀਐਸਈ ਦੀ ਪ੍ਰੀਖਿਆ ਵਿੱਚ ਚੰਗੇ ਅੰਕ ਪ੍ਰਾਪਤ ਕਰਕੇ ਸਫਲਤਾ ਹਾਸਲ ਕੀਤੀ ਜਿਸ ਦਾ ਸਿਹਰਾ ਡੀ ਈ ਓ ਮੈਡਮ ਤਰਵਿੰਦਰ ਕੌਰ ਅਤੇ ਡਿਪਟੀ ਡੀ ਈ ਓ ਮੈਡਮ ਮਨਜੀਤ ਕੌਰ ਦੀ ਲਗਾਤਾਰ ਪ੍ਰੇਰਨਾ ਨੂੰ ਜਾਂਦਾ ਹੈ ਇਹ ਟੈਸਟ ਪਾਸ ਕਰਨ ਨਾਲ ਇਹਨਾਂ ਵਿਦਿਆਰਥਣਾਂ ਨੂੰ ਬਾਰਵੀਂ ਸ਼੍ਰੇਣੀ ਤੱਕ ਲਗਾਤਾਰ ਸਕਾਲਰਸ਼ਿਪ ਮਿਲਦਾ ਰਹੇਗਾ। ਬੱਚਿਆਂ ਦੀ ਮੁਕਾਬਲੇ ਦੀ ਪ੍ਰੀਖਿਆ ਵਿੱਚੋਂ ਸਫਲਤਾ ਦੇ ਕਾਰਨ ਮਾਪਿਆਂ, ਅਧਿਆਪਕਾਂ ,ਐਸ.ਐਮ.ਸੀ. ਕਮੇਟੀ, ਲੋਕਲ ਅਤੇ ਆਲੇ ਦੁਆਲੇ ਦੇ ਪਿੰਡਾਂ ਦੇ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।

# ਵਰਲਡ ਪੰਜਾਬੀ ਸੈਂਟਰ ਵਿਖੇ ਦਲੀਪ ਸਿੰਘ ਉੱਪਲ ਦੀ ਪੁਸਤਕ 'ਸੰਵੇਦਨਾ ਦੇ ਰੰਗ' ਦਾ ਕੀਤਾ ਗਿਆ ਲੋਕ-ਅਰਪਣ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com




ਪਟਿਆਲਾ, 17 ਅਪ੍ਰੈਲ (ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੁਲਾਰ)- ਪੰਜਾਬੀ ਯੂਨੀਵਰਸਿਟੀ ਕੈਂਪਸ ਵਿੱਚ ਸਥਿਤ ਵਰਲਡ ਪੰਜਾਬੀ ਸੈਂਟਰ ਵਿਖੇ ਦਲੀਪ ਸਿੰਘ ਉੱਪਲ ਦੀ ਨਵੀ ਪ੍ਰਕਾਸ਼ਿਤ ਪੁਸਤਕ 'ਸੰਵੇਦਨਾ ਦੇ ਰੰਗ' ਦਾ ਲੋਕ ਅਰਪਣ ਕੀਤਾ ਗਿਆ । ਵਰਣਨਯੋਗ ਹੈ ਕਿ ਇਸ ਪੁਸਤਕ ਦਾ ਸੰਪਾਦਨ ਡਾ. ਕਮਲੇਸ਼ ਉੱਪਲ ਵੱਲੋਂ ਕੀਤਾ ਗਿਆ ਹੈ।ਵਰਲਡ ਪੰਜਾਬੀ ਸੈਂਟਰ ਦੇ ਡਾਇਰੈਕਟਰ ਡਾ.ਭੀਮ ਇੰਦਰ ਸਿੰਘ ਨੇ ਆਪਣੇ ਸਵਾਗਤੀ ਸ਼ਬਦਾਂ ਦੌਰਾਨ ਦਲੀਪ ਸਿੰਘ ਉੱਪਲ ਦੀ ਸਾਹਿਤ ਪ੍ਰਤੀ ਲਗਨ ਅਤੇ ਨਿਰੰਤਰ ਲੇਖਨ ਬਾਰੇ ਵਿਸ਼ੇਸ਼ ਰੂਪ ਵਿਚ ਦੱਸਿਆ।

ਸਾਬਕਾ ਲੋਕ ਸੰਪਰਕ ਅਫ਼ਸਰ ਉਜਾਗਰ ਸਿੰਘ ਨੇ ਪੁਸਤਕ ਉੱਤੇ ਚਰਚਾ ਦਾ ਆਰੰਭ ਕਰਦਿਆਂ ਦੱਸਿਆ ਕਿ ਲੇਖਕ ਨੇ ਇਸ ਪੁਸਤਕ ਵਿਚ ਵੱਖ -ਵੱਖ ਵਿਧਾਵਾਂ ਰਾਹੀਂ ਆਪਣੀ ਲੇਖਣ ਕਲਾ ਦਾ ਇਜ਼ਹਾਰ ਕੀਤਾ ਹੈ। ਉੱਘੀਆਂ ਸ਼ਖਸੀਅਤਾਂ ਨਾਲ ਮੁਲਾਕਾਤਾਂ ਤੋਂ ਲੈ ਕੇ ਵੱਖ-ਵੱਖ ਵਿਸ਼ਿਆਂ ਉੱਤੇ ਲੇਖ,ਪ੍ਰਸਿੱਧ ਸ਼ਖਸੀਅਤਾਂ ਨਾਲ ਪੱਤਰਾਂ ਦਾ ਆਦਾਨ-ਪ੍ਰਦਾਨ , ਲੇਖਕ ਦੀਆਂ ਪਹਿਲੀਆਂ ਪੁਸਤਕਾਂ ਬਾਰੇ ਵੱਖ-ਵੱਖ ਰਾਵਾਂ ਦੇ ਨਾਲ-ਨਾਲ ਕੁਝ ਕਵਿਤਾਵਾਂ ਵੀ ਪੁਸਤਕ ਦਾ ਸ਼ਿੰਗਾਰ ਹਨ ।ਪ੍ਰਸਿੱਧ ਲੇਖਕ ਡਾ.ਦਰਸ਼ਨ ਸਿੰਘ ਆਸ਼ਟ ਨੇ ਦੱਸਿਆ ਕਿ ਦਲੀਪ ਸਿੰਘ ਉੱਪਲ ਨੇ ਲੰਮਾ ਸਮਾਂ ਪੰਜਾਬੀ ਯੂਨੀਵਰਸਿਟੀ ਵਿਖੇ ਵੱਖ -ਵੱਖ ਅਹੁਦਿਆਂ 'ਤੇ ਰਹਿੰਦੇ ਹੋਏ ਪ੍ਰਬੰਧਕੀ ਜ਼ੁੰਮੇਵਾਰੀਆਂ ਤਨਦੇਹੀ ਅਤੇ ਈਮਾਨਦਾਰੀ ਨਾਲ ਨਿਭਾਈਆਂ। ਪ੍ਰੋ. ਕਿਰਪਾਲ ਕਜ਼ਾਕ ਨੇ ਉੱਪਲ ਪਰਿਵਾਰ ਦੇ ਕਲਾ ਅਤੇ ਸਾਹਿਤ ਨੂੰ ਪਾਏ ਮਿਸਾਲੀ ਯੋਗਦਾਨ ਬਾਰੇ ਵਿਚਾਰ ਪ੍ਰਗਟ ਕੀਤੇ ।ਡਾ.ਕੁਮਕੁਮ ਬਜਾਜ ਨੇ ਉੱਪਲ ਪਰਿਵਾਰ ਨਾਲ਼ ਆਪਣੀ ਲੰਬੀ ਸਾਂਝ ਦਾ ਜ਼ਿਕਰ ਕੀਤਾ। ਡਾ.ਸਵਰਾਜ ਸਿੰਘ ਨੇ ਲੇਖਕ ਦੀ ਪੰਜਾਬ ਨਾਲ ਗਹਿਰੀ ਸਾਂਝ ਦੇ ਹਵਾਲੇ ਨਾਲ ਪਰਵਾਸ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ ।ਸਮਾਗਮ ਦੀ ਪ੍ਰਧਾਨਗੀ ਕਰਦਿਆਂ ਉੱਘੇ ਗ਼ਜ਼ਲਗੋ ਡਾ.ਤ੍ਰਿਲੋਕ ਸਿੰਘ ਆਨੰਦ ਨੇ ਪੁਸਤਕ ਵਿਚਲੀ ਸਮਗਰੀ ਦੀ ਵੰਨ-ਸੁਵੰਨਤਾ ਬਾਰੇ ਸ਼ਲਾਘਾ ਕਰਦਿਆਂ ਆਪਣਾ ਕਲਾਮ ਵੀ ਪੇਸ਼ ਕੀਤਾ ।ਉੱਘੇ ਕਵੀ ਗੁਰਚਰਨ ਸਿੰਘ ਪੱਬਰਾਲੀ ਨੇ ਵੀ ਆਪਣੀ ਕਵਿਤਾ ਸ੍ਰੋਤਿਆਂ ਦੇ ਸਨਮੁਖ ਤਰਨੁੰਮ ਵਿਚ ਪੇਸ਼ ਕੀਤੀ। ਹੈਪੀ ਸਿੰਘ ਅਤੇ ਹੋਰ ਨਵੇਂ ਕਵੀਆਂ ਨੇ ਵੀ ਹਾਜ਼ਰੀ ਲਗਵਾਈ।

ਇਸ ਮੌਕੇ ਪਵਨ ਸ਼ਰਮਾ, ਹਰਪ੍ਰੀਤ ਕੌਰ ਅਤੇ ਡਾ. ਨਿਵੇਦਿਤਾ ਉੱਪਲ ਨੇ ਵੀ ਲੇਖਕ ਦੀ ਪ੍ਰਤੀਬੱਧਤਾ ਸਬੰਧੀ ਆਪਣੇ ਵਿਚਾਰ ਸ੍ਰੋਤਿਆਂ ਨਾਲ ਸਾਂਝੇ ਕੀਤੇ। ਮੰਚ ਸੰਚਾਲਨ ਬਲਵਿੰਦਰ ਸਿੰਘ ਭੱਟੀ ਨੇ ਕੀਤਾ ਅਤੇ ਦਿਆਲ ਸਿੰਘ ਗਿੱਲ ਵਲੋਂ ਸਮਾਗਮ ਵਿਚ ਹਾਜ਼ਰ ਹੋਈਆਂ ਸ਼ਖਸੀਅਤਾਂ ਅਤੇ ਸਮੂਹ ਸ੍ਰੋਤਿਆਂ ਦਾ ਧੰਨਵਾਦ ਕਦੇ ਹੋਏ ਦਲੀਪ ਸਿੰਘ ਉੱਪਲ ਨੂੰ ਲਗਾਤਾਰ ਲਿਖਦੇ ਰਹਿਣ ਦੀ ਪਾਠਕਾਂ ਦੀ ਇੱਛਾ ਤੋਂ ਜਾਣੂ ਕਰਵਾਇਆ। ਸਮਾਗਮ ਵਿਚ ਉੱਘੇ ਸੰਗੀਤ ਰਚਨਾਕਾਰ ਜਸਪਾਲ ਸਿੰਘ,ਕੁਲਪਿੰਦਰ ਸ਼ਰਮਾ, ਲੱਖਾ ਲਹਿਰੀ,ਅਨਾਇਤ, ਰਾਜਿੰਦਰ ਸਿੰਘ ਜੋਸਨ, ਸਤਪਾਲ ਗੋਇਲ ਵਿਸ਼ੇਸ਼ ਤੌਰ ਉੱਤੇ ਹਾਜ਼ਰ ਰਹੇ।

# ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਪੰਜਾਬੀ ਯੂਨੀਵਰਸਿਟੀ ਪਾ ਰਹੀ ਹੈ ਅਹਿਮ ਯੋਗਦਾਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com

ਪਟਿਆਲਾ, 17 ਅਪ੍ਰੈਲ (ਅੰਗਰੇਜ ਸਿੰਘ ਵਿੱਕੀ/ ਬਲਜੀਤ ਸਿੰਘ ਕੁਲਾਰ) ਪੰਜਾਬ ਸਰਕਾਰ ਵੱਲੋਂ ਵਿੱਢੀ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਵਿੱਚ ਪੰਜਾਬੀ ਯੂਨੀਵਰਸਿਟੀ ਵੱਲੋਂ ਅਹਿਮ ਭੂਮਿਕਾ ਨਿਭਾਈ ਜਾ ਰਹੀ ਹੈ ਜਿਸ ਸਬੰਧੀ ਪਿਛਲੇ ਦਿਨੀਂ ਬਾਬਾ ਸਾਹਿਬ ਬੀ.ਆਰ. ਅੰਬੇਡਕਰ ਜਯੰਤੀ ਮੌਕੇ ਪੁੱਜੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਵੀ ਯੂਨੀਵਰਸਿਟੀ ਦੀ ਵਿਸ਼ੇਸ਼ ਸ਼ਲਾਘਾ ਕੀਤੀ ਗਈ ਹੈ ।ਯੂਨੀਵਰਸਿਟੀ ਦੇ ਡੀਨ ਵਿਦਿਆਰਥੀ ਭਲਾਈ ਦਫ਼ਤਰ ਵੱਲੋਂ ਭਾਰਤ ਸਰਕਾਰ ਦੇ ਸਮਾਜਿਕ ਨਿਆਂ ਅਤੇ ਸ਼ਕਤੀਕਰਨ ਮੰਤਰਾਲੇ ਅਤੇ ਪੰਜਾਬ ਸਰਕਾਰ ਦੀ ਅਗਵਾਈ ਵਿੱਚ ਲੰਘੇ ਮਾਰਚ ਮਹੀਨੇ ਬਹੁਤ ਸਾਰੇ ਜਾਗਰੂਕਤਾ ਪ੍ਰੋਗਰਾਮ ਕਰਵਾਏ ਗਏ ਜਿਨ੍ਹਾਂ ਵਿੱਚ ਵਿਦਿਆਰਥੀਆਂ ਨੂੰ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਵਿਰੁੱਧ ਜਾਗਰੂਕਤ ਕੀਤਾ ਗਿਆ। ਇਸ ਲੜੀ ਵਿੱਚ ਸੰਵੇਦਨਸ਼ੀਲਤਾ ਬਾਰੇ ਅੱਠ ਵਿਸ਼ੇਸ਼ ਸੈਸ਼ਨ ਕੀਤੇ ਗਏ ਜਿਨ੍ਹਾਂ ਤਹਿਤ ਯੂਨੀਵਰਸਿਟੀ ਦੇ ਕੁੜੀਆਂ ਅਤੇ ਮੁੰਡਿਆਂ ਦੇ ਸਾਰੇ 15 ਹੋਸਟਲਾਂ ਨੂੰ ਕਵਰ ਕੀਤਾ ਗਿਆ। ਹੋਸਟਲ ਦੇ ਵਿਦਿਆਰਥੀਆਂ, ਖਾਸ ਕਰਕੇ ਪਹਿਲੇ ਸਾਲ ਦੇ ਵਿਦਿਆਰਥੀਆਂ ਲਈ ਇਹ 8 ਇੰਟਰਐਕਟਿਵ ਸੈਸ਼ਨ ਆਯੋਜਿਤ ਕੀਤੇ ਗਏ ਸਨ ।ਡੀਨ ਵਿਦਿਆਰਥੀ ਭਲਾਈ, ਪ੍ਰੋ.ਮੋਨਿਕਾ ਚਾਵਲਾ, ਪ੍ਰੋਵੋਸਟ, ਡਾ.ਇੰਦਰਜੀਤ ਸਿੰਘ, ਕੌਂਸਲਰ, ਡਾ.ਰੂਬੀ ਗੁਪਤਾ ਅਤੇ ਹੋਸਟਲਾਂ ਦੇ ਸਾਰੇ ਵਾਰਡਨਾਂ ਅਤੇ ਸੀਨੀਅਰ ਵਾਰਡਨਾਂ ਦੀ ਟੀਮ ਨੂੰ ਇਨ੍ਹਾਂ ਪ੍ਰੋਗਰਾਮਾਂ ਅਤੇ ਸੈਸ਼ਨਾਂ ਲਈ ਵਿਦਿਆਰਥੀਆਂ ਤੋਂ ਪ੍ਰਸ਼ੰਸਾਯੋਗ ਹੁੰਗਾਰਾ ਮਿਲਿਆ ।ਇਨ੍ਹਾਂ ਪ੍ਰੋਗਰਾਮਾਂ ਦੌਰਾਨ, ਯੂਨੀਵਰਸਿਟੀ ਦੇ ਵਿਦਿਆਰਥੀਆਂ ਦੇ ਨੌਜਵਾਨ ਮਨਾਂ ਨੂੰ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੇ ਮਾੜੇ ਪ੍ਰਭਾਵਾਂ, ਲੱਛਣਾਂ, ਕਾਰਨਾਂ, ਨਸ਼ੀਲੇ ਪਦਾਰਥਾਂ ਦੀਆਂ ਸ਼੍ਰੇਣੀਆਂ ਆਦਿ ਬਾਰੇ ਬਹੁਤ ਜ਼ਰੂਰੀ ਜਾਣਕਾਰੀ ਪ੍ਰਦਾਨ ਕੀਤੀ ਗਈ। ਉਨ੍ਹਾਂ ਨੂੰ ਖੁਸ਼ ਰਹਿਣ ਅਤੇ ਮਾਨਸਿਕ ਤੌਰ 'ਤੇ ਸਿਹਤਮੰਦ ਵਿਦਿਆਰਥੀ ਜੀਵਨ ਜਿਉਣ ਵੱਲ ਪ੍ਰੇਰਿਤ ਕੀਤਾ ਗਿਆ ਸੀ। ਉਨ੍ਹਾਂ ਨੂੰ ਨਸ਼ਾ ਮੁਕਤ ਜੀਵਨ ਜਿਊਣ 'ਤੇ ਵਿਸ਼ੇਸ਼ ਧਿਆਨ ਦੇਣ ਲਈ ਕਿਹਾ ਗਿਆ ਸੀ ।ਇਸ ਜਾਗਰੂਕਤਾ ਟੀਮ ਵਿੱਚ ਡਰੱਗ ਅਤੇ ਫਾਰਮਾਸਿਊਟੀਕਲ ਸਾਇੰਸਜ਼ ਵਿਭਾਗ ਤੋਂ ਪ੍ਰੋ. ਰਿਚਾ ਸ਼੍ਰੀ,ਮਨੋਵਿਗਿਆਨ ਵਿਭਾਗ ਤੋਂ ਪ੍ਰੋ.ਮਮਤਾ ਸ਼ਰਮਾ ਅਤੇ ਡਾ.ਕਮਲਪ੍ਰੀਤ ਕੌਰ ਤੋਂ ਇਲਾਵਾ ਰੈੱਡ ਕਰਾਸ ਦੇ ਸਲਾਹਕਾਰ ਸ਼ਾਮਲ ਰਹੇ।

# ਗਿਆਨ ਦਿਵਸ ਦੇ ਰੂਪ ਵਿੱਚ ਮਨਾਇਆ ਗਿਆ ਡਾਕਟਰ ਬੀ ਆਰ ਅੰਬੇਡਕਰ ਦਾ 134ਵਾਂ ਜਨਮ ਦਿਵਸ








"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com

ਮਾਨਸਾ ਵਿਖੇ ਡਾਕਟਰ ਅੰਬੇਡਕਰ ਯੂਥ ਕਲੱਬ ਮਾਨਸਾ ਵੱਲੋਂ ਡਾਕਟਰ ਬੀ ਆਰ ਅੰਬੇਡਕਰ ਜੀ ਦਾ ਜਨਮ ਦਿਨ ਨੂੰ ਗਿਆਨ ਦਿਵਸ ਦੇ ਰੂਪ ਵਿੱਚ ਸਥਾਨਕ ਸ਼ਾਂਤੀ ਭਵਨ ਵਿਖੇ ਮਨਾਇਆ ਗਿਆ

ਸਮਾਗਮ ਬਾਰੇ ਜਾਣਕਾਰੀ ਦਿੰਦਿਆਂ ਡਾਕਟਰ ਅੰਬੇਡਕਰ ਯੂਥ ਕਲੱਬ ਦੇ ਪ੍ਰਧਾਨ ਸ੍ਰੀ ਪਵਨ ਕੁਮਾਰ ਜੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਡਾਕਟਰ ਅੰਬੇਡਕਰ ਜੀ ਦਾ ਜਨਮ ਦਿਨ ਮਨਾਇਆ ਗਿਆ ਹੈ, ਇਸ ਵਿੱਚ ਪ੍ਰੋਫੈਸਰ ਰੌਣਕੀ ਰਾਮ ਮੁੱਖ ਬੁਲਾਰੇ ਦੇ ਤੌਰ ਤੇ ਆਏ ਅਤੇ ਉਨਾਂ ਨੇ ਬਾਬਾ ਸਾਹਿਬ ਦੇ ਜੀਵਨ ਬਾਰੇ ਭਰਪੂਰ ਜਾਣਕਾਰੀ ਦਿੱਤੀ ਅਤੇ ਉਹਨਾਂ ਦੀਆਂ ਸਿੱਖਿਆਵਾਂ ਉੱਪਰ ਚੱਲਣ ਦੀ ਸਾਰੇ ਲੋਕਾਂ ਨੂੰ ਅਪੀਲ ਕੀਤੀ। ਅਤੇ ਆਜ਼ਾਦ ਰੰਗ ਮੰਚ ਫਗਵਾੜਾ ਦੀ ਟੀਮ ਵੱਲੋਂ ਨਾਟਕ ਅਸਲੀ ਬਾਬਾ ਕੌਣ ਦਾ ਮੰਚਨ ਕੀਤਾ ਗਿਆ ਜੋ ਕਿ ਸਾਰੇ ਹਾਜ਼ਰੀਨ ਲਈ ਪ੍ਰੇਰਨਾ ਦਾ ਇੱਕ ਸੀ। ਇਸ ਤੋਂ ਇਲਾਵਾ ਕੋਰੇਗਰਾਫੀਆਂ ਵੀ ਪੇਸ਼ ਕੀਤੀਆਂ ਗਈਆਂ।

# ਸਿਵਲ ਤੇ ਪੁਲਿਸ ਪ੍ਰਸ਼ਾਸ਼ਨ ਨਸ਼ੇ ਖਿਲਾਫ਼ ਮਿਲ ਕੇ ਕਰ ਰਿਹਾ ਹੈ ਵਿਸ਼ੇਸ਼ ਕੰਮ : ਡਿਪਟੀ ਕਮਿਸ਼ਨਰ

## ਨਸ਼ਿਆਂ ਦੇ ਕੋਹੜ ਦਾ ਖਾਤਮਾ ਕਰਨ ਲਈ ਕੰਮ ਜੰਗੀ ਪੱਧਰ ਤੇ ਜਾਰੀ : ਜਤਿੰਦਰ ਭੱਲਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com

ਬਠਿੰਡਾ, 17 ਅਪ੍ਰੈਲ (ਅੰਗਰੇਜ ਸਿੰਘ ਵਿੱਕੀ/ਬਲਜੀਤ ਸਿੰਘ ਕੋਟਗੁਰੂ)- ਸੂਬਾ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਉਪਰ ਸਿਵਲ ਅਤੇ ਪੁਲਿਸ ਪ੍ਰਸ਼ਾਸ਼ਨ ਵੱਲੋਂ ਰਲ-ਮਿਲ ਕੇ ਕੰਮ ਕੀਤਾ ਜਾ ਰਿਹਾ ਹੈ ਤਾਂ ਜੋ ਨਸ਼ਿਆਂ ਦੀ ਭੈੜੀ ਲਤ ਤੋਂ ਨੌਜਵਾਨ ਪੀੜ੍ਹੀ ਨੂੰ ਬਚਾਇਆ ਜਾ ਸਕੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਅਤੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਜਤਿੰਦਰ ਸਿੰਘ ਭੱਲਾ ਅਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਸਾਂਝੀ ਪ੍ਰੈਸ ਕਾਨਫਰੰਸ ਦੌਰਾਨ ਪਿੰਡਾਂ ਦੀਆਂ ਪੰਚਾਇਤਾਂ ਨੂੰ 32 ਖੇਡ ਕਿੱਟਾਂ ਅਤੇ 6 ਓਪਨ ਜਿੰਮਾਂ ਵੰਡਣ ਸਮੇਂ ਕੀਤਾ।ਇਸ ਮੌਕੇ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਮੀਡੀਆ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਜੀ ਦੇ ਦਿਸ਼ਾ-ਨਿਰਦੇਸ਼ਾਂ ਤੇ ਵਿਦਿਆਰਥੀਆਂ ਨੂੰ ਵੱਖ-ਵੱਖ ਪੇਪਰਾਂ ਦੀ ਵਿੱਚ ਕੰਪੀਟੀਸ਼ਨਾਂ ਦੀ ਤਿਆਰੀ ਅਤੇ ਹੋਰ ਸਕਿੱਲ ਤੇ ਫੋਕਸ ਕਰਨ ਦੇ ਮਕਸਦ ਨਾਲ ਜ਼ਿਲ੍ਹੇ ਦੇ ਪਿੰਡਾਂ ਵਿੱਚ ਹੁਣ ਤੱਕ ਕਰੀਬ



40 ਪੇਂਡੂ ਲਾਇਬ੍ਰੇਰੀਆਂ ਤਿਆਰ ਕਰਵਾਈਆਂ ਜਾ ਚੁੱਕੀਆਂ ਹਨ ਅਤੇ ਆਉਣ ਵਾਲੇ ਕੁੱਝ ਕੁ ਦਿਨਾਂ ਤੱਕ ਉਨ੍ਹਾਂ ਦਾ ਉਦਘਾਟਨ ਕਰਕੇ ਆਮ ਲੋਕਾਂ ਦੇ ਸਪੁਰਦ ਕਰ ਦਿੱਤੀਆਂ ਜਾਣਗੀਆਂ।ਉਨ੍ਹਾਂ ਅੱਗੇ ਕਿਹਾ ਕਿ ਹਰ ਇੱਕ ਪਿੰਡ ਵਿੱਚ 1 ਖੇਡ ਦਾ ਮੈਦਾਨ ਬਣਾਇਆ ਜਾਵੇਗਾ ਤਾਂ ਜੋ ਪਿੰਡਾਂ ਦੇ ਬੱਚਿਆਂ ਨੂੰ ਉਨ੍ਹਾਂ ਦੀ ਕਿਹੜੀ ਖੇਡ ਵਿੱਚ ਰੁਚੀ ਹੈ, ਉਸ ਹਿਸਾਬ ਨਾਲ ਖੇਡਾਂ ਦਾ ਸਮਾਨ ਮੁਹੱਈਆ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ 8 ਟੀਮਾਂ ਬਣਾਈਆਂ ਜਾਣਗੀਆਂ। ਇਹ ਟੀਮਾਂ ਪਿੰਡਾਂ ਵਿੱਚ ਜਾ ਕੇ ਨੌਜਵਾਨਾਂ ਨਾਲ ਗੱਲਬਾਤ ਕਰਨਗੀਆਂ ਅਤੇ ਉਨ੍ਹਾਂ ਦੇ ਸੁਝਾਅ ਲੈਣਗੀਆਂ। ਉਨ੍ਹਾਂ ਦੇ ਸੁਝਾਵਾਂ ਤਹਿਤ ਜੋ ਸਹੂਲਤਾਂ ਉਨ੍ਹਾਂ ਨੂੰ ਚਾਹੀਦੀਆਂ ਹੋਣਗੀਆਂ, ਉਹ ਸਰਕਾਰ ਦੁਆਰਾ ਮੁਹੱਈਆ ਕਰਵਾਈਆਂ ਜਾਣਗੀਆਂ। ਇਸ ਮੌਕੇ ਚੇਅਰਮੈਨ ਨਗਰ ਸੁਧਰ ਟਰੱਸਟ ਜਤਿੰਦਰ ਸਿੰਘ ਭੱਲਾ ਨੇ ਕਿਹਾ ਕਿ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਕੰਮ ਜੰਗੀ ਪੱਧਰ ਤੇ ਜਾਰੀ ਹੈ। ਪੰਜਾਬ ਦੀ ਜਵਾਨੀ ਦਾ ਘਾਣ ਕਰਨ ਵਾਲੇ ਨਸ਼ਾ ਤਸਕਰਾਂ ਲਈ ਪੰਜਾਬ ਵਿੱਚ ਕੋਈ ਥਾਂ ਨਹੀਂ ਹੈ ਅਤੇ ਉਨ੍ਹਾਂ ਖਿਲਾਫ਼ ਸਖ਼ਤ ਕਾਰਵਾਈ ਕਰਦਿਆਂ ਉਨ੍ਹਾਂ ਦੀਆਂ ਜਾਇਦਾਦਾਂ ਜਬਤ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਖੇਡਾਂ ਕਿੱਟਾਂ ਵੰਡਣ ਤੋਂ ਇਲਾਵਾ, ਓਪਨ ਜਿੰਮਾਂ ਦਿੱਤੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਨਾਟਕਾਂ ਦਾ ਆਯੋਜਿਨ ਵੀ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਨਸ਼ਿਆਂ ਦੀ ਭੈੜੀ ਦਲਦਲ ਦੇ ਭੈੜੇ ਪ੍ਰਭਾਵਾਂ ਬਾਰੇ ਆਮ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਨਾਟਕ "ਆਓ ਕੋਸ਼ਿਸ਼ ਕਰੀਏ" ਜੋ ਕਿ ਸ੍ਰੀ ਚੰਦਰ ਸ਼ੇਖਰ ਜੀ ਵੱਲੋਂ ਲਿਖਿਆ ਗਿਆ 23 ਅਪ੍ਰੈਲ (ਬੁੱਧਵਾਰ) ਨੂੰ ਸਥਾਨਕ ਆਡੋਟੋਰੀਅਮ ਨੇੜੇ ਰੋਜ਼ ਗਾਰਡਨ ਪਾਰਕ ਵਿਖੇ ਦਿਖਾਇਆ ਜਾਵੇਗਾ। ਉਨ੍ਹਾਂ ਕਿਹਾ ਕਿ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਦੀ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਅਹਿਮ ਭੂਮਿਕਾ ਹੋਵੇਗੀ ਅਤੇ ਨਸ਼ਿਆਂ ਦੇ ਖਾਤਮੇ ਲਈ ਸਮਾਜ ਦੇ ਹਰੇਕ ਵਰਗ ਦੇ ਲੋਕਾਂ ਨੂੰ ਸਹਿਯੋਗ ਦੇਣ ਦੀ ਉਨ੍ਹਾਂ ਅਪੀਲ ਕੀਤੀ। ਜਤਿੰਦਰ ਸਿੰਘ ਭੱਲਾ ਨੇ 32 ਪਿੰਡਾਂ ਦੀਆਂ ਪੰਚਾਇਤਾਂ ਨੂੰ ਅੱਜ ਸਪੋਰਟਸ (ਕ੍ਰਿਕਟ) ਕਿੱਟਾਂ ਦਿੰਦਿਆਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਵਿਧਾਨ ਸਭਾ ਹਲਕਾ ਬਠਿੰਡਾ (ਦਿਹਾਤੀ) ਦੇ ਸਾਰੇ 62 ਪਿੰਡਾਂ ਦੀਆਂ ਪੰਚਾਇਤਾਂ ਨੂੰ ਸਪੋਰਟਸ ਕਿੱਟਾਂ ਮੁਹੱਈਆ ਕਰਵਾਉਣ ਤੋਂ ਇਲਾਵਾ ਵਾਲੀਵਾਲ ਦੀਆਂ ਕਿੱਟਾਂ ਵੀ ਵੰਡੀਆਂ ਜਾਣਗੀਆਂ। ਇਸ ਤੋਂ ਇਲਾਵਾ 12 ਓਪਨ ਜਿੰਮਾਂ ਦਿੱਤੀਆਂ ਜਾਣਗੀਆਂ ਤਾਂ ਜੋ ਵੱਧ ਤੋਂ ਵੱਧ ਨੌਜਵਾਨ ਖੇਡਾਂ ਨਾਲ ਜੁੜ ਸਕਣ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਮੈਡਮ ਕੰਚਨ ਤੋਂ ਇਲਾਵਾ ਵਿਧਾਨ ਸਭਾ ਹਲਕਾ ਬਠਿੰਡਾ (ਦਿਹਾਤੀ) ਦੇ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਹਾਜ਼ਰ ਸਨ।

# 10 ਮਈ ਨੂੰ ਲੈ ਕੇ ਲੋਕਲ ਦੀਆਂ ਟਿੱਪਣੀਆਂ ਕੇ ਹੋਈਆਂ ਹਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com

ਹੁ ਸ਼ਿ ਆ ਰ ਪੁ ਰ (ਸਤਨਾਮ ਸਿੰਘ ਸਹੂੰਗੜਾ) ਜਿਲ੍ਹਾ ਅਤੇ ਸ਼ਸ਼ਨਜ ਸੱਤਾ - ਕੰਮ- , ਸ਼ਾਂਤੀ ਕਾਨੂੰਨ ਸੇਵਾ ਵਾ ਅਥਾਰਟੀ ਦਿਲਬਾਗ ਸਿੰਘ ਜੌਹਲ ਵਲੋ ਸਮੂਹ ਜੂਡੀਸ਼ੀਅਲ ਜਜ ਸਾਹਿਬਾਨ ਨਾਲ 10 ਮਈ ਜਾਣ ਵਾਲੀ ਕੌਮੀ ਲੋਕ ਅਦਾਲਤ ਸਬੰਧੀ ਮੀਟਿੰਗ ਕਿੰਨੀ ਗਈ ਅਤੇ ਇਸ ਲੋਕ ਅਦਾਲਤ ਵਿੱਚ ਰੱਖ ਜਾਣ ਵਾਲੇ ਕੇਸਾਂ ਦਾ ਵਧ ਤੇ ਵਧ ਨਿਪਟਾਰਾ ਕਰਨ ਲਈ ਦਿਸ਼ਾਵਾਂ ਨਿਰਦੇਸ਼ ਦਿੱਤਾ ਗਏ । ਮੀਡੀਆਸ਼ਨ ਸੈਂਟਰ ਵਿੱਚ ਭੇਜੇ ਜਾਣ ਵਾਲੇ ਕੇਸਾਂ ਬਾਰੇ ਕਿਹਾ ਗਿਆ ਕਿ ਝਿਹੜ ਕੇਸਾਂ ਵਿੱਚ ਰਾਜੀਨਾਮਾ ਹੋਣਾ ਹੋਵੇ , ਉਹ ਕੇਸ ਮੀਡੀਆਸ਼ਨ ਲਈ ਭੇਜੇ ਜਾਣ , ਨਾਲ ਹੀ ਰਿਮਾਂਡ ਸਟੇਜ਼ ' ਤੇ ਕੇਸਾਂ ਵਿੱਚ ਪ੍ਰਾਈਵੇਟ ਜਾਨਾਂ ਸਰਕਾਰੀ ਵਕੀਲ ਹੋਣਾ ਯਕੀਨੀ ਬਨਾਯਾ ਜਾਓ । ਇਸ ਤੋਂ ਇਲਾਵਾ ਯੁੱਗ ਸੈਨ ਅਤੇ ਸ਼ਸ਼ਨ ਕੋਰਟ ਵਿੱਚ ਸਥਾਪਤ ਕੀਤੇ ਗਏ ਲੀਗਲ ਏਡ ਕਾਊਂਸਲ ਸਿਸਟਮ ਦਫ਼ਤਰ ਬਾਰੇ ਚਾਣਨਾ ਪਾਈਆ ਅਤੇ ਦਸੀਆ ਕਿ ਇਸ ਵਿੱਚ ਨਿਯੁਕਤ ਕੀਤੇ ਗਏ ਚੀਫ , ਡਿੱਪਟੀ ਅਤੇ ਸਹਾਇਕ ਲੀਗਲ ਏਡ ਕਾਊਂਸਲ ਦੋਸ਼ੀ ਦੇ ਕੇਸਾਂ ਦੀ ਪੈਰਵਾਈ ਕਰਨਗੇ ਅਤੇ ਮੁੱਦਈ ਤੇ ਵਿਕਟਮ ਦੇ ਕੇਸਾਂ ਵਿੱਚ ਪੈਨਲ ਦੇ ਵਕੀਲਾਂ ਵਲੋ ਪੈਰਵਾਈ ਕਿੰਨੀ ਜਾਵੇਗੀ ਇਸ ਲਈ ਅਤੇ ਸ਼ਸ਼ਨਜ ਸੱਤਾ - ਕੰਮ- , ਸ਼ਾਂਤੀ ਕਾਨੂੰਨ ਸੇਵਾਵਾ ਅਥਾਰਟੀ ਦਿਲਬਾਗ ਸਿੰਘ ਜੌਹਲ ਦੀ ਅਗਵਾਈ ਵਿੱਚ ਸੀ . ਜੇ . ਜਨਤਕ.- ਕਾਮ - , ਸ਼ਾਂਤੀ ਕਾਨੂੰਨ ਸੇਵਾਵਾ ਅਥਾਰਟੀ ਰਾਜ ਪਾਲ ਰਾਵਲ ਵਲੋਂ ਜਿਲ੍ਹਾ ਪਧਰ ਅਤੇ ਸਬ ਡਵੀਜ਼ਨ ' ਤੇ 10 ਮਈ 2025 ਨੂਨ ਲਗਾਈ ਜਾਣ ਵਾਲੀ ਕੌਮੀ ਲੋਕ ਅਦਾਲਤ ਸਬੰਧੀ ਵਖ - ਵਖ ਭਾਗਾਂ ਦੇ ਪ੍ਰਸ਼ਾਸਨ , ਮੈਨੇਜਰਾਂ ਨਾਲ ਨਵੇਂ ਜਿਲ੍ਹਾ ਅਤੇ ਸ਼ਸ਼ਨਜ ਕੋਰਟ ਕੰਪਲੈਕਸ ਵਿੱਚ ਮੀਟਿੰਗ ਕਿੰਨੀ ਗਈ । ਇਸ ਮੀਟਿੰਗ ਦੂਰਾਨ ਪ੍ਰੀ-ਲਿਟਿਗੇਟਿਵ ਕੇਸਾਂ ਬਾਰੇ ਬੈਂਕ ਮੇਨੈਜਰਾਂ ਨੂਨ ਨਿਰਦੇਸ਼ ਦਿੱਤਾ ਗਏ ਕਿ ਇਸ ਲੋਕ ਅਦਾਲਤ ਵਿੱਚ ਵਧ ਤੋਂ ਵਧ ਕੇਸ ਲਗਾਏ ਜਾਣ ਤਾਂ ਜੋ ਜਨਤਾ ਨੂਨ ਇਸ ਲੋਕ ਅਦਾਲਤ ਦਾ ਲਾਭ ਮਿਲ ਸਕੇ । . ਡੀ . ਪੀ . ਓਜ਼ ਨੂੰ ਲਗਾਈ ਜਾਣ ਵਾਲੀ ਨਸਲ ਲ ਲੋਕ ਅਦਾਲਤ ਸਬੰਧੀ ਮੀਟਿੰਗ ਦੂਰਾਨ ਪਿੰਡਾਂ ਵਿੱਚ ਵਧ ਤੋਂ ਵਧ ਤੋਂ ਪਬਲੀਸਟੀ ਕਰਨ ਲਈ ਨਿਰਦੇਸ਼ ਦਿੱਤਾ ਗਏ । ਇਸ ਤੋਂ ਇਲਾਵਾ ਸੀ.ਜੇ ਜਾਣ ਵਾਲੀ ਕੌਮੀ ਲੋਕ ਅਦਾਲਤ ਸਬੰਧੀ ਟ੍ਰੈਫਿਕ ਇੰਜਨਚਾਰਜ ਨੂਨ ਇਸ ਲੋਕ ਅਦਾਲਤ ਰਾਹੀ ਪੈਡਿੰਗ ਚਲਣਾ ਭੁਗਤਾਊਣ ਲਈ ਕੋਰਟਾਂ ਵਿੱਚ ਦੇਣ ਦੇ ਨਿਰਦੇਸ਼ ਦਿੱਤਾ ਗਏ ਅਤੇ ਪਰਮਜੀਤ ਸਿੰਘ ਐਮ । ਐਚ । ਸੀ । ਵਧ ਤੋਂ ਵਧ ਚਲਾਂ ਨੂਨ ਲੋਕ ਅਦਾਲਤ ਵਿੱਚ ਲਗਾਊਣ ਲਈ ਕਿਹਾ ਗਿਆ । ਬਿਜਲੀ ਭਾਗ ਦੇ ਐਕਸੀਅਨ ਨਾਲ ਕੇਸਾਂ ਬਾਰੇ ਚਰਚਾ ਕਿੰਨੀ ਗਈ । ਜਿਲ੍ਹਾ ਕੰਜ਼ੂਮਰ ਡਿਸਪਿਊਟ ਰੈਡਰਸਲ ਕਮੀਸ਼ਨ ਸਿਹਤ ਦੇ ਮੈਂਬਰ ਪ੍ਰੇਮ ਸਿੰਘ ਸਲਾਰੀਆ ਅਤੇ ਬੀ . ਐਸ . ਐਨ . ਪਹਿਲੇ . ਜੂਨੀਅਰ ਅਸਿਟੈਂਟ ਆਫ਼ਸਰ ਰਨਜੀਤ ਸਿੰਘ , ਇੰਸੋਰ ਬੀ ਕੰਪਨੀ ਦੇ ਹਰਦੀਪ ਸਿੰਘ , ਗਗਨਦੀਪ ਸਿੰਘ , ਮੋਹਿਤ ਕੁਮਾਰ ਅਤੇ ਦੀਪਕ ਕੁਮਾਰ ਅਸਿਸਟੈਂਟ / ਡਵੀਜਨਲ ਮੈਨੇਜਰ ਆਫ਼ਸਰਾਂ ਨਾਲ ਮੀਟਿੰਗ ਕਿੰਨੀ ਗਾਈ , ਇਸ ਮੀਟਿੰਗ ਅੰਤਰ 10 ਮਈ ਨੂੰ ਲਗਾਈ ਜਾਣ ਵਾਲੀ ਨਸਲ ਲ ਲੋਕ ਅਦਾਲਤ ਵਿੱਚ ਵਧ ਤੋਂ ਵਧ ਕੇਸਾਂ ਲਗਾਊਣ ਲਈ ਕਿਹਾ ਗਿਆ।

# ਡਾ. ਬੀ. ਆਰ. ਅੰਬੇਡਕਰ ਦੀ 135ਵੀਂ ਜਯੰਤੀ ਨੂੰ ਸਮਰਪਿਤ ਅੰਤਰ-ਵਿਭਾਗੀ ਕੁਇਜ਼ ਮੁਕਾਬਲੇ ਦਾ ਆਯੋਜ਼ਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com

ਬਠਿੰਡਾ, 17 ਅਪ੍ਰੈਲ (ਅੰਗਰੇਜ ਸਿੰਘ ਵਿੱਕੀ/ਬਲਜੀਤ ਸਿੰਘ ਕੋਟਗੁਰੂ)-ਇਲੈਕਟ੍ਰੀਕਲ ਇੰਜੀਨੀਅਰਿੰਗ ਵਿਭਾਗ, ਗਿਆਨੀ ਜ਼ੈਲ ਸਿੰਘ ਕੈਂਪਸ ਕਾਲਜ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਐਮ.ਆਰ. ਐਸ.ਪੀ.ਟੀ.ਯੂ, ਬਠਿੰਡਾ ਵੱਲੋਂ ਬਾਬਾ ਸਾਹਿਬ ਡਾ. ਬੀ. ਆਰ. ਅੰਬੇਡਕਰ ਦੀ 135ਵੀਂ ਜਯੰਤੀ ਨੂੰ ਸਮਰਪਿਤ "ਡਾ. ਬੀ. ਆਰ. ਅੰਬੇਡਕਰ ਦਾ ਜੀਵਨ ਅਤੇ ਮਿਸ਼ਨ" ਵਿਸ਼ੇ 'ਤੇ ਇੱਕ ਅੰਤਰ-ਵਿਭਾਗੀ ਕੁਇਜ਼ ਮੁਕਾਬਲੇ ਦਾ ਆਯੋਜਨ ਕੀਤਾ ਗਿਆ।ਇਸ



ਪ੍ਰੋਗਰਾਮ ਵਿੱਚ ਵੱਖ-ਵੱਖ ਵਿਭਾਗਾਂ ਦੇ ਲਗਭਗ 30 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਵਿਭਾਗ ਦੇ ਇਲੈਕ ਟੈਕ ਕਲੱਬ ਨੇ ਕੁਇਜ਼ ਦਾ ਆਯੋਜਨ ਕੀਤਾ, ਜਿਸ ਵਿੱਚ ਭਾਰਤ ਦੇ ਸੰਵਿਧਾਨ, ਆਜ਼ਾਦੀ, ਸਮਾਨਤਾ, ਨਿਆਂ ਅਤੇ ਸਮਾਜਿਕ ਸੁਧਾਰਾਂ ਵਰਗੇ ਵਿਸ਼ਿਆਂ ਨੂੰ ਕਵਰ ਕਰਨ ਵਾਲੇ ਮੌਖਿਕ ਪ੍ਰਸ਼ਨ ਸ਼ਾਮਿਲ ਸਨ।ਇਸ ਦਿਲਚਸਪ ਮੁਕਾਬਲੇ ਵਿੱਚ, ਰਾਹੁਲ ਸਿੰਗਲਾ (ਈ.ਈ.) ਅਤੇ ਵਰਦੀਪ ਸਿੰਘ (ਐਮ.ਈ.) ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਦੋਂ ਕਿ ਦੂਜਾ ਸਥਾਨ ਹਰਮਨਜੀਤ ਕੌਰ (ਈ.ਈ.) ਅਤੇ ਦੀਆ (ਸੀ.ਈ.) ਨੂੰ ਮਿਲਿਆ। ਤੀਜਾ ਸਥਾਨ ਪਰਵਿੰਦਰ ਕੌਰ (ਈ.ਈ.) ਅਤੇ ਆਕਾਸ਼ਦੀਪ ਸਿੰਘ (ਈ.ਈ.) ਨੇ ਪ੍ਰਾਪਤ ਕੀਤਾ।ਇਸ ਪ੍ਰੋਗਰਾਮ ਵਿੱਚ ਡਾ. ਬੀ. ਆਰ. ਅੰਬੇਡਕਰ ਦੀ ਵਿਰਾਸਤ ਅਤੇ ਦਰਸ਼ਨ 'ਤੇ ਇੱਕ ਪੇਸ਼ਕਾਰੀ ਵੀ ਪੇਸ਼ ਕੀਤੀ ਗਈ, ਜੋ ਡਾ. ਗਗਨਦੀਪ ਕੌਰ, ਮੁਖੀ, ਇਲੈਕਟ੍ਰੀਕਲ ਇੰਜੀਨੀਅਰਿੰਗ ਵਿਭਾਗ ਦੁਆਰਾ ਪੇਸ਼ ਕੀਤੀ ਗਈ। ਡਾ. ਗਗਨਦੀਪ ਕੌਰ ਨੇ ਡਾ. ਅਨੁਮੀਤ ਕੌਰ, ਕਲੱਬ ਕੋਆਰਡੀਨੇਟਰ, ਫੈਕਲਟੀ, ਸਟਾਫ ਅਤੇ ਪ੍ਰਬੰਧਕ ਟੀਮ ਦੇ ਸਮਰਪਿਤ ਯਤਨਾਂ ਦੀ ਸ਼ਲਾਘਾ ਕੀਤੀ।ਪ੍ਰੋ.(ਡਾ.) ਸੰਜੀਵ ਅਗਰਵਾਲ, ਕੈਂਪਸ ਡਾਇਰੈਕਟਰ, ਜੀ.ਜ਼ੈਡ. ਐਸ.ਸੀ.ਸੀ.ਈ.ਟੀ., ਨੇ ਡਾ. ਅੰਬੇਡਕਰ ਦੇ ਸ਼ਾਨਦਾਰ ਵਿਚਾਰਾਂ ਅਤੇ ਯੋਗਦਾਨ ਨੂੰ ਯਾਦ ਕਰਦਿਆ ਭਾਗੀਦਾਰਾਂ ਦੇ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ ਅਤੇ ਵਿਭਾਗ ਨੂੰ ਪ੍ਰੋਗਰਾਮ ਨੂੰ ਸਫਲਤਾਪੂਰਵਕ ਆਯੋਜਿਤ ਕਰਨ ਲਈ ਵਧਾਈ ਦਿੱਤੀ।

# ਇੰਸਪੈਕਟਰ ਬਲਵੰਤ ਸਿੰਘ ਬਲਿੰਗ ਨੇ ਥਾਣਾ ਲੌਂਗੋਵਾਲ ਦੇ ਐਸਐਚਓ ਵਜੋਂ ਅਹੁਦਾ ਸੰਭਾਲਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 17 ਅਪਰੈਲ INTERNATIONAL PAPER, 94636 01616 hardipchumber57@gmail.com

ਲੌਂਗੋਵਾਲ,17 ਅਪ੍ਰੈਲ (ਜਗਸੀਰ ਸਿੰਘ)- ਥਾਣਾ ਸ਼ੇਰਪੁਰ ਤੋਂ ਬਦਲ ਕੇ ਆਏ ਇੰਸਪੈਕਟਰ ਬਲਵੰਤ ਸਿੰਘ ਬਲਿੰਗ ਨੇ ਅੱਜ ਥਾਣਾ ਲੌਂਗੋਵਾਲ ਵਿਖੇ ਬਤੌਰ ਐਸਐਚਓ ਆਪਣਾ ਅਹੁਦਾ ਸੰਭਾਲਿਆ।ਇਸ ਮੌਕੇ ਉਨ੍ਹਾਂ ਪ੍ਰੈਸ ਮਿਲਣੀ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿੱਢੀ ਯੁੱਧ ਨਸਿਆਂ ਵਿਰੁੱਧ ਮੁਹਿੰਮ ਤਹਿਤ ਕਿਸੇ ਵੀ ਨਸ਼ਾ ਤਸਕਰ ਨੂੰ ਨਹੀਂ ਬਖਸ਼ਿਆ ਜਾਵੇਗਾ, ਇਲਾਕੇ ਅੰਦਰ ਅਮਨ ਸ਼ਾਂਤੀ ਨੂੰ ਕਾਇਮ ਰੱਖਿਆ ਜਾਵੇਗਾ। ਉਨਾਂ ਤਸਕਰਾਂ ਨੂੰ ਸਖਤ ਚੇਤਾਵਨੀ ਦਿੱਤੀ ਕਿ ਅਗਰ ਕੋਈ ਨਸ਼ੇ ਦੀ ਤਸਕਰੀ ਕਰਦਾ ਹੈ ਉਹ ਆਪਣੇ ਆਪ ਹੀ ਆਤਮ ਸਮਰਪਣ ਕਰ ਦੇਵੇ ਨਹੀਂ ਤਾਂ ਪੁਲਿਸ ਵੱਲੋਂ ਪੂਰੀ



ਸਖਤੀ ਨਾਲ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ।

# ਫਸਲਾਂ ਦੀਆਂ ਨਵੀਨਤਮ ਤਕਨੀਕਾਂ ਬਾਰੇ ਜਾਣਕਾਰੀ ਲਈ ਜਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਦਾ ਆਯੋਜਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com








ਸੰਗਰੂਰ, 16 ਅਪ੍ਰੈਲ ( ਜਗਸੀਰ ਲੌਂਗੋਵਾਲ ) - ਅੱਜ ਸਾਉਣੀ 2025 ਦੀਆਂ ਫਸਲਾਂ, ਫਸਲੀ ਵਿਭਿੰਨਤਾ ਅਤੇ ਫਸਲਾਂ ਦੀ ਰਹਿੰਦ ਖੂੰਹਦ ਬਾਰੇ ਨਵੀਨਤਮ ਤਕਨੀਕੀ ਜਾਣਕਾਰੀ ਦੇਣ ਲਈ ਜ਼ਿਲ੍ਹਾ ਪੱਧਰ ਦਾ ਕਿਸਾਨ ਸਿਖਲਾਈ ਕੈਂਪ ਹੋਟਲ ਗਰੈਂਡ ਟੂਲਿਪ ਪੈਲੇਸ, ਸੰਗਰੂਰ ਵਿਖੇ ਲਗਾਇਆ ਗਿਆ ਜਿਸ ਵਿੱਚ ਜਿਲ੍ਹਾ ਭਰ ਵਿੱਚੋਂ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਸ਼ਮੂਲੀਅਤ ਕੀਤੀ। ਇਸ ਕੈਂਪ ਦੇ ਮੁੱਖ ਮਹਿਮਾਨ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਮਾਨਯੋਗ ਐਮ ਐਲ ਏ ਹਲਕਾ ਸੰਗਰੂਰ ਉਚੇਚੇ ਤੌਰ ਤੇ ਪਹੁੰਚੇ। ਕੈਂਪ ਦਾ ਉਦਘਾਟਨ ਸ਼੍ਰੀ ਸੰਦੀਪ ਰਿਸ਼ੀ ਆਈ ਏ ਐਸ ਮਾਨਯੋਗ ਡਿਪਟੀ ਕਮਿਸ਼ਨਰ ਸੰਗਰੂਰ ਜੀ ਵੱਲੋਂ ਕੀਤਾ ਗਿਆ। ਇਸ ਕੈਂਪ ਦੀ ਪ੍ਰਧਾਨਗੀ ਡਾ: ਜਸਵੰਤ ਸਿੰਘ ਮਾਨਯੋਗ ਡਾਇਰੈਕਟਰ ਖੇਤੀਬਾੜੀ ਕਿਸਾਨ ਭਲਾਈ ਵਿਭਾਗ ਪੰਜਾਬ ਵਲੋਂ ਕੀਤੀ ਗਈ ਅਤੇ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਡਾ: ਅਰੁਣ ਕੁਮਾਰ ਮਾਨਯੋਗ ਸੰਯੁਕਤ ਡਾਇਰੈਕਟਰ ਖੇਤੀਬਾੜੀ (ਹ ਜ) ਵੱਲੋਂ ਕੀਤੀ ਗਈ।

ਕੈਂਪ ਦੇ ਮੁੱਖ ਮਹਿਮਾਨ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਮਾਨਯੋਗ ਐਮ ਐਲ ਏ ਹਲਕਾ ਸੰਗਰੂਰ ਵਲੋਂ ਕਿਸਾਨਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਿਸਾਨਾਂ ਵੱਲੋਂ ਖੇਤੀ ਮਾਹਿਰਾਂ ਦੁਆਰਾ ਦੱਸੀਆਂ ਸਿਫਾਰਸ਼ਾਂ ਤੇ ਅਮਲ ਕੀਤਾ ਜਾਵੇ ਤੇ ਖੇਤੀ ਦੇ ਨਾਲ ਨਾਲ ਸਹਾਇਕ ਧੰਦੇ ਜਿਵੇਂ ਮਧੂ ਮੱਖੀ ਪਾਲਣ, ਪਸ਼ੂ ਪਾਲਣ, ਮੱਛੀ ਪਾਲਣ, ਮੁਰਗੀ ਪਾਲਣ, ਡੇਅਰੀ, ਬਾਗਬਾਨੀ, ਫੁੱਲਾਂ ਦੀ ਕਾਸਤ ਆਦਿ ਅਪਣਾਏ ਜਾਣ ਤਾਂ ਕਿ ਵੱਧ ਆਮਦਨ ਲਈ ਜਾ ਸਕੇ। ਕਿਸਾਨਾਂ ਨਾਲ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਸੰਗਰੂਰ ਜ਼ਿਲ੍ਹੇ ਦੇ ਕਿਸਾਨ ਵਧਾਈ ਦੇ ਪਾਤਰ ਹਨ ਜਿਨ੍ਹਾਂ ਦੀ ਮਿਹਨਤ ਸਦਕਾ ਸੰਗਰੂਰ ਜ਼ਿਲ੍ਹਾ ਪਿਛਲੇ ਸਾਲਾਂ ਵਿੱਚ ਕਣਕ ਦਾ ਔਸਤ ਝਾੜ ਪੈਦਾ ਕਰਕੇ ਪਹਿਲੇ ਸਥਾਨ ਤੇ ਰਿਹਾ ਹੈ ਅਤੇ ਹੁਣ ਵੀ ਨਤੀਜੇ ਸੰਤੋਖਜਨਕ ਆਉਣ ਦੀ ਉਮੀਦ ਹੈ। ਸ਼੍ਰੀ ਸੰਦੀਪ ਰਿਸ਼ੀ ਆਈ ਏ ਐਸ ਮਾਨਯੋਗ ਡਿਪਟੀ ਕਮਿਸ਼ਨਰ ਸੰਗਰੂਰ ਨੇ ਕੈਂਪ ਦਾ ਉਦਘਾਟਨ ਕੀਤਾ ਅਤੇ ਕੈਂਪ ਵਿੱਚ ਸ਼ਾਮਿਲ ਵੱਖ ਵੱਖ ਸੈਲਫ ਹੈਲਪ ਗਰੁੱਪਾਂ, ਕੋਆਪਰੇਟਿਵ ਸੋਸਾਇਟੀਜ਼ ਅਤੇ ਅਗਾਂਹਵਧੂ ਕਿਸਾਨਾਂ ਨੂੰ ਖੇਤੀ ਦੇ ਨਾਲ ਨਾਲ ਖੇਤੀ ਪਦਾਰਥਾਂ ਦੀ ਪ੍ਰੋਸੈਸਿੰਗ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਖੇਤੀ ਆਮਦਨ ਵਿੱਚ ਵਾਧਾ ਕਰਨ ਲਈ ਪ੍ਰੋਸੈਸਿੰਗ ਦੇ ਨਾਲ ਨਾਲ ਮਾਰਕੀਟਿੰਗ ਸਕਿੱਲ ਵਿੱਚ ਵਾਧਾ ਕਰਨਾ ਅਤਿ ਜਰੂਰੀ ਹੈ।

ਇਸ ਮੌਕੇ ਸ਼੍ਰੀ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕਿਟ ਕਮੇਟੀ ਧੂਰੀ, ਸ਼੍ਰੀ ਅਵਤਾਰ ਸਿੰਘ ਈਲਵਾਲ ਚੇਅਰਮੈਨ ਮਾਰਕਿਟ ਕਮੇਟੀ ਸੰਗਰੂਰ, ਸ਼੍ਰੀ ਪਰਮਜੀਤ ਸਿੰਘ ਕਾਂਝਲਾ ਅਤੇ ਸ਼੍ਰੀ ਰਣਜੋਤ ਸਿੰਘ ਕਾਂਝਲਾ ਵੱਲੋਂ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਗਈ। ਇਸ ਕੈਂਪ ਵਿੱਚ ਡਾ: ਅਰੁਣ ਕੁਮਾਰ ਸੰਯੁਕਤ ਡਾਇਰੈਕਟਰ ਖੇਤੀਬਾੜੀ (ਹਜ) ਨੇ ਕਿਸਾਨਾਂ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਕਿ ਸਾਉਣੀ 2025 ਲਈ ਖਾਦਾਂ, ਬੀਜਾਂ ਅਤੇ ਕੀੜੇਮਾਰ ਦਵਾਈਆਂ ਦੇ ਸਰਕਾਰ ਵਲੋਂ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਬਿਜਾਈ ਸਮੇਂ ਕਿਸੇ ਵੀ ਖੇਤੀ ਇਨਪੁਟਸ ਦੀ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਅੱਜ ਦੀ ਖੇਤੀ ਬਹੁਤ ਹੀ ਸੂਝਬੂਝ ਦੀ ਖੇਤੀ ਹੈ। ਲਾਹੇਵੰਦ ਅਤੇ ਮਿਆਰੀ ਉਪਜ ਪ੍ਰਾਪਤ ਕਰਨ ਲਈ ਤਕਨੀਕੀ ਗਿਆਨ ਅਤੇ ਨਵੀਆਂ ਤਕਨੀਕਾਂ ਨਾਲ ਹਾਈਟੈਕ ਖੇਤੀ ਕਰਨੀ ਪੈਣੀ ਹੈ ਜਿਸ ਲਈ ਵਿਭਾਗ ਵਲੋਂ ਸਮੇਂ ਸਮੇਂ ਸਿਰ ਲਗਾਏ ਜਾਂਦੇ ਕਿਸਾਨ ਸਿਖਲਾਈ ਕੈਂਪਾਂ ਵਿੱਚ ਭਾਗ ਲੈਣਾ ਚਾਹੀਦਾ ਹੈ। ਫਸਲਾਂ ਤੋਂ ਵੱਧ ਝਾੜ ਲੈਣ ਦੇ ਨਾਲ ਨਾਲ ਸਾਨੂੰ ਕੁਦਰਤੀ ਸਾਧਨ ਜਿਵੇਂ ਕਿ ਵਾਤਾਵਰਣ,ਜਮੀਨ ਅਤੇ ਪਾਣੀ ਦੀ ਸੰਭਾਲ ਤੇ ਸੁਚੱਜੀ ਵਰਤੋਂ ਹਰ ਸੰਭਵ ਕੋਸ਼ਿਸ਼ ਕਰਨੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਜਲਦੀ ਹੀ ਪੰਜਾਬ ਸਰਕਾਰ ਵਲੋਂ ਫਸਲੀ ਵਿਭਿੰਨਤਾ ਤਹਿਤ ਤਜਵੀਜ਼ ਬਣਾ ਕੇ ਭਾਰਤ ਸਰਕਾਰ ਨੂੰ ਭੇਜੀ ਜਾ ਰਹੀ ਹੈ ਜਿਸ ਤਹਿਤ ਵਧੀਆ ਮੰਡੀਕਰਨ ਤੇ ਕਿਸਾਨਾਂ ਨੂੰ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਫਸਲੀ ਵਿਭਿੰਨਤਾ ਵਾਲੀਆਂ ਫਸਲਾਂ ਬੀਜਣ ਵਾਲੇ ਕਿਸਾਨਾਂ ਲਈ ਆਤਮਾ ਸਕੀਮ ਤਹਿਤ ਕਿਸਾਨ ਹੱਟ ਖੋਲ੍ਹੀਆਂ ਜਾ ਰਹੀਆਂ ਹਨ ਜਿਥੇ ਕਿਸਾਨ ਆਪਣੀ ਉਪਜ ਸਿੱਧੇ ਤੌਰ ਤੇ ਖਪਤਕਾਰ ਨੂੰ ਵੇਚ ਕੇ ਲਾਭ ਲੈ ਸਕਦਾ ਹੈ। ਇਸੇ ਤਰ੍ਹਾਂ ਜੇ ਕੋਈ ਕਿਸਾਨ ਐਕਸਪੋਜਰ ਵਿਜਿਟ ਤੇ ਜਾਣਾ ਚਾਹੁੰਦਾ ਹੋਵੇ ਤਾਂ ਸਬੰਧਤ ਖੇਤੀਬਾੜੀ ਦਫਤਰ ਨਾਲ ਤਾਲਮੇਲ ਕੀਤਾ ਜਾ ਸਕਦਾ ਹੈ। ਮੁੱਖ ਖੇਤੀਬਾੜੀ ਅਫਸਰ ਡਾ: ਧਰਮਿੰਦਰਜੀਤ ਸਿੰਘ ਸਿੱਧੂ ਵਲੋ ਵਿਭਾਗ ਵਲੋਂ ਕੀਤੀ ਜਾ ਰਹੀ ਕਾਰਗੁਜ਼ਾਰੀ ਬਾਰੇ ਸੰਖੇਪ ਜਾਣਕਾਰੀ ਦਿੰਦਿਆਂ ਕਿਸਾਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਫਸਲਾਂ ਦੀ ਰਹਿੰਦ ਖੂੰਹਦ ਨੂੰ ਅੱਗ ਨਾ ਲਾਉਣ ਕਿਉਂਕਿ ਇਸ ਨਾਲ ਜਿਥੇ ਧਰਤੀ ਦੀ ਉਪਜਾਊ ਸ਼ਕਤੀ ਵਧੇਗੀ ਉਥੇ ਪ੍ਰਦੂਸ਼ਣ ਘਟਾਉਣ 'ਚ ਵੀ ਸਹਾਈ ਹੋਵੇਗਾ ਤੇ ਜ਼ਮੀਨ ਦੀ ਸਿਹਤ ਸੁਧਾਰ ਵਿੱਚ ਵਾਧਾ ਹੋਵੇਗਾ। ਖਾਦਾਂ ਦੀ ਵਰਤੋਂ ਬਾਰੇ ਕਿਸਾਨਾਂ ਨੂੰ ਜਾਗਰੂਕ ਕਰਦੇ ਹੋਏ ਦੱਸਿਆ ਕਿ ਜਿਲ੍ਹੇ ਵਿੱਚ ਚੱਲ ਰਹੀ ਭੋਂ ਪਰਖ ਪ੍ਰਯੋਗਸ਼ਾਲਾ ਸੰਗਰੂਰ ਵਿਚੋਂ ਮਿੱਟੀ ਟੈਸਟ ਕਰਾਉਣ ਉਪਰੰਤ ਹੀ ਰਿਪੋਰਟ ਦੇ ਅਧਾਰ ਤੇ ਜ਼ਰੂਰਤ ਅਨੁਸਾਰ ਖਾਦਾਂ ਦੀ ਵਰਤੋਂ ਕੀਤੀ ਜਾਵੇ ਤਾਂਕਿ ਵਾਧੂ ਖਰਚਿਆਂ ਤੋਂ ਬਚਿਆ ਜਾ ਸਕੇ। ਡਾ: ਅਮਰਜੀਤ ਸਿੰਘ ਖੇਤੀਬਾੜੀ ਅਫਸਰ ਸੰਗਰੂਰ ਵਲੋਂ ਮੰਚ ਦਾ ਸਫਲ ਸੰਚਾਲਨ ਕੀਤਾ ਅਤੇ ਨਾਲ ਹੀ ਨਾਲ ਉਨ੍ਹਾਂ ਕਿਸਾਨਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਕਿਸੇ ਵੀ ਖੇਤੀ ਇਨਪੁਟਸ ਜਿਵੇਂ ਬੀਜ, ਖਾਦ, ਕੀੜੇਮਾਰ ਦਵਾਈਆਂ ਦੀ ਖਰੀਦ ਸਮੇਂ ਵਿਕਰੇਤਾ ਪਾਸੋਂ ਪੱਕਾ ਬਿਲ ਜ਼ਰੂਰ ਲਿਆ ਜਾਵੇ ਤਾਂ ਕਿ ਬਾਦ ਵਿੱਚ ਕੋਈ ਮੁਸ਼ਕਲ ਨਾ ਆਏ। ਪਾਣੀ ਦੀ ਬੱਚਤ ਅਤੇ ਖੇਤੀ ਖਰਚ ਘਟਾਉਣ ਦੇ ਮੰਤਵ ਨਾਲ ਉਨ੍ਹਾਂ ਕਿਸਾਨਾਂ ਨੂੰ ਝੋਨੇ ਦੀ ਪਨੀਰੀ ਦੀ ਲਵਾਈ ਅਤੇ ਬਿਜਾਈ ਸਰਕਾਰ ਵਲੋਂ ਪ੍ਰਾਪਤ ਦਿਸ਼ਾ ਨਿਰਦੇਸ਼ ਅਨੁਸਾਰ ਕਰਨ ਲਈ ਪ੍ਰੇਰਿਤ ਕੀਤਾ। ਤਕਨੀਕੀ ਸੈਸ਼ਨ ਦੌਰਾਨ ਪੀਏਯੂ ਤੇ ਖੇਤੀ ਵਿਭਾਗ ਦੇ ਮਾਹਿਰਾਂ ਵਲੋਂ ਭਰਪੂਰ ਜਾਣਕਾਰੀ ਦਿੱਤੀ ਗਈ ਜਿਨ੍ਹਾਂ ਵਿੱਚ ਕੇ ਵੀ ਕੇ ਤੋਂ ਡਾ: ਮਨਦੀਪ ਸਿੰਘ ਇੰਚਾਰਜ ਕੇ ਵੀ ਕੇ ਖੇੜੀ ਵਲੋਂ ਕੇ ਵੀ ਕੇ ਵਲੋਂ ਸਮੇਂ ਸਮੇਂ ਤੇ ਚਲਾਈਆਂ ਜਾਣ ਵਾਲੀਆਂ ਟ੍ਰੇਨਿੰਗਾਂ ਅਤੇ ਸੁਧਰੇ ਬੀਜਾਂ ਦੀਆਂ ਮਹੱਤਤਾ ਬਾਰੇ ਦੱਸਿਆ। ਡਾ:ਗੁਰਵੀਰ ਕੌਰ ਨੇ ਸਾਉਣੀ ਦੀਆਂ ਫਸਲਾਂ ਤੇ ਕੀੜੇ ਮਕੌੜਿਆਂ ਤੇ ਬਿਮਾਰੀਆਂ ਤੋਂ ਬਚਾਅ ਬਾਰੇ, ਡਾ: ਸੁਨੀਲ ਕੁਮਾਰ ਵਲੋਂ ਖੇਤੀ ਮਸ਼ੀਨਰੀ ਦੀ ਸਾਂਭ ਸੰਭਾਲ ਅਤੇ ਸੁਚੱਜੀ ਵਰਤੋਂ ਅਤੇ ਡਾ: ਰੁਕਿੰਦਰਪ੍ਰੀਤ ਸਿੰਘ ਧਾਲੀਵਾਲ ਨੇ ਸਾਉਣੀ ਦੀਆਂ ਫਸਲਾਂ ਲਈ ਸੁਧਰੇ ਬੀਜਾਂ ਅਤੇ ਖੇਤ ਦੇ ਕਾਸ਼ਤਕਾਰੀ ਢੰਗਾਂ ਬਾਰੇ, ਫਾਰਮ ਸਲਾਹਕਾਰ ਸੇਵਾ ਕੇਂਦਰ ਤੋਂ ਸਹਾਇਕ ਪ੍ਰੋਫੈਸਰ ਡਾ:ਅਸ਼ੋਕ ਕੁਮਾਰ ਨੇ ਮਿੱਟੀ/ਪਾਣੀ ਪਰਖ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਡਾ: ਚਰਨਜੀਤ ਸਿੰਘ ਡਿਪਟੀ ਡਾਇਰੈਕਟਰ ਡੇਅਰੀ ਅਤੇ ਡਾ: ਸੁਖਵਿੰਦਰ ਸਿੰਘ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਵਲੋਂ ਪਸ਼ੂਆਂ ਵਿੱਚ ਪ੍ਰਚੱਲਿਤ ਬਿਮਾਰੀਆਂ, ਢੁੱਕਵੇਂ ਇਲਾਜ ਅਤੇ ਵੈਕਸੀਨ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਵੱਖ ਵੱਖ ਸਰਕਾਰੀ ਵਿਭਾਗਾਂ ਵਲੋਂ ਪ੍ਰਭਾਵਸ਼ਾਲੀ ਪ੍ਰਦਰਸ਼ਨੀਆਂ ਵੀ ਲਗਾਈਆਂ ਗਈਆਂ। ਕੈਂਪ ਵਿੱਚ ਕਿਸਾਨਾਂ ਦੀਆਂ ਸਮੱਸਿਆਵਾਂ ਤੇ ਪ੍ਰਸ਼ਨਾਂ ਦੇ ਢੁਕਵੇਂ ਜਵਾਬ ਮਾਹਿਰਾਂ ਵਲੋਂ ਮੌਕੇ ਤੇ ਦਿੱਤੇ ਗਏ। ਇਸ ਮੌਕੇ ਮੁੱਖ ਮਹਿਮਾਨਾਂ ਵੱਲੋਂ ਖੇਤੀ ਅਤੇ ਖੇਤੀ ਦੇ ਨਾਲ ਨਾਲ ਸਹਾਇਕ ਧੰਦੇ ਅਪਨਾਉਣ ਵਾਲੇ 42 ਕਿਸਾਨਾਂ/ਕਿਸਾਨ ਬੀਬੀਆਂ ਅਤੇ ਸੈਲਫ ਹੈਲਪ ਗਰੁੱਪਾਂ ਨੂੰ ਸਨਮਾਨਿਤ ਕੀਤਾ ਗਿਆ।

ਇਸ ਕੈਂਪ ਵਿੱਚ ਵੱਡੀ ਗਿਣਤੀ ਵੱਲੋਂ ਕਿਸਾਨਾਂ ਨੇਂ ਸ਼ਮੂਲੀਅਤ ਕੀਤੀ। ਅੰਤ ਵਿੱਚ ਮੁੱਖ ਖੇਤੀਬਾੜੀ ਅਫਸਰ, ਸੰਗਰੂਰ ਵੱਲੋਂ ਸਮੂਹ ਕਿਸਾਨਾਂ/ਕਿਸਾਨ ਬੀਬੀਆਂ, ਸੈਲਫ ਹੈਲਪ ਗਰੁੱਪਾਂ, ਪ੍ਰੈਸ ਰਿਪੋਟਰਾਂ ਅਤੇ ਸਮੂਹ ਸਟਾਫ ਦਾ ਕੈਂਪ ਦੇ ਸਫਲ ਆਯੋਜਨ ਲਈ ਧੰਨਵਾਦ ਕੀਤਾ ।

# ਭੱਖਦੇ ਅੰਗਾਰਾ ਨੂੰ ਗਿਆਨ ਦੇ ਬਾਲਣ ਦੀ ਲੋੜ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 17 ਅਪਰੈਲ
INTERNATIONAL PAPER, 94636 01616
hardipchumber57@gmail.com



ਕੇਵਲ ਸਿੰਘ ਕਾਲਝਰਾਣੀ
ਪਿੰਡ ਕਾਲਝਰਾਣੀ ਜਿਲ੍ਹਾ ਬਠਿੰਡਾ
9915614777

ਨੌਜਵਾਨ ਕਿਸੇ ਵੀ ਸਮਾਜ ਦਾ ਸਭ ਤੋਂ ਊਰਜਾਵਾਨ ਅਤੇ ਗਤੀਸ਼ੀਲ ਹਿੱਸਾ ਹੁੰਦੇ ਹਨ। ਉਹਨਾਂ ਵਿੱਚ ਨਵੀਨਤਾ, ਸੁਨਿਹਰੀ ਸੁਪਨੇ, ਅਤੇ ਬਦਲਾਅ ਲਿਆਉਣ ਦੇ ਜਜ਼ਬੇ ਦੀ ਸ਼ਕਤੀ ਹੁੰਦੀ ਹੈ। ਇਹ ਉਹ ਉਮਰ ਹੈ ਜਦੋਂ ਮਨੁੱਖ ਦੀ ਸੋਚ ਸਭ ਤੋਂ ਵੱਧ ਖੁੱਲ੍ਹੀ ਅਤੇ ਪ੍ਰਭਾਵਿਤ ਹੁੰਦੀ ਹੈ। ਨੌਜਵਾਨਾਂ ਦੀ ਇਹ ਊਰਜਾ ਜੇਕਰ ਸਹੀ ਦਿਸ਼ਾ ਵਿੱਚ ਲਗਾਈ ਜਾਵੇ, ਤਾਂ ਇਹ ਸਮਾਜ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆ ਸਕਦੀ ਹੈ। ਪਰ ਜੇਕਰ ਇਸ ਊਰਜਾ ਨੂੰ ਸਹੀ ਗਿਆਨ ਰੂਪੀ ਬਾਲਣ ਨਾ ਮਿਲੇ, ਤਾਂ ਇਹ ਆਪਣੇ ਰਸਤੇ ਤੋ ਭਟਕ ਕੇ ਗਲਤ ਦਿਸ਼ਾ ਵੱਲ ਵੀ ਜਾ ਸਕਦੇ ਨੇ। ਨੌਜਵਾਨਾਂ ਦੀ ਨਵੀਂ ਸੋਚ ਸਮਾਜ ਦੀ ਪ੍ਰਗਤੀ ਲਈ ਬਹੁਤ ਹੀ ਮਹੱਤਵਪੂਰਨ ਹੈ। ਉਹ ਪੁਰਾਣੀਆ ਰਵਾਇਤਾਂ ਅਤੇ ਰੂੜ੍ਹੀਵਾਦੀ ਸੋਚ ਨੂੰ ਚੁਣੌਤੀ ਦੇ ਕੇ ਨਵੇਂ ਵਿਚਾਰ ਅਤੇ ਤਕਨੀਕਾਂ ਨਾਲ ਸਮਾਜ ਨੂੰ ਅੱਗੇ ਲੈ ਜਾ ਸਕਦੇ ਹਨ।ਕਈ ਵਾਰ ਨੌਜਵਾਨ ਗਲਤ ਮਾਹੌਲ ਜਾਂ ਗਲਤ ਸਾਥ ਦੇ ਕਾਰਨ ਉਲਝਣ ਵਿੱਚ ਪੈ ਜਾਂਦੇ ਹਨ। ਉਨ੍ਹਾਂ ਨੂੰ ਸਹੀ ਰਾਹ ਦਿਖਾਉਣ ਲਈ ਮਾਪੇ, ਅਧਿਆਪਕ, ਅਤੇ ਸਮਾਜ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੁੰਦੀ ਹੈ। ਉਨ੍ਹਾਂ ਨੂੰ ਆਪਣੇ ਏਮ ਪਛਾਨਣ ਅਤੇ ਉਨ੍ਹਾਂ ਵੱਲ ਦ੍ਰਿੜ ਰਹਿਣ ਦੀ ਪ੍ਰੇਰਣਾ ਦੇਣੀ ਚਾਹੀਦੀ ਹੈ। ਵਿਅਕਤੀਗਤ ਤੌਰ 'ਤੇ, ਨੌਜਵਾਨਾਂ ਨੂੰ ਵੀ ਚੰਗੇ ਲੋਕਾਂ ਦੀ ਸੰਗਤ ਚੁਣਨੀ ਚਾਹੀਦੀ ਹੈ ਅਤੇ ਆਪਣੇ ਜੀਵਨ ਦਾ ਇੱਕ ਆਦਰਸ਼ ਨਿਰਧਾਰਿਤ ਕਰਨਾ ਚਾਹੀਦਾ ਹੈ।

ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਦੇਣ ਲਈ ਸਮਾਜ ਸੁਧਾਰਕ ਸੋਚ ਦੀ ਲੋੜ ਹੈ। ਸਮਾਜ ਸੁਧਾਰਕ ਸੋਚ ਉਹ ਬਾਲਣ ਹੈ ਜੋ ਨੌਜਵਾਨਾਂ ਦੀ ਅੱਗ ਨੂੰ ਸਹੀ ਰਾਹ 'ਤੇ ਲੈ ਜਾਂਦਾ ਹੈ। ਇਹ ਸੋਚ ਸਮਾਜ ਵਿੱਚ ਨਿਆਂ, ਸਮਾਨਤਾ, ਅਤੇ ਮਨੁੱਖਤਾ ਦੇ ਮੁੱਲਾਂ ਨੂੰ ਪ੍ਰੋਤਸਾਹਿਤ ਕਰਦੀ ਹੈ। ਇਹ ਨੌਜਵਾਨਾਂ ਨੂੰ ਸਿਰਫ਼ ਆਪਣੇ ਲਾਭ ਲਈ ਨਹੀਂ, ਸਗੋਂ ਸਮਾਜ ਦੇ ਲਾਭ ਲਈ ਕੰਮ ਕਰਨ ਲਈ ਪ੍ਰੇਰਿਤ ਕਰਦੀ ਹੈ।ਸਮਾਜ ਸੁਧਾਰਕ ਸੋਚ ਦਾ ਮਤਲਬ ਹੈ ਸਮਾਜ ਵਿੱਚ ਮੌਜੂਦ ਗਲਤੀਆਂ ਅਤੇ ਅਸਮਾਨਤਾਵਾਂ ਨੂੰ ਪਛਾਣ ਕੇ ਉਨ੍ਹਾਂ ਨੂੰ ਦੂਰ ਕਰਨ ਦੀ ਕੋਸ਼ਿਸ਼ ਕਰਨਾ। ਇਸ ਵਿੱਚ ਸਿੱਖਿਆ, ਸਿਹਤ, ਲਿੰਗ ਸਮਾਨਤਾ, ਨਸ਼ੇ ਦਾ ਕੋਹੜ ,ਇਲਾਕੇ ਦਾ ਵਿਕਾਸ ,ਕੁਦਰਤੀ ਸਰੋਤਾਂ ਦੀ ਸੰਭਾਲ,ਮਿੱਟੀ ,ਪਾਣੀ ,ਹਵਾ ਨੂੰ ਜਹਰੀਲਾ ਹੋਣ ਤੇ ਬਚਾਉਣਾ ਅਤੇ ਸਮਾਜਿਕ ਕੁਰੀਤੀਆਂ ਅਤੇ ਸਮਾਜਿਕ ਨਿਆਂ ਵਰਗੇ ਮੁੱਦੇ ਸ਼ਾਮਲ ਹਨ। ਜਦੋਂ ਨੌਜਵਾਨ ਇਨ੍ਹਾਂ ਮੁੱਦਿਆਂ 'ਤੇ ਆਪਣੀ ਨਵੀਂ ਸੋਚ ਅਤੇ ਆਪਣੇ ਅੰਦਰ ਉਬਾਲੇ ਮਾਰਦੇ ਜਜ਼ਬੇ ਨੂੰ ਇੱਕ ਸ਼ਕਤੀ ਦਾ ਰੂਪ ਦਿੰਦੇ ਨੇ, ਤਾਂ ਸਮਾਜ ਵਿੱਚ ਸਕਾਰਾਤਮਕ ਬਦਲਾਅ ਆਉਂਦਾ ਹੈ।

